**ਸੂਚਨਾ**

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੰਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)**
**ਮੋ: 86995-69067**

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch
www.youtube.com/AzadSoch

ਸੰਗਰੂਰ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website :
www.azadsoch.in
Mail Us at :
azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 35 | ਅੰਕ (Vol. ) 105 | ਮੁੱਲ (Rate) 01.00 ਰੁਪਏ | Friday 1 May, 2026 | ਸ਼ੁੱਕਰਵਾਰ 1 ਮਈ , 2026

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ

## ਕਿਸਾਨਾਂ ਨੂੰ ਸਿੰਚਾਈ ਲਈ ਕੋਈ ਕਮੀ ਨਹੀਂ ਆਵੇਗੀ, ਨਹਿਰਾਂ ਵਿੱਚ ਦੋ ਭਾਖੜਾ ਨਹਿਰਾਂ ਦੇ ਬਰਾਬਰ ਪਾਣੀ ਛੱਡਿਆ ਜਾ ਚੁੱਕਾ : ਮੁੱਖ ਮੰਤਰੀ ਭਗਵੰਤ ਮਾਨ

**ਆਜ਼ਾਦ ਸੋਚ ਬਿਊਰੋ**
**ਸੰਗਰੂਰ, 30 ਅਪ੍ਰੈਲ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਟਿਕਾਊ ਖੇਤੀ ਅਤੇ ਲੰਮੇ ਸਮੇਂ ਤੱਕ ਪਾਣੀ ਦੀ ਸੰਭਾਲ ਲਈ ਵਿਆਪਕ ਤੌਰ 'ਤੇ ਰੂਪ ਰੇਖਾ ਦਾ ਖੁਲਾਸਾ ਕਰਦਿਆਂ ਪੰਜਾਬ ਦੇ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਤੋਂ ਨਿਰਭਰਤਾ ਘਟਾ ਕੇ ਨਹਿਰੀ ਪਾਣੀ ਦੀ ਸਿੰਚਾਈ ਵੱਲ ਮੁੜਨ ਦਾ ਸੱਦਾ ਦਿੱਤਾ।

ਆਪਣੇ ਜੱਦੀ ਪਿੰਡ ਸਤੌਜ ਦੇ ਦੌਰੇ ਦੌਰਾਨ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਪੰਜਾਬ ਦਾ ਭਵਿੱਖ ਇਸ ਦੇ ਜਲ ਸਰੋਤਾਂ ਨਾਲ ਅਟੁੱਟ ਰੂਪ ਵਿੱਚ ਜੁੜਿਆ ਹੋਇਆ ਹੈ ਅਤੇ ਇਨ੍ਹਾਂ ਨੂੰ ਸੁਰੱਖਿਅਤ ਰੱਖਣਾ ਬਹੁਤ ਜਰੂਰੀ ਹੈ ਅਤੇ ਇਸ ਲਈ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦਾ ਵਜੂਦ ਸੁਭਾਵਿਕ ਤੌਰ 'ਤੇ ਇਸ ਦੇ ਪਾਣੀਆਂ ਨਾਲ ਜੁੜਿਆ ਹੋਇਆ ਹੈ ਅਤੇ ਇਸ ਨੂੰ ਮਹਿਫੂਜ਼ ਰੱਖਣਾ ਸਿਰਫ ਨੀਤੀਗਤ ਤਰਜੀਹ ਨਹੀਂ ਸਗੋਂ ਨੈਤਿਕ ਜ਼ਿੰਮੇਵਾਰੀ ਵੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਝੋਨੇ ਦੇ ਸੀਜਨ ਲਈ ਇਕ ਮਈ ਤੋਂ ਹੀ ਨਹਿਰੀ ਪਾਣੀ ਦਿੱਤਾ ਜਾਵੇਗਾ, ਜੋ ਕਿ ਰਵਾਇਤੀ ਸਿੰਚਾਈ ਸਮਾਂ-ਸਾਰਣੀ ਤੋਂ ਮਹੱਤਵਪੂਰਨ ਤਬਦੀਲੀ ਹੈ।

ਉਨ੍ਹਾਂ ਅੱਗੇ ਕਿਹਾ, "ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਝੋਨੇ ਦੀ ਬਿਜਾਈ ਦੇ ਸੀਜਨ ਤੋਂ ਪਹਿਲਾਂ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਇਕ ਮਈ ਤੋਂ ਨਹਿਰੀ ਪਾਣੀ ਛੱਡਿਆ ਜਾ ਰਿਹਾ ਹੈ।" ਇਸ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਲਦ ਹੀ ਸਿੰਚਾਈ ਦੀ ਸਹੂਲਤ ਲਈ ਨਹਿਰਾਂ ਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਪਹਿਲਾਂ ਹੀ ਛੱਡਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ, "ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਪਾਣੀ ਦੀ ਇੱਕ-ਇੱਕ ਬੂੰਦ ਨੂੰ ਸੁਰੱਖਿਅਤ ਰੱਖਿਆ ਜਾਵੇ ਅਤੇ ਸੁਚੱਜੇ ਢੰਗ ਨਾਲ ਵਰਤਿਆ ਜਾਵੇ।"

ਪੰਜਾਬ ਦੇ ਪਾਣੀਆਂ 'ਤੇ ਹੱਕ ਦੀ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਨੇ ਨਾ ਤਾਂ ਦੂਜੇ ਸੂਬਿਆਂ ਨਾਲ ਪਾਣੀਆਂ 'ਤੇ ਕੋਈ ਸਮਝੌਤਾ ਕੀਤਾ ਹੈ ਅਤੇ ਨਾ ਹੀ ਪਾਕਿਸਤਾਨ ਵੱਲ ਪਾਣੀ ਜਾਣ ਦਿੱਤਾ ਹੈ ਤਾਂ ਕਿ ਸਾਰਾ ਪਾਣੀ ਸਾਡੇ ਕਿਸਾਨਾਂ ਦੇ ਹਿੱਤ ਲਈ ਵਰਤਿਆ ਜਾਵੇ।" ਉਨ੍ਹਾਂ ਨੇ ਦਹਾਕਿਆਂ ਤੋਂ ਲਗਾਤਾਰ ਜ਼ਿਆਦਾ ਪਾਣੀ ਧਰਤੀ ਹੇਠੋਂ ਕੱਢਣ ਨਾਲ ਚਿੰਤਾਜਨਕ ਪੱਧਰ ਤੱਕ ਪਾਣੀ ਘਟਣ ਦੀ ਚੁਣੌਤੀ ਪੈਦਾ ਹੋਈ ਹੈ ਅਤੇ ਇਸ ਲਈ ਪਹੁੰਚ ਵਿੱਚ ਤੁਰੰਤ ਤਬਦੀਲੀ ਦੀ ਲੋੜ 'ਤੇ ਜੋਰ ਦਿੱਤਾ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰੁਪਏ ਖਰਚ ਕੀਤੇ ਗਏ ਹਨ ਜਿਸ ਤਹਿਤ ਪਾਣੀ ਦੀ ਸੁਚੱਜੀ ਵੰਡ ਨੂੰ ਯਕੀਨੀ ਬਣਾਉਣ ਅਤੇ ਨੁਕਸਾਨ ਨੂੰ ਘੱਟ ਕਰਨ ਲਈ ਲਗਭਗ 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ ਅਤੇ ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ।" ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੇ ਮੌਜੂਦਾ ਸੀਜਨ ਤੋਂ ਪਹਿਲਾਂ 4,000 ਕਿਲੋਮੀਟਰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਦੋ ਭਾਖੜਾ ਨਹਿਰਾਂ ਦੇ ਬਰਾਬਰ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਕਾਫੀ ਘਟ ਜਾਵੇਗੀ।" ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲ ਤਹਿਤ ਸਮਰਪਿਤ ਯੋਜਨਾਵਾਂ ਰਾਹੀਂ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ

**• ਅਗਲੀਆਂ ਪੀੜ੍ਹੀਆਂ ਲਈ ਧਰਤੀ ਹੇਠਲਾ ਪਾਣੀ ਬਚਾਉਣਾ ਜ਼ਰੂਰੀ, ਕਿਸਾਨਾਂ ਨੂੰ ਫਸਲਾਂ ਪਾਲਣ ਲਈ ਟਿਊਬਵੈੱਲਾਂ ਦੀ ਬਜਾਏ ਨਹਿਰੀ ਪਾਣੀ ਵਰਤਣਾ ਚਾਹੀਦਾ-ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਬੇਅਦਬੀ ਵਿਰੋਧੀ ਕਾਨੂੰਨ ਬਣ ਚੁੱਕਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲੇ ਉਮਰ ਕੈਦ ਦਾ ਸਾਹਮਣਾ ਕਰਨਾ ਪਵੇਗਾ-ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਪੰਜਾਬ ਅਤੇ ਦੇਸ਼ ਦੇ ਸਿਆਸੀ ਹਾਲਾਤ ਦਾ ਮਸਲਾ ਉਠਾਉਣ ਲਈ 5 ਮਈ ਨੂੰ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ ਜਾਵੇਗੀ-ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਜੱਦੀ ਪਿੰਡ ਵਿੱਚ ਲੋਕਾਂ ਨਾਲ ਗੱਲਬਾਤ ਕੀਤੀ, ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਦਾ ਭਰੋਸਾ**

ਕਿਸਾਨਾਂ ਨੂੰ ਟਿਊਬਵੈੱਲਾਂ 'ਤੇ ਨਿਰਭਰਤਾ ਘਟਾਉਣ ਦੀ ਅਪੀਲ ਕਰਦਿਆਂ ਕਿਹਾ "ਧਰਤੀ ਹੇਠਲਾ ਪਾਣੀ ਇੱਕ ਕੀਮਤੀ ਅਤੇ ਸੀਮਤ ਸਰੋਤ ਹੈ ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੀਦਾ ਹੈ। ਆਪਣੀ ਸੋਚ ਵਿੱਚ ਸਮੂਹਿਕ ਤਬਦੀਲੀ ਲਿਆਉਣ ਦਾ ਸਮਾਂ ਆ ਗਿਆ ਹੈ। ਨਹਿਰੀ ਪਾਣੀ ਸਿਰਫ ਬਦਲ ਨਹੀਂ ਹੈ, ਇਹ ਪੰਜਾਬ ਦੀ ਖੇਤੀਬਾੜੀ ਦਾ ਭਵਿੱਖ ਹੈ।"

ਸਰਕਾਰ ਦੇ ਯਤਨਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਰਚ, 2026 ਤੋਂ ਲੈ ਕੇ ਹੁਣ ਤੱਕ ਸੂਬੇ ਭਰ ਵਿੱਚ ਸਿੰਚਾਈ ਪ੍ਰੋਜੈਕਟਾਂ 'ਤੇ 6,700 ਕਰੋੜ ਹੋਰ ਖਾਲੇ ਅਤੇ 3,000 ਕਿਲੋਮੀਟਰ ਪਾਈਪਲਾਈਨਾਂ ਕਾਰਜਸੀਲ ਹੋ ਜਾਣਗੀਆਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "21,000 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਨਾਲ ਇਨ੍ਹਾਂ ਪ੍ਰਣਾਲੀਆਂ ਦੀ ਪਰਖ ਕਰਨ, ਰੁਕਾਵਟਾਂ ਦੀ ਪਛਾਣ ਕਰਨ ਅਤੇ ਕਮੀਆਂ ਨੂੰ ਦੂਰ ਕਰਨ ਵਿੱਚ ਵੀ ਮਦਦ ਮਿਲੇਗੀ। ਇਸ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ 'ਤੇ ਵਿਕਸਿਤ ਕੀਤਾ ਗਿਆ ਹੈ ਅਤੇ ਇਹ ਪੰਜਾਬ ਦੇ ਸਿੰਚਾਈ ਨੈੱਟਵਰਕ ਨੂੰ ਆਧੁਨਿਕ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।"

ਇਸ ਢਾਂਚੇ ਦੀ ਵਿਆਪਕਤਾ ਨੂੰ ਚੁੱਕਣ ਵਿੱਚ ਸਹਾਇਤਾ ਮਿਲੇਗੀ ਜਿਸ ਨਾਲ ਲੰਬੇ ਸਮੇਂ ਦੀ ਸਥਿਰਤਾ ਨੂੰ ਯਕੀਨੀ ਬਣਾਇਆ ਜਾ ਸਕੇਗਾ।

ਉਨ੍ਹਾਂ ਕਿਹਾ, "ਇਹ ਸਿਰਫ ਮੌਜੂਦਾ ਫਸਲੀ ਚੱਕਰ ਬਾਰੇ ਨਹੀਂ ਹੈ ਸਗੋਂ ਇਹ ਪੰਜਾਬ ਦੀ ਖੇਤੀਬਾੜੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਇਹ ਯਕੀਨੀ ਬਣਾਉਣ ਬਾਰੇ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਸਥਾਈ ਈਕੋਸਿਸਟਮ ਬਰਕਰਾਰ ਰੱਖਿਆ ਜਾ ਸਕੇ।"

ਮੁੱਖ ਮੰਤਰੀ ਨੇ ਕਿਹਾ, "ਇਹ ਮੇਰਾ ਪਿੰਡ ਅਤੇ ਮੇਰੇ ਆਪਣੇ ਲੋਕ ਹਨ। ਮੈਂ ਇੱਥੇ ਸਾਰਿਆਂ ਨੂੰ ਨਿੱਜੀ ਤੌਰ 'ਤੇ ਜਾਣਦਾ ਹਾਂ ਅਤੇ ਇਹ ਇਸ ਫੇਰੀ ਨੂੰ ਹੋਰ ਵੀ ਖਾਸ ਬਣਾਉਂਦਾ ਹੈ।" ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸਿੱਧੀ ਅਪੀਲ ਕਰਦਿਆਂ ਕਿਹਾ, "ਟਿਊਬਵੈੱਲਾਂ ਰਾਹੀਂ ਜ਼ਿਆਦਾ ਜਮੀਨੀ ਪਾਣੀ ਨਾ ਕੱਢੋ। ਅੱਜ ਬਚਾਈ ਗਈ ਹਰ ਬੂੰਦ ਸਾਡੇ ਭਵਿੱਖ ਦੀ ਰਾਖੀ ਕਰੇਗੀ।"

ਹੋਰ ਉਪਾਵਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਹਿਰੀ ਨੈੱਟਵਰਕਾਂ ਦੇ ਨਾਲ-ਨਾਲ ਹਰ 20 ਮੀਟਰ ਦੇ ਅੰਤਰਾਲ 'ਤੇ ਰੀਚਾਰਜ ਪੁਆਇੰਟ ਸਥਾਪਤ ਕੀਤੇ ਗਏ ਹਨ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਭੰਡਾਰਾਂ ਦੀ ਕੁਦਰਤੀ ਤੌਰ 'ਤੇ ਭਰਪਾਈ ਵਿੱਚ ਮਦਦ ਮਿਲ ਸਕੇ।

ਵਿਧਾਨਕ ਸੰਦਰਭ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿੱਲ, 2026 ਦਾ ਪਾਸ ਹੋਣਾ ਇੱਕ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ, "ਇਸ ਕਾਨੂੰਨ ਤਹਿਤ ਬੇਅਦਬੀ ਲਈ ਸਖਤ ਸਜਾ ਨੂੰ ਯਕੀਨੀ ਬਣਾਈ ਗਈ ਹੈ ਜਿਸ ਨਾਲ ਇੱਕ ਸਪੱਸਟ ਸੰਦੇਸ ਮਿਲਦਾ ਹੈ ਕਿ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਕਰਨ ਦੀ ਕਿਸੇ ਵੀ ਕੋਸ਼ਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸਤ ਨਹੀਂ ਕੀਤਾ ਜਾਵੇਗਾ।" ਉਨ੍ਹਾਂ ਅੱਗੇ ਕਿਹਾ, "ਅਜਿਹੀਆਂ ਘਿਨਾਉਣੀਆਂ ਕਾਰਵਾਈਆਂ ਨਾ ਸਿਰਫ ਧਰਮ ਦੇ ਖਿਲਾਫ ਅਪਰਾਧ ਹਨ ਸਗੋਂ ਮਨੁੱਖਤਾ ਖਿਲਾਫ ਵੀ ਅਪਰਾਧ ਹਨ, ਜਿਨ੍ਹਾਂ ਦਾ ਉਦੇਸ ਅਕਸਰ ਸਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨਾ ਹੁੰਦਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਸਮਾਜ ਨੂੰ ਹਮੇਸ਼ਾ ਨੇਕੀ ਅਤੇ ਏਕਤਾ ਦੇ ਰਾਹ 'ਤੇ ਚੱਲਣ ਦੀ ਸੇਧ ਦਿੰਦੀਆਂ ਹਨ। ਉਨ੍ਹਾਂ ਕਿਹਾ, "ਇਸ ਕਾਨੂੰਨ ਦੇ ਲਾਗੂ ਹੋਣ ਨਾਲ ਦੋਸੀ ਪਾਏ ਜਾਣ ਵਾਲਿਆਂ ਨੂੰ ਮਿਸਾਲੀ ਸਜਾ ਮਿਲੇਗੀ। ਇਹ ਇੱਕ ਮਜਬੂਤ ਰੋਕਥਾਮ ਉਪਾਅ ਵਜੋਂ ਕੰਮ ਕਰੇਗਾ ਅਤੇ ਇਹ ਯਕੀਨੀ ਬਣਾਏਗਾ ਕਿ ਅਜਿਹੇ ਘਿਨਾਉਣੇ ਕੰਮ ਦੁਬਾਰਾ ਨਾ ਹੋਣ।"

ਇੱਕ ਹੋਰ ਵੱਡੇ ਸੁਧਾਰ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਖੇਤਾਂ ਵਿੱਚੋਂ ਲੰਘਦੀਆਂ ਹਾਈ-ਟੈਂਸਨ ਬਿਜਲੀ ਦੀਆਂ ਤਾਰਾਂ ਨੂੰ ਜਮੀਨਦੋਜ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ।" ਉਨ੍ਹਾਂ ਦੱਸਿਆ ਕਿ ਇਹ ਪ੍ਰਾਜੈਕਟ ਇਸ ਸਮੇਂ ਲਾਗੂਕਰਨ ਦੇ ਪੜਾਅ ਅਧੀਨ ਹੈ ਅਤੇ ਜਲਦ ਹੀ ਇੱਕ ਪਾਇਲਟ ਪ੍ਰਾਜੈਕਟ ਸੁਰੂ ਕੀਤਾ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਮਨੁੱਖੀ ਜੀਵਨ ਲਈ ਜ਼ੋਖਮ ਨੂੰ ਖਤਮ ਕਰੇਗਾ, ਫਸਲਾਂ ਦੇ ਨੁਕਸਾਨ ਨੂੰ ਰੋਕੇਗਾ ਅਤੇ ਖੇਤੀਬਾੜੀ ਕਾਰਜਾਂ ਵਿੱਚ ਇਹਨਾਂ ਤਾਰਾਂ ਕਾਰਨ ਪੈਦਾ ਹੋਣ ਵਾਲੀਆਂ ਰੁਕਾਵਟਾਂ ਨੂੰ ਦੂਰ ਕਰੇਗਾ। ਇਹ ਪ੍ਰਾਜੈਕਟ ਕਿਸਾਨਾਂ ਦੇ ਜੀਵਨ ਵਿੱਚ ਸਾਰਥਕ ਬਦਲਾਅ ਲਿਆਏਗਾ।" ਉਨ੍ਹਾਂ ਕਿਹਾ ਕਿ ਇਹ ਪਾਇਲਟ ਪ੍ਰਾਜੈਕਟ ਉਨ੍ਹਾਂ ਦੇ ਜੱਦੀ ਪਿੰਡ ਤੋਂ ਸੁਰੂ ਹੋਵੇਗਾ ਜਿਸ ਵਿੱਚ 2,000 ਏਕੜ ਵਿੱਚ ਫੈਲੇ ਲਗਭਗ 413 ਟਿਊਬਵੈੱਲ ਅਤੇ 1,100 ਬਿਜਲੀ ਦੇ ਖੰਭੇ ਸਾਮਲ ਹੋਣਗੇ।

ਵਿਆਪਕ ਦ੍ਰਿਸਟੀਕੋਣ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡਾ ਟੀਚਾ ਕਿਸਾਨਾਂ ਨੂੰ ਹੋਰ ਸਮਰੱਥ ਬਣਾਉਣਾ, ਕੁਦਰਤੀ ਸਰੋਤਾਂ ਦੀ ਸੰਭਾਲ ਕਰਨਾ ਅਤੇ ਖੁਸਹਾਲ ਪੰਜਾਬ ਸਿਰਜਣਾ ਹੈ। ਪੰਜਾਬ ਸਰਕਾਰ ਵੱਲੋਂ ਹਰ ਫੈਸਲਾ ਸਾਡੇ ਲੋਕਾਂ ਦੀ ਭਲਾਈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਬਿਹਤਰ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਲਿਆ ਗਿਆ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।"

## ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਦਾ ਪਰਦਾਫਾਸ਼; 4 ਕਿਲੋ ਹੈਰੋਇਨ ਤੇ ਚਾਰ ਪਿਸਤੌਲਾਂ ਸਮੇਤ ਦੋ ਕਾਬੂ

### ਗ੍ਰਿਫਤਾਰ ਦੋਸੀ ਸੋਸਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ: ਡੀਜੀਪੀ ਗੌਰਵ ਯਾਦਵ

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ, 30 ਅਪ੍ਰੈਲ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸਾ-ਨਿਰਦੇਸਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਨਸੀਲੇ ਪਦਾਰਥ ਅਤੇ ਹਥਿਆਰ ਤਸਕਰੀ ਮਾਡਿਊਲ ਨਾਲ ਸਬੰਧਤ ਦੋ ਮੁਲਜਮਾਂ ਨੂੰ 4.108 ਕਿਲੋਗ੍ਰਾਮ ਹੈਰੋਇਨ ਅਤੇ ਚਾਰ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।




ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਰਸਦੀਪ ਸਿੰਘ ਉਰਫ ਅਰਸ (21) ਵਾਸੀ ਪਿੰਡ ਲਹੂਕਾ, ਤਰਨ ਤਾਰਨ ਅਤੇ ਤਰਸੇਮ ਸਿੰਘ ਉਰਫ ਕੈਰੋਂ ਉਰਫ ਪਹਿਲਵਾਨ (31) ਵਾਸੀ ਮੁਹੱਲਾ ਜਸਵੰਤ ਸਿੰਘ ਨਗਰ, ਤਰਨ ਤਾਰਨ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਦੋ 9 ਐਮਐਮ ਗਲੌਕ (ਆਸਟਰੀਆ ਦੇ ਬਣੇ ਹੋਏ) ਅਤੇ ਦੋ .30 ਬੋਰ ਦੇ ਪਿਸਤੌਲ (ਚੀਨ ਦੇ ਬਣੇ ਹੋਏ) ਅਤੇ ਪੰਜ ਜਿੰਦਾ ਕਾਰਤੂਸ ਸਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜਮ ਸੋਸਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸੀਲੇ ਪਦਾਰਥਾਂ ਦੀ ਖੇਪ ਡਰੋਨ ਰਾਹੀਂ ਭੇਜੀ ਜਾਂਦੀ ਸੀ ਜਿਸ ਨੂੰ ਬਾਅਦ ਵਿੱਚ ਉਕਤ ਮੁਲਜਮਾਂ ਵੱਲੋਂ ਪ੍ਰਾਪਤ ਕਰਕੇ ਅੱਗੇ ਸਪਲਾਈ ਕੀਤਾ ਜਾਂਦਾ ਸੀ।

ਡੀਜੀਪੀ ਨੇ ਦੱਸਿਆ ਕਿ ਇਸ ਨੈੱਟਵਰਕ ਵਿੱਚ ਸਾਮਲ ਹੋਰ ਸਾਥੀਆਂ ਦੀ ਪਛਾਣ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਵਾਸਤੇ ਹੋਰ ਜਾਂਚ ਜਾਰੀ ਹੈ।

ਇਸ ਆਪਰੇਸਨ ਬਾਰੇ ਜਾਣਕਾਰੀ ਦਿੰਦਿਆਂ, ਕਮਿਸਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਆਪਰੇਸਨ ਦੌਰਾਨ, ਮੁਲਜਮ ਅਰਸਦੀਪ ਉਰਫ ਅਰਸ ਨੂੰ 2.6 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ। ਅਗਲੇਰੀ ਕਾਰਵਾਈ ਦੌਰਾਨ ਅਤੇ ਗ੍ਰਿਫਤਾਰ ਕੀਤੇ ਗਏ ਮੁਲਜਮ ਤੋਂ ਪੁੱਛਗਿੱਛ ਉਪਰੰਤ ਸਹਿ-ਮੁਲਜਮ ਤਰਸੇਮ ਉਰਫ ਕੈਰੋਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਅਤੇ ਉਸ ਦੇ ਕਬਜੇ ਵਿੱਚੋਂ 1.5 ਕਿਲੋਗ੍ਰਾਮ ਹੈਰੋਇਨ ਅਤੇ ਚਾਰ ਪਿਸਤੌਲ ਬਰਾਮਦ ਕੀਤੇ ਗਏ।

ਸੀਪੀ ਨੇ ਦੱਸਿਆ ਕਿ ਜਾਂਚ ਮੁਤਾਬਕ ਮੁਲਜਮ ਤਰਸੇਮ ਉਰਫ ਕੈਰੋਂ ਵਿਰੁੱਧ ਐਨਡੀਪੀਐਸ ਐਕਟ, ਆਰਮਜ ਐਕਟ, ਜੇਲ੍ਹ ਐਕਟ ਅਤੇ ਇਰਾਦਾ ਕਤਲ ਤਹਿਤ 16 ਅਪਰਾਧਿਕ ਮਾਮਲੇ ਦਰਜ ਹਨ ਅਤੇ ਉਹ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਕ੍ਰਿਸਨ ਜੰਡਿਆਲਾ ਜੋ ਇਸ ਸਮੇਂ ਵਿਦੇਸ ਵਿੱਚ ਰਹਿ ਰਿਹਾ ਹੈ, ਦਾ ਸਾਥੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਹ ਵੀ ਖੁਲਾਸਾ ਹੋਇਆ ਹੈ ਕਿ ਗੈਂਗਸਟਰ ਗੁਰਪ੍ਰੀਤ ਉਰਫ ਕ੍ਰਿਸਨ ਜੰਡਿਆਲਾ ਨੇ ਤਰਸੇਮ ਨੂੰ ਜਾਅਲੀ ਪਾਸਪੋਰਟ ਬਣਵਾਉਣ ਅਤੇ ਉਸਨੂੰ ਵਿਦੇਸ ਭੇਜਣ ਦਾ ਲਾਲਚ ਦੇ ਕੇ ਆਪਣੇ ਲਈ ਕੰਮ ਕਰਨ ਲਈ ਕਿਹਾ ਸੀ।

ਇਸ ਸਬੰਧੀ, ਐਫਆਈਆਰ ਨੰਬਰ 68 ਮਿਤੀ 26-04-2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21-ਬੀ, 21-ਸੀ ਅਤੇ 29 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਅੰਮ੍ਰਿਤਸਰ ਦੇ ਥਾਣਾ ਛਾਉਣੀ ਵਿਖੇ ਦਰਜ ਕੀਤੀ ਗਈ ਹੈ।

## ਹਾਈ ਕੋਰਟ ਨੇ ਕਰਿਸਮਾ ਕਪੂਰ ਦੇ ਬੱਚਿਆਂ ਦੀ ਪਟੀਸਨ 'ਤੇ ਜਾਇਦਾਦਾਂ ਨੂੰ ਸੁਰੱਖਿਅਤ ਰੱਖਣ ਦੇ ਹੁਕਮ ਦਿੱਤੇ

ਨਵੀਂ ਦਿੱਲੀ, 30 ਅਪ੍ਰੈਲ (ਆਜ਼ਾਦ ਸੋਚ ਬਿਊਰੋ) : ਦਿੱਲੀ ਹਾਈ ਕੋਰਟ ਨੇ ਵੀਰਵਾਰ ਨੂੰ ਮਰਹੂਮ ਉਦਯੋਗਪਤੀ ਸੰਜੇ ਕਪੂਰ ਦੀ ਜਾਇਦਾਦਾਂ ਨੂੰ ਸੁਰੱਖਿਅਤ ਰੱਖਣ ਦਾ ਹੁਕਮ ਦਿੱਤਾ ਹੈ। ਅਦਾਲਤ ਨੇ ਕਿਹਾ ਹੈ ਕਿ ਸੰਜੇ ਕਪੂਰ ਅਤੇ ਅਦਾਕਾਰਾ ਕਰਿਸਮਾ ਕਪੂਰ ਦੇ ਬੱਚਿਆਂ ਨੇ ਜਾਇਦਾਦ ਨੂੰ ਲੈ ਕੇ ਜੋ ਸ਼ੰਕੇ ਜਤਾਏ ਹਨ, ਉਨ੍ਹਾਂ ਦੀ ਪਹਿਲੀ ਪਤਨੀ ਪ੍ਰਿਆ ਕਪੂਰ ਨੂੰ ਉਹ ਸਾਰੇ ਸ਼ੰਕੇ ਦੂਰ ਕਰਨੇ ਪੈਣਗੇ। ਇਹ ਸਾਰੀਆਂ ਗੱਲਾਂ ਸਪਸਟ ਹੋਣ ਤੋਂ ਬਾਅਦ ਹੀ ਸੰਜੇ ਕਪੂਰ ਦੀ ਕਥਿਤ ਵਸੀਅਤ ਨੂੰ ਮਾਨਤਾ ਦਿੱਤੀ ਜਾਵੇਗੀ।



ਜਸਟਿਸ ਜਯੋਤੀ ਸਿੰਘ ਨੇ ਕਰਿਸਮਾ ਕਪੂਰ ਦੇ ਬੱਚਿਆਂ ਵੱਲੋਂ ਦਾਇਰ ਕੀਤੀ ਅਰਜੀ 'ਤੇ ਅੰਤਰਿਮ ਹੁਕਮ ਪਾਸ ਕੀਤੇ, ਜਿਸ ਵਿੱਚ ਪ੍ਰਿਆ ਕਪੂਰ ਨੂੰ ਉਨ੍ਹਾਂ (ਬੱਚਿਆਂ) ਦੇ ਪਿਤਾ ਦੀਆਂ ਜਾਇਦਾਦਾਂ (ਜਿਨ੍ਹਾਂ ਦੀ ਕੀਮਤ ਕਥਿਤ ਤੌਰ 'ਤੇ 30,000 ਕਰੋੜ ਰੁਪਏ ਦੱਸੀ ਗਈ ਹੈ) ਨੂੰ ਵੇਚਣ ਜਾਂ ਕਿਸੇ ਹੋਰ ਦੇ ਨਾਂ ਕਰਨ ਤੋਂ ਰੋਕਣ ਦੀ ਮੰਗ ਕੀਤੀ ਗਈ ਸੀ।

## ਮੱਧ ਪ੍ਰਦੇਸ਼ : ਜਬਲਪੁਰ ਵਿੱਚ ਕਰੂਜ ਕਿਸਤੀ ਪਲਟਣ ਕਾਰਨ 4 ਡੁੱਬੇ; 15 ਲਾਪਤਾ



ਜਬਲਪੁਰ,30 (ਪ.ਪ.): ਮੱਧ ਪ੍ਰਦੇਸ਼ ਦੇ ਜਬਲਪੁਰ ਜ਼ਿਲ੍ਹੇ ਵਿੱਚ ਵੀਰਵਾਰ ਨੂੰ ਬਰਗੀ ਨਦੀ 'ਚ ਅਚਾਨਕ ਆਏ ਤੂਫਾਨ ਕਾਰਨ 35 ਤੋਂ 40 ਸਵਾਰੀਆਂ ਨੂੰ ਲੈ ਕੇ ਜਾ ਰਹੀ ਇੱਕ ਕਰੂਜ ਕਿਸਤੀ ਪਲਟ ਗਈ, ਜਿਸ ਕਾਰਨ ਚਾਰ ਲੋਕਾਂ ਦੀ ਡੁੱਬਣ ਨਾਲ ਮੌਤ ਹੋ ਗਈ।ਬਰਗੀ ਟਾਊਨ ਦੇ ਸਿਟੀ ਸੁਪਰਡੈਂਟ ਆਫ ਪੁਲੀਸ ਅੰਜੁਲ ਮਿਸਰਾ ਨੇ ਜਾਣਕਾਰੀ ਦਿੱਤੀ ਕਿ ਹੁਣ ਤੱਕ 18 ਲੋਕਾਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਪਰ 15 ਤੋਂ 18 ਲੋਕ ਅਜੇ ਵੀ ਲਾਪਤਾ ਹਨ।ਮਿਸਰਾ ਨੇ ਕਿਹਾ ਕਿ ਜਦੋਂ ਅਚਾਨਕ ਆਏ ਤੂਫਾਨ ਕਾਰਨ ਰਿਵਰ ਕਰੂਜ ਕਿਸਤੀ ਪਲਟੀ, ਉਸ ਸਮੇਂ ਉਸ ਵਿੱਚ 35 ਤੋਂ 40 ਲੋਕ ਸਵਾਰ ਸਨ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਨਦੀ ਵਿੱਚੋਂ ਚਾਰ ਲਾਸਾਂ ਬਰਾਮਦ ਕੀਤੀਆਂ ਗਈਆਂ ਹਨ, ਜਦਕਿ ਲਾਪਤਾ ਯਾਤਰੀਆਂ ਦੀ ਭਾਲ ਅਤੇ ਬਚਾਅ ਲਈ ਮੁਹਿੰਮ ਜਾਰੀ ਹੈ।

## ਪੰਜਾਬ ਦੇ ਸਮਾਜਿਕ-ਆਰਥਿਕ ਭਵਿੱਖ ਦੀ ਰਾਖੀ ਲਈ ਮਰਦਮਸ਼ੁਮਾਰੀ-2027 ਦੇ ਸਵੈ-ਗਣਨਾ ਦੌਰਾਨ ਪੰਜਾਬੀ ਨੂੰ ਮਾਤ-ਭਾਸ਼ਾ ਵਜੋਂ ਦਰਜ ਕਰਵਾਇਆ ਜਾਵੇ : ਭਗਵੰਤ ਸਿੰਘ ਮਾਨ

**ਆਜ਼ਾਦ ਸੋਚ ਬਿਊਰੋ**
**ਸਤੌਜ (ਸੰਗਰੂਰ), 30 ਅਪ੍ਰੈਲ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਵਾਸੀਆਂ ਨੂੰ ਸਵੈ-ਗਣਨਾ ਦੀ ਪ੍ਰਕਿਰਿਆ ਪੂਰੀ ਕਰਕੇ ਅਤੇ ਪੰਜਾਬੀ ਨੂੰ ਆਪਣੀ ਮਾਤ-ਭਾਸ਼ਾ ਦਰਜ ਕਰਕੇ ਮਰਦਮਸ਼ੁਮਾਰੀ-2027 ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਬਾਰੇ ਮਹੱਤਵਰਪੂਰਨ ਨੀਤੀਗਤ ਫੈਸਲੇ ਮਰਦਮਸ਼ੁਮਾਰੀ ਦੇ ਸਟੀਕ ਅੰਕੜਿਆਂ 'ਤੇ ਨਿਰਭਰ ਕਰਦੇ ਹਨ।



ਆਪਣੇ ਜੱਦੀ ਪਿੰਡ ਸਤੌਜ ਵਿੱਚ ਮਰਦਮਸ਼ੁਮਾਰੀ ਦੇ ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਸਵੈ-ਗਣਨਾ ਦੀ ਪ੍ਰਕਿਰਿਆ ਨੂੰ ਪੂਰੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਨਾਗਰਿਕ ਕੇਂਦਰਿਤ ਅਤੇ ਤਕਨਾਲੋਜੀ-ਅਧਾਰਿਤ ਮਰਦਮਸ਼ੁਮਾਰੀ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ, "ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਨਾਲ ਸਬੰਧਤ ਕਈ ਮੁੱਖ ਫੈਸਲੇ ਮਰਦਮਸ਼ੁਮਾਰੀ ਦੇ ਅੰਕੜਿਆਂ 'ਤੇ ਨਿਰਭਰ ਕਰਦੇ ਹਨ। ਇਹ ਬਹੁਤ ਜਰੂਰੀ ਹੈ ਕਿ ਲੋਕ ਵਧ-ਚੜ੍ਹ ਕੇ ਅੱਗੇ ਆਉਣ ਅਤੇ ਪੰਜਾਬੀ ਨੂੰ ਆਪਣੀ ਮਾਤ ਭਾਸਾ ਵਜੋਂ ਦਰਜ ਕਰਨ ਤਾਂ ਕਿ ਢੁਕਵੀਂ ਨੁਮਾਇੰਦਗੀ ਯਕੀਨੀ ਬਣਾਈ ਜਾ ਸਕੇ।"

ਮਰਦਮਸ਼ੁਮਾਰੀ-2027 ਦੇ ਪਹਿਲੇ ਪੜਾਅ, ਜਿਸ ਦਾ ਸਿਰਲੇਖ "ਮਕਾਨਾਂ ਦਾ ਸੂਚੀਕਰਨ ਅਤੇ ਮਕਾਨਾਂ ਦੀ ਗਣਨਾ" ਹੈ, ਦੀ ਸੁਰੂਆਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਗਵੰਤ ਮਾਨ ਸਰਕਾਰ ਦੀ ਡਿਜੀਟਲ ਪਹਿਲਕਦਮੀ ਦੀ ਮਹੱਤਤਾ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ, "ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਆਪਣੀ ਸਵੈ-ਗਣਨਾ ਨੂੰ ਪੂਰਾ ਕਰਕੇ ਮੈਂ ਇਹ ਦੱਸਣਾ ਚਾਹੁੰਦਾ ਹਾਂ ਕਿ ਇਹ ਪ੍ਰਕਿਰਿਆ ਸਰਲ, ਪਹੁੰਚਯੋਗ ਅਤੇ ਨਾਗਰਿਕ-ਕੇਂਦਰਿਤ ਹੈ। ਇਹ ਲੋਕਾਂ ਨੂੰ ਡਿਜੀਟਲ ਮਰਦਮਸ਼ੁਮਾਰੀ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸਾਹਿਤ ਕਰਨ ਵੱਲ ਮਹੱਤਵਪੂਰਨ ਪਹਿਲਕਦਮੀ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਾਸੀਆਂ ਨੂੰ ਇਸ ਤਕਨਾਲੋਜੀ-ਅਧਾਰਿਤ ਪ੍ਰਕਿਰਿਆ ਨੂੰ ਅਪਣਾਉਣ ਅਤੇ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, "ਮੇਰੇ ਵੱਲੋਂ ਅੱਜ ਇਸ ਪ੍ਰਕਿਰਿਆ ਵਿੱਚ ਹਿੱਸਾ ਲੈਣ ਦਾ ਮਤਲਬ ਮਿਸਾਲ ਪੇਸ਼ ਕਰਨਾ ਹੈ ਤਾਂ ਜੋ ਸੂਬਾ ਭਰ ਦੇ ਲੋਕ ਸਹੀ ਅਤੇ ਸਮੇਂ ਸਿਰ ਜਾਣਕਾਰੀ ਪ੍ਰਦਾਨ ਕਰ ਸਕਣ। ਮੈਂ ਸਾਰੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ 30 ਅਪ੍ਰੈਲ ਤੋਂ 14 ਮਈ ਤੱਕ ਉਪਲਬਧ ਸਵੈ-ਗਣਨਾ ਸਹੂਲਤ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਵਿਆਪਕ ਤੇ ਭਰੋਸੇਮੰਦ ਰਾਸਟਰੀ ਡਾਟਾਬੇਸ ਬਣਾਉਣ ਵਿੱਚ ਯੋਗਦਾਨ ਪਾਉਣ।"

ਭਰੋਸੇਯੋਗ ਅੰਕੜਿਆਂ ਦੀ ਅਹਿਮੀਅਤ 'ਤੇ ਜੋਰ ਦਿੰਦੇ ਹੋਏ ਉਨ੍ਹਾਂ ਕਿਹਾ, "ਪ੍ਰਭਾਵਸਾਲੀ ਯੋਜਨਾਬੰਦੀ ਅਤੇ ਨੀਤੀ ਨਿਰਮਾਣ ਲਈ ਮਜਬੂਤ ਡਾਟਾਬੇਸ ਜਰੂਰੀ ਹੈ। ਮਰਦਮਸ਼ੁਮਾਰੀ ਦੇ ਪੁਖਤਾ ਅੰਕੜੇ ਸਾਸਨ ਦਾ ਧੁਰਾ ਸਾਬਤ ਹੁੰਦੇ ਹਨ ਅਤੇ ਇਹ ਅੰਕੜੇ ਹੀ ਯਕੀਨੀ ਬਣਾਉਂਦੇ ਹਨ ਕਿ ਭਲਾਈ ਯੋਜਨਾਵਾਂ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸਰੋਤਾਂ ਦੀ ਬਰਾਬਰ ਵੰਡ ਸਮਾਜ ਦੇ ਹਰ ਵਰਗ ਤੱਕ ਪਹੁੰਚੇ।"

ਡਿਜੀਟਲ ਗਣਨਾ ਦੇ ਫਾਇਦਿਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਵੈ-ਗਣਨਾ-2027 ਦੀ ਮੁੱਖ ਵਿਸੇਸਤਾ ਇਹ ਹੈ ਕਿ ਇਸ ਨਾਲ ਵਿਅਕਤੀਗਤ ਤੌਰ 'ਤੇ ਜਨ ਅੰਕੜਿਆਂ ਅਤੇ ਸਮਾਜਿਕ-ਆਰਥਿਕ ਵੇਰਵਿਆਂ ਨੂੰ ਆਸਾਨੀ ਨਾਲ ਆਨਲਾਈਨ ਭਰਨ ਦੀ ਆਗਿਆ ਮਿਲਦੀ ਹੈ। ਇਹ ਪਹਿਲ ਪਾਰਦਰਸਤਾ ਨੂੰ ਵਧਾਉਂਦੀ ਹੈ, ਕੁਸਲਤਾ ਵਿੱਚ ਸੁਧਾਰ ਕਰਦੀ ਹੈ, ਅਤੇ ਸਟੀਕ ਅੰਕੜਿਆਂ ਨੂੰ ਯਕੀਨੀ ਬਣਾਉਂਦੀ ਹੈ।"

ਉਨ੍ਹਾਂ ਅੱਗੇ ਕਿਹਾ, "ਡਿਜੀਟਲ ਪਹੁੰਚ ਦਸਤੀ ਪ੍ਰਕਿਰਿਆਵਾਂ 'ਤੇ ਨਿਰਭਰਤਾ ਨੂੰ ਘਟਾਉਂਦੀ ਹੈ, ਤੇਜੀ ਨਾਲ ਅੰਕੜੇ ਇਕੱਠੇ ਕਰਨ ਦੇ ਸਮਰੱਥ ਬਣਾਉਂਦੀ ਹੈ ਅਤੇ ਰਾਸਟਰੀ ਡਾਟਾਬੇਸ ਨੂੰ ਮਜਬੂਤ ਕਰਦੀ ਹੈ।"

ਅਗਲੇ ਪੜਾਅ ਦੀ ਰੂਪ-ਰੇਖਾ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਰਦਮਸ਼ੁਮਾਰੀ-2027 ਦੇ ਪਹਿਲੇ ਪੜਾਅ ਵਿੱਚ 15 ਮਈ ਤੋਂ 13 ਜੂਨ, 2026 ਤੱਕ ਘਰ-ਘਰ ਸਰਵੇਖਣ ਵੀ ਸਾਮਲ ਹੋਵੇਗਾ। ਇਸ ਸਮੇਂ ਦੌਰਾਨ ਰਿਹਾਇਸੀ ਹਾਲਤਾਂ, ਸਹੂਲਤਾਂ ਅਤੇ ਅਸਾਸਿਆਂ ਨਾਲ ਸਬੰਧਤ 33 ਸਵਾਲ ਪੁੱਛੇ ਜਾਣਗੇ ਅਤੇ ਹਰੇਕ ਘਰ ਦੀ ਗਿਣਤੀ ਕੀਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਪਰਿਵਾਰ ਇਸ ਮਹੱਤਵਪੂਰਨ ਰਾਸਟਰੀ ਅਭਿਆਸ ਤੋਂ ਵਿਰਵਾ ਨਾ ਰਹੇ।"

## ਮੁੱਖ ਮੰਤਰੀ ਭਗਵੰਤ ਮਾਨ ਨੇ ਅਤਿ-ਆਧੁਨਿਕ ਕਮਿਊਨਿਟੀ ਹੈਲਥ ਸੈਂਟਰ ਲੋਕਾਂ ਨੂੰ ਕੀਤਾ ਸਮਰਪਿਤ, ਸੰਗਰੂਰ ਦੇ 85 ਪਿੰਡ ਨੂੰ ਮਿਲੇਗਾ ਲਾਭ

### ਕਮਿਊਨਿਟੀ ਹੈਲਥ ਸੈਂਟਰ ਵਿਖੇ 247 ਐਮਰਜੈਂਸੀ ਸੇਵਾਵਾਂ, ਸਰਜਰੀ, ਗੰਭੀਰ ਬਿਮਾਰੀਆਂ ਦੇ ਇਲਾਜ ਅਤੇ ਬੱਚਿਆਂ ਲਈ ਮਾਹਰ ਡਾਕਟਰ ਮੌਜੂਦ ਹੋਣਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਆਜ਼ਾਦ ਸੋਚ ਬਿਊਰੋ**
**ਸੰਗਰੂਰ, 30 ਅਪ੍ਰੈਲ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਵਿੱਚ ਇੱਕ ਅਤਿ-ਆਧੁਨਿਕ ਕਮਿਊਨਿਟੀ ਹੈਲਥ ਸੈਂਟਰ ਲੋਕਾਂ ਨੂੰ ਸਮਰਪਿਤ ਕੀਤਾ, ਜੋ ਪੇਂਡੂ ਸਿਹਤ ਸੰਭਾਲ ਬੁਨਿਆਦੀ ਢਾਂਚੇ ਦੇ ਵਿਆਪਕ ਵਿਸਥਾਰ ਨੂੰ ਦਰਸਾਉਂਦਾ ਹੈ। ਇਸ ਸੈਂਟਰ ਨਾਲ 85 ਪਿੰਡਾਂ ਦੇ ਵਸਨੀਕਾਂ ਨੂੰ ਲਾਭ ਹੋਵੇਗਾ। ਆਜਾਦੀ ਤੋਂ ਲਗਭਗ 80 ਸਾਲ ਬਾਅਦ ਕੌਹਰੀਆ ਪਿੰਡ ਵਿੱਚ 24 ਘੰਟੇ ਐਮਰਜੈਂਸੀ ਸੇਵਾਵਾਂ, ਸਰਜੀਕਲ ਸਹੂਲਤਾਂ, ਗੰਭੀਰ ਬਿਮਾਰੀਆਂ ਦੇ ਇਲਾਜ ਅਤੇ ਬੱਚਿਆਂ ਲਈ ਮਾਹਰ ਦੇਖਭਾਲ ਨਾਲ ਲੈਸ 30 ਬੈੱਡਾਂ ਵਾਲਾ ਹਸਪਤਾਲ ਬਣਾਇਆ ਗਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਦਿੜਬਾ ਵਰਗੇ ਖੇਤਰਾਂ ਨੂੰ ਨਜਰਅੰਦਾਜ ਕੀਤਾ ਅਤੇ ਵਿਕਾਸ ਨੂੰ ਕੁਝ ਕੁ ਲੋਕਾਂ ਤੱਕ ਸੀਮਤ ਰੱਖਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਹਸਪਤਾਲਾਂ, ਸਕੂਲਾਂ, ਲਾਇਬ੍ਰੇਰੀਆਂ ਅਤੇ ਸੜਕਾਂ ਰਾਹੀਂ ਪਿੰਡਾਂ ਵਿੱਚ ਜਨਤਕ ਪੈਸਾ ਵਾਪਸ ਲੋਕਾਂ ਦੇ ਵਿਕਾਸ ਉੱਤੇ ਲਗਾ ਕੇ ਇਸ ਰਵਾਇਤ ਨੂੰ ਬਦਲ ਰਹੀ ਹੈ।

ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਅਸੀਂ ਪਿੰਡ ਕੌਹਰੀਆਂ ਵਿਖੇ ਕਮਿਊਨਿਟੀ ਹੈਲਥ ਸੈਂਟਰ ਲੋਕਾਂ ਨੂੰ ਸਮਰਪਿਤ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਪ੍ਰੋਜੈਕਟ 13.23 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਗਿਆ ਹੈ ਅਤੇ ਇਸ ਸੈਂਟਰ ਵਿੱਚ 30 ਬੈੱਡ ਉਪਲਬਧ ਹਨ।" ਇਸਦੇ ਪਿਛੋਕੜ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, "ਆਜਾਦੀ ਦੇ ਲਗਭਗ 80 ਸਾਲਾਂ ਬਾਅਦ, ਕੌਹਰੀਆ ਪਿੰਡ ਦੇ ਲੋਕ ਆਪਣਾ ਪਹਿਲਾ 30 ਬੈੱਡਾਂ ਵਾਲਾ ਹਸਪਤਾਲ ਮਿਲਣ ਦਾ ਜਸ਼ਨ ਮਨਾ ਰਹੇ ਹਨ।" ਉਨ੍ਹਾਂ ਕਿਹਾ, "ਇਹ ਕਮਿਊਨਿਟੀ ਹੈਲਥ ਸੈਂਟਰ ਅਸਲ ਵਿੱਚ 1962 ਵਿੱਚ ਇੱਕ ਪ੍ਰਾਇਮਰੀ ਹੈਲਥ ਸੈਂਟਰ ਵਜੋਂ ਸਥਾਪਿਤ ਕੀਤਾ ਗਿਆ ਸੀ।"




ਬੁਨਿਆਦੀ ਢਾਂਚੇ ਬਾਰੇ ਵੇਰਵਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਵੇਂ ਕਮਿਊਨਿਟੀ ਹੈਲਥ ਸੈਂਟਰ ਵਿੱਚ ਚਾਰ ਓਪੀਡੀ (ਆਊਟਪੇਸੈਂਟ ਵਿਭਾਗ), ਇੱਕ ਐਮਰਜੈਂਸੀ ਬਲਾਕ, ਦੋ ਲੇਬਰ ਆਪ੍ਰੇਸਨ ਥੀਏਟਰ, ਇੱਕ ਮਾਈਨਰ ਆਪ੍ਰੇਸਨ ਥੀਏਟਰ ਅਤੇ ਦੋ ਵੱਡੇ ਆਪ੍ਰੇਸਨ ਥੀਏਟਰ ਹੋਣਗੇ।" ਉਨ੍ਹਾਂ ਅੱਗੇ ਕਿਹਾ, "ਇਸ ਵਿੱਚ ਇੱਕ ਨਰਸਿੰਗ ਸਟੇਸਨ, ਦੋ ਜਨਰਲ ਵਾਰਡ, ਇੱਕ ਅਲਟਰਾਸਾਊਂਡ ਰੂਮ, ਇੱਕ ਲੈਬ, ਇੱਕ ਐਕਸ-ਰੇ ਰੂਮ, ਤਿੰਨ ਡਾਕਟਰ ਕੰਸਲਟਿੰਗ ਰੂਮ ਅਤੇ ਹੋਰ ਜਰੂਰੀ ਸਹੂਲਤਾਂ ਵੀ ਸਾਮਲ ਹੋਣਗੀਆਂ।"

ਇਸਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਨਵੇਂ ਸੀਐਚਸੀ ਨਾਲ ਪਿੰਡ ਦੇ 4,100 ਲੋਕਾਂ ਨੂੰ ਸਿੱਧਾ ਲਾਭ ਮਿਲੇਗਾ।" ਉਨ੍ਹਾਂ ਅੱਗੇ ਕਿਹਾ, "ਇਸ ਤੋਂ ਇਲਾਵਾ, ਇਹ ਆਲੇ-ਦੁਆਲੇ ਦੇ 85 ਪਿੰਡਾਂ ਲਈ ਇੱਕ ਵਰਦਾਨ ਸਾਬਤ ਹੋਵੇਗਾ ਜਿਸ ਨਾਲ ਲਗਭਗ 35,000 ਲੋਕਾਂ ਨੂੰ ਸਿਹਤ ਸੇਵਾਵਾਂ ਮਿਲਣਗੀਆਂ।"

24 ਘੰਟੇ ਦੇਖਭਾਲ 'ਤੇ ਜੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਕੇਂਦਰ ਵਿੱਚ 24 ਘੰਟੇ ਐਮਰਜੈਂਸੀ ਸਿਹਤ ਸੰਭਾਲ ਸੇਵਾਵਾਂ ਉਪਲਬਧ ਹੋਣਗੀਆਂ ਅਤੇ ਗੰਭੀਰ ਬਿਮਾਰੀਆਂ ਲਈ ਸਰਜਰੀਆਂ ਅਤੇ ਇਲਾਜ ਲਈ ਡਾਕਟਰ ਮੌਜੂਦ ਹੋਣਗੇ।" ਉਨ੍ਹਾਂ ਅੱਗੇ ਕਿਹਾ, "ਸੀਐਚਸੀ ਵਿੱਚ ਬੱਚਿਆਂ ਦੀਆਂ ਬਿਮਾਰੀਆਂ ਦੇ ਇਲਾਜ ਲਈ ਬਾਲ ਰੋਗ ਮਾਹਰ ਵੀ ਹੋਣਗੇ ਅਤੇ ਮਾਵਾਂ ਅਤੇ ਬੱਚਿਆਂ ਲਈ ਸਾਰੇ ਜਰੂਰੀ ਟੈਸਟਾਂ ਦੇ ਨਾਲ-ਨਾਲ ਮੁਫਤ ਇਲਾਜ ਪ੍ਰਦਾਨ ਕੀਤਾ ਜਾਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਰੀਜਾਂ ਨੂੰ ਮੁਫਤ ਐਕਸ-ਰੇ, ਈਸੀਜੀ ਅਤੇ ਖੂਨ ਦੇ ਟੈਸਟਾਂ ਦੀਆਂ ਸਹੂਲਤਾਂ ਮਿਲਣਗੀਆਂ, ਅਤੇ ਦਵਾਈਆਂ ਵੀ ਮੁਫਤ ਪ੍ਰਦਾਨ ਕੀਤੀਆਂ ਜਾਣਗੀਆਂ।" ਉਨ੍ਹਾਂ ਅੱਗੇ ਕਿਹਾ, "ਇਸ ਸੀਐਚਸੀ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਨਕਦ ਰਹਿਤ ਇਲਾਜ ਉਪਲਬਧ ਹੋਵੇਗਾ।"

ਸਰਕਾਰ ਦੇ ਵਿਆਪਕ ਦ੍ਰਿਸਟੀਕੋਣ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, "ਇਹ ਹਸਪਤਾਲ ਕਈ ਸਾਲ ਪਹਿਲਾਂ ਬਣ ਜਾਣਾ ਚਾਹੀਦਾ ਸੀ, ਪਰ ਪਿਛਲੀਆਂ ਸਰਕਾਰਾਂ ਆਪਣੇ ਪਰਿਵਾਰਾਂ ਤੱਕ ਹੀ ਸੀਮਤ ਰਹੀਆਂ।" ਉਨ੍ਹਾਂ ਅੱਗੇ ਕਿਹਾ, "ਸਾਡੀ ਸਰਕਾਰ ਪਿੰਡਾਂ ਵਿੱਚ ਸਕੂਲਾਂ, ਲਾਇਬ੍ਰੇਰੀਆਂ, ਹਸਪਤਾਲਾਂ ਅਤੇ ਸੜਕਾਂ ਦੇ ਰੂਪ ਵਿੱਚ ਲੋਕਾਂ ਦਾ ਪੈਸਾ ਲੋਕਾਂ ਦੇ ਵਿਕਾਸ ਉੱਤੇ ਖਰਚ ਕਰਨਾ ਜਾਰੀ ਰੱਖੇਗੀ।"

ਵਿਸੇਸ ਦੇਖਭਾਲ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਦੰਦਾਂ ਦੀਆਂ ਬਿਮਾਰੀਆਂ ਦਾ ਇਲਾਜ ਵੀ ਇੱਕ ਮਾਹਰ ਦੰਦਾਂ ਦੇ ਡਾਕਟਰ ਵੱਲੋਂ ਕੀਤਾ ਜਾਵੇਗਾ।" ਉਨ੍ਹਾਂ ਅੱਗੇ ਕਿਹਾ, "ਨਸਾ ਛੁਡਾਊ ਇਲਾਜ ਲਈ, ਇੱਕ ਓਟ ਸੈਂਟਰ (ਓਪੀਓਇਡ ਐਗੋਨਿਸਟ ਥੈਰੇਪੀ ਸੈਂਟਰ) ਨਸਾ ਪੀੜਤਾਂ ਨੂੰ ਦਵਾਈਆਂ ਅਤੇ ਇਲਾਜ ਪ੍ਰਦਾਨ ਕਰੇਗਾ।"

ਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਪਿਛਲੀਆਂ ਸਰਕਾਰਾਂ ਨੇ ਦਿੜ੍ਹਬਾ ਖੇਤਰ ਨੂੰ ਅਣਗੌਲਿਆਂ ਕੀਤਾ ਪਰ ਭਗਵੰਤ ਮਾਨ ਸਰਕਾਰ ਨੇ ਇੱਕ ਮੈਡੀਕਲ ਕਾਲਜ ਅਤੇ ਹਸਪਤਾਲ ਪ੍ਰਦਾਨ ਕਰਕੇ ਇਸਦਾ ਮਾਣ ਵਧਾਇਆ ਹੈ।"

ਸਰਕਾਰ ਵੱਲੋਂ ਸਾਰਿਆਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ 'ਤੇ ਦਿੱਤੀ ਜਾ ਰਹੀ ਤਰਜੀਹ ਬਾਰੇ ਗੱਲ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਭਗਵੰਤ ਮਾਨ ਸਰਕਾਰ ਹਰ ਪੰਜਾਬੀ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਸਿਹਤ ਬੀਮੇ ਲਈ 2,000 ਕਰੋੜ ਰੁਪਏ ਅਲਾਟ ਕਰਨਾ ਇਸਦਾ ਸਭ ਤੋਂ ਵੱਡਾ ਸਬੂਤ ਹੈ।"

# ਟ੍ਰੈਫਿਕ ਪੁਲਿਸ ਛੱਤ ਨੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਵਿੱਢੀ ਮੁਹਿੰਮ; ਕਈ ਵਾਹਨਾਂ ਦੇ ਕੀਤੇ ਚਲਾਨ




**ਆਜ਼ਾਦ ਸੋਚ**
**ਅਵਤਾਰ ਸੈਣੀ**
**ਜੀਰਕਪੁਰ , 30 ਅਪ੍ਰੈਲ**

ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਅਤੇ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਉਣ ਦੇ ਮਕਸਦ ਨਾਲ ਟ੍ਰੈਫਿਕ ਪੁਲਿਸ ਛੱਤ ਵੱਲੋਂ ਸਖਤ ਰੁਖ ਅਖਤਿਆਰ ਕੀਤਾ ਗਿਆ ਹੈ। ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖਿ?ਲਾਫ ਚਲਾਈ ਗਈ ਵਿਸੇਸ ਮੁਹਿੰਮ ਤਹਿਤ ਅੱਜ ਛੱਤ ਲਾਈਟਾਂ ਪੁਆਇੰਟ 'ਤੇ ਵੱਡੀ ਕਾਰਵਾਈ ਕਰਦਿਆਂ ਕਈ ਵਾਹਨਾਂ ਦੇ ਚਲਾਨ ਕੱਟੇ ਗਏ।ਇਸ ਮੌਕੇ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਟ੍ਰੈਫਿਕ ਇੰਚਾਰਜ "ਛੱਤ ਲਾਈਟ" ਜਸਵੀਰ ਸਿੰਘ ਨੇ ਦੱਸਿਆ ਕਿ ਉੱਚ ਅਧਿਕਾਰੀਆਂ ਦੇ ਦਿਸਾ-ਨਿਰਦੇਸਾਂ ਅਨੁਸਾਰ ਲਾਈਟਾਂ ਤੇ ਨਾਕਾ ਲਗਾ ਰੋਜਾਨਾ ਚੈਕਿੰਗ ਅਭਿਆਨ ਚਲਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅੱਜ ਦੀ ਕਾਰਵਾਈ ਦੌਰਾਨ ਖਾਸ ਤੌਰ 'ਤੇ ਉਨ੍ਹਾਂ ਵਾਹਨ ਚਾਲਕਾਂ ਨੂੰ ਨਿਸਾਨਾ ਬਣਾਇਆ ਗਿਆ ਜੋ ਲਾਲ ਬੱਤੀ (ਰੈੱਡ ਲਾਈਟ) ਦੀ ਉਲੰਘਣਾ ਕਰਕੇ ਆਪਣੀ ਅਤੇ ਦੂਜਿਆਂ ਦੀ ਜਾਨ ਖਤਰੇ ਵਿੱਚ ਪਾਉਂਦੇ ਹਨ। ਟਰੈਫਿਕ ਇੰਚਾਰਜ ਜਸਵੀਰ ਸਿੰਘ ਨੇ ਅੱਗੇ ਦੱਸਿਆ ਕਿ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਸਕੂਲ ਅਤੇ ਕਾਲਜ ਦੀਆਂ ਬੱਸਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਜਾਂਚ ਦੌਰਾਨ ਕਈ ਬੱਸਾਂ ਅਜਿਹੀਆਂ ਪਾਈਆਂ ਗਈਆਂ ਜਿਨ੍ਹਾਂ ਵਿੱਚ ਸੁਰੱਖਿਆ ਨਿਯਮਾਂ ਅਨੁਸਾਰ ਸੀਸੀਟੀਵੀ ਕੈਮਰੇ ਨਹੀਂ ਲੱਗੇ ਹੋਏ ਸਨ।

ਅਜਿਹੀਆਂ ਬੱਸਾਂ ਦੇ ਮੌਕੇ 'ਤੇ ਹੀ ਚਲਾਨ ਕੀਤੇ ਗਏ। ਇਸ ਤੋਂ ਇਲਾਵਾ, ਜਿਨ੍ਹਾਂ ਵਾਹਨ ਚਾਲਕਾਂ ਕੋਲ ਵਾਹਨ ਦੇ ਮੁਕੰਮਲ ਦਸਤਾਵੇਜ (ਆਰ.ਸੀ., ਬੀਮਾ, ਲਾਇਸੰਸ ਆਦਿ) ਨਹੀਂ ਸਨ, ਉਨ੍ਹਾਂ ਵਿਰੁੱਧ ਵੀ ਕਾਨੂੰਨੀ ਕਾਰਵਾਈ ਕੀਤੀ ਗਈ। ਇਸ ਮੌਕੇ ਟ੍ਰੈਫਿਕ ਇੰਚਾਰਜ ਨੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਸੜਕ 'ਤੇ ਚੱਲਦਿਆਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਨੂੰ ਆਪਣੀ ਜ਼ਿ?ਮੇਵਾਰੀ ਸਮਝਣ। ਉਨ੍ਹਾਂ ਸਪੱਸਟ ਕੀਤਾ ਕਿ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਜਾਰੀ ਰਹੇਗੀ ਅਤੇ ਨਿਯਮ ਤੋੜਨ ਵਾਲਿਆਂ ਨੂੰ ਬਖਸ਼ਿ?ਆ ਨਹੀਂ ਜਾਵੇਗਾ। ਪੁਲਿਸ ਦਾ ਮੁੱਖ ਉਦੇਸ ਚਲਾਨ ਕੱਟਣਾ ਨਹੀਂ, ਸਗੋਂ ਲੋਕਾਂ ਨੂੰ ਸੁਰੱਖਿਅਤ ਸਫਰ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੌਕੇ ਟ੍ਰੈਫਿਕ ਮੁਲਾਜਮ ਇੰਦਰਜੀਤ ਸਿੰਘ ਅਤੇ ਨਰ ਸਿੰਘ ਨਾਕੇ ਤੇ ਮੌਜੂਦ ਸਨ ।

# ਡਿਪਟੀ ਕਮਿਸਨਰ ਡਾ. ਹਿਮਾਂਸੂ ਅਗਰਵਾਲ ਨੇ ਇੰਡਸਟ੍ਰੀ ਵਿਭਾਗ ਨਾਲ ਕੀਤੀ ਸਮੀਖਿਆ ਮੀਟਿੰਗ

## ਫੋਕਲ ਪੁਆਇੰਟ ਤੇ ਹੋਰ ਇੰਡਸਟ੍ਰੀ ਨਾਲ ਜੁੜਦੇ ਵਿਭਾਗਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ ਡਾ . ਹਿਮਾਂਸੂ ਅਗਰਵਾਲ

**ਆਜ਼ਾਦ ਸੋਚ**
**ਹਰਵਿੰਦਰ ਲਾਲੀ**
**ਪਟਿਆਲਾ, 30 ਅਪ੍ਰੈਲ**

ਜਿਲ੍ਹਾ ਪਟਿਆਲਾ ਵਿੱਚ ਉਦਯੋਗਿਕ ਵਿਕਾਸ ਨੂੰ ਹੋਰ ਤੇਜ ਕਰਨ ਅਤੇ ਇੰਡਸਟ੍ਰੀ ਵਿਭਾਗ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਅੱਜ ਡਿਪਟੀ ਕਮਿਸਨਰ ਡਾ. ਹਿਮਾਂਸੂ ਅਗਰਵਾਲ ਵੱਲੋਂ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ਿ?ਲ੍ਹੇ ਦੇ ਵੱਖ-ਵੱਖ ਉਦਯੋਗਿਕ ਸੰਸਥਾਵਾਂ ਦੇ ਨੁਮਾਇੰਦੇ, ਇੰਡੀਸਟ੍ਰੀ ਵਿਭਾਗ ਅਤੇ ਸਬੰਧਤ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।



ਡਿਪਟੀ ਕਮਿਸਨਰ ਨੇ ਕਿਹਾ ਕਿ ਮੀਟਿੰਗ ਦਾ ਮੁੱਖ ਉਦੇਸ ਇੰਡਸਟ੍ਰੀ ਵਿਭਾਗ ਵੱਲੋਂ ਪਟਿਆਲਾ ਫੋਕਲ ਪੁਆਇੰਟ ਵਿੱਚ ਦਰਪੇਸ ਆ ਰਹੀਆਂ ਪ੍ਰਸਾਸਨਿਕ, ਬਿਜਲੀ, ਪਾਣੀ, ਟੈਕਸੇਸਨ, ਲਾਇਸੈਂਸਿੰਗ ਅਤੇ ਬੁਨਿਆਦੀ ਢਾਂਚੇ ਨਾਲ ਜੁੜੀਆਂ ਮੁਸਕਲਾਂ ਦੀ ਪਹਿਚਾਣ ਕਰਕੇ ਉਨ੍ਹਾਂ ਦਾ ਹਲ ਕਰਨਾ ਹੈ ।

ਡਿਪਟੀ ਕਮਿਸਨਰ ਨੇ ਇਹ ਵੀ ਸਪਸਟ ਕੀਤਾ ਕਿ ਜ਼ਿ?ਲ੍ਹਾ ਪ੍ਰਸਾਸਨ ਉਦਯੋਗਿਕ ਵਿਕਾਸ ਨੂੰ ਪ੍ਰਾਥਮਿਕਤਾ ਦੇ ਰਿਹਾ ਹੈ ਅਤੇ ਕਿਸੇ ਵੀ ਇੰਡਸਟ੍ਰੀ ਨੂੰ ਬੇਵਜ੍ਹਾ ਪ੍ਰੇਸਾਨੀ ਨਹੀਂ ਹੋਣ ਦਿੱਤੀ ਜਾਵੇਗੀ। ਮੀਟਿੰਗ ਦੌਰਾਨ ਇੰਡਸਟ੍ਰੀ ਵਿਭਾਗ ਦੇ ਅਧਿਕਾਰੀਆਂ ਨੇ ਆਪਣੀਆਂ ਸਮੱਸਿਆਵਾਂ ਵਿਸਥਾਰ ਨਾਲ ਰੱਖੀਆਂ। ਉਨ੍ਹਾਂ ਨੇ ਖਾਸ ਤੌਰ 'ਤੇ ਉਦਯੋਗਿਕ ਖੇਤਰਾਂ ਵਿੱਚ ਸੜਕਾਂ ਦੀ ਹਾਲਤ, ਡਰੇਨੇਜ ਪ੍ਰਣਾਲੀ, ਬਿਜਲੀ ਸਪਲਾਈ ਦੀ ਅਸਥਿਰਤਾ ਅਤੇ ਵੱਖ-ਵੱਖ ਵਿਭਾਗਾਂ ਵਿੱਚ ਤਾਲਮੇਲ ਦੀ ਕਮੀ ਵਰਗੇ ਮੁੱਦਿਆਂ ਨੂੰ ਪੇਸ਼ ਕੀਤਾ ।

ਡਾ. ਹਿਮਾਂਸੂ ਅਗਰਵਾਲ ਨੇ ਸਾਰੇ ਮੁੱਦਿਆਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ ਦਿੱਤੇ। ਉਨ੍ਹਾਂ ਕਿਹਾ ਕਿ ਪ੍ਰਸਾਸਨ ਦਾ ਮੁੱਖ ਉਦੇਸ "ਵਪਾਰਕ ਕਾਰਜਾਂ ਦੀ ਸੁਚਾਰੂ ਅਤੇ ਸੁਗਮ ਪ੍ਰਕਿਰਿਆ" ਨੂੰ ਮਜਬੂਤ ਕਰਨਾ ਹੈ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇੰਡਸਟ੍ਰੀ ਵਿਭਾਗ ਦੇ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾਵੇ ਅਤੇ ਕਿਸੇ ਵੀ ਪੱਧਰ 'ਤੇ ਲੰਬਿਤ ਫਾਈਲਾਂ ਨੂੰ ਤੁਰੰਤ ਹੱਲ ਕੀਤਾ ਜਾਵੇ। ਇਸਦੇ ਨਾਲ ਹੀ ਹਰ ਮਹੀਨੇ ਨਿਯਮਤ ਸਮੀਖਿਆ ਮੀਟਿੰਗਾਂ ਕਰਕੇ ਉਦਯੋਗਿਕ ਮਾਹੌਲ ਨੂੰ ਸੁਧਾਰਨ ਦੀ ਯੋਜਨਾ ਵੀ ਤਿਆਰ ਕੀਤੀ ਜਾ ਰਹੀ ਹੈ।

ਡਿਪਟੀ ਕਮਿਸਨਰ ਨੇ ਇੰਡਸਟ੍ਰੀ ਵਿਭਾਗ ਨੂੰ ਭਰੋਸਾ ਦਿਵਾਇਆ ਕਿ ਜ਼ਿ?ਲ੍ਹਾ ਪ੍ਰਸਾਸਨ ਉਨ੍ਹਾਂ ਦੇ ਨਾਲ ਮਜਬੂਤੀ ਨਾਲ ਖੜ੍ਹਾ ਹੈ ਅਤੇ ਉਦਯੋਗਿਕ ਵਿਕਾਸ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਇੰਡਸਟ੍ਰੀ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਕਿਹਾ ਕਿ ਉਹ ਆਪਣੇ ਸੁਝਾਅ ਅਤੇ ਸਮੱਸਿਆਵਾਂ ਨਿਰੰਤਰ ਪ੍ਰਸਾਸਨ ਨਾਲ ਸਾਂਝੀਆਂ ਕਰਦੇ ਰਹਿਣ ਤਾਂ ਜੋ ਉਨ੍ਹਾਂ ਦਾ ਸਮੇਂ ਸਿਰ ਹੱਲ ਕੀਤਾ ਜਾ ਸਕੇ।

# ਅੰਮ੍ਰਿਤਸਰ ਵਿੱਚ ਨਾਰਕੋ ਤਸਕਰੀ ਨੈੱਟਵਰਕ ਨਾਲ ਜੁੜਿਆ ਵਿਅਕਤੀ 6 ਕਿਲੋ ਹੈਰੋਇਨ ਸਮੇਤ ਕਾਬੂ

## ਗ੍ਰਿਫ਼ਤਾਰ ਮੁਲਜ਼ਮ ਦੁਬਈ-ਅਧਾਰਤ ਹੈਂਡਲਰ ਅੰਤਰਪ੍ਰੀਤ ਸਿੰਘ ਦੇ ਇਸਾਰੇ 'ਤੇ ਕੰਮ ਕਰ ਰਿਹਾ ਸੀ: ਡੀਜੀਪੀ ਗੌਰਵ ਯਾਦਵ

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ, 30 ਅਪ੍ਰੈਲ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸਾ-ਨਿਰਦੇਸਾਂ ਅਨੁਸਾਰ ਪੰਜਾਬ ਨੂੰ ਨਸਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਕਾਉਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ 6 ਕਿਲੋ ਹੈਰੋਇਨ ਸਮੇਤ ਇੱਕ ਨਸਾ ਤਸਕਰ ਨੂੰ ਗ੍ਰਿਫਤਾਰ ਕਰਕੇ ਨਸ਼ਿਆਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।




ਗ੍ਰਿਫਤਾਰ ਕੀਤੇ ਗਏ ਮੁਲਜਮ ਦੀ ਪਛਾਣ ਲਵਪ੍ਰੀਤ ਸਿੰਘ, ਵਾਸੀ ਵੈਰੋਵਾਲ ਰੋਡ, ਜੰਡਿਆਲਾ ਗੁਰੂ ਅੰਮ੍ਰਿਤਸਰ ਵਜੋਂ ਹੋਈ ਹੈ। ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਦੀ ਤਸਕਰੀ ਲਈ ਉਸ ਵੱਲੋਂ ਵਰਤੀ ਜਾਣ ਵਾਲੀ ਸਿਲਵਰ ਰੰਗ ਦੀ ਹੁੰਡਈ ਆਈ10 ਕਾਰ, ਰਜਿਸਟ੍ਰੇਸਨ ਨੰਬਰ ਪੀਬੀ10-ਸੀਵੀ-3211, ਨੂੰ ਵੀ ਜਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤਾ ਮੁਲਜਮ ਦੁਬਈ ਦੇ ਹੈਂਡਲਰ ਅੰਤਰਪ੍ਰੀਤ ਸਿੰਘ ਦੇ ਇਸਾਰੇ 'ਤੇ ਕੰਮ ਕਰ ਰਿਹਾ ਸੀ, ਜੋ ਨਸ਼ਿਆਂ ਦੀ ਤਸਕਰੀ ਵਿੱਚ ਸਾਮਲ ਹੈ ਅਤੇ ਉਸ ਵਿਰੁੱਧ ਕਈ ਮਾਮਲੇ ਦਰਜ ਹਨ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਅੰਤਰਪ੍ਰੀਤ ਸਿੰਘ ਦੇ ਨਿਰਦੇਸਾਂ 'ਤੇ ਮੁਲਜਮ ਲਵਪ੍ਰੀਤ ਵੱਖ-ਵੱਖ ਥਾਵਾਂ ਤੋਂ ਹੈਰੋਇਨ ਦੀਆਂ ਵੱਡੀਆਂ ਖੇਪਾਂ ਪ੍ਰਾਪਤ ਕਰਕੇ ਇਨ੍ਹਾਂ ਦੀ ਅੱਗੇ ਸਪਲਾਈ ਵੀ ਕਰਦਾ ਸੀ।

ਇਸ ਕਾਰਵਾਈ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੂੰ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਮੁਲਜਮ ਲਵਪ੍ਰੀਤ ਨੇ ਹਾਲ ਹੀ ਵਿੱਚ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਇਹ ਖੇਪ ਅੰਮ੍ਰਿਤਸਰ-ਜਲੰਧਰ ਜੀਟੀ ਰੋਡ 'ਤੇ ਅੱਡਾ ਮਾਨਾਵਾਲਾ ਨੇੜੇ ਕਿਸੇ ਹੋਰ ਪਾਰਟੀ ਨੂੰ ਪਹੁੰਚਾਈ ਜਾਣੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਤੇਜੀ ਨਾਲ ਕਾਰਵਾਈ ਕਰਦਿਆਂ, ਪੁਲਿਸ ਟੀਮ ਇਲਾਕੇ ਵਿੱਚ ਪਹੁੰਚੀ ਅਤੇ ਸ਼ੱਕੀ ਲਵਪ੍ਰੀਤ ਨੂੰ ਗ੍ਰਿਫਤਾਰ ਕਰ ਲਿਆ ਅਤੇ ਤਲਾਸੀ ਦੌਰਾਨ ਉਸ ਦੀ ਆਈ10 ਕਾਰ ਵਿੱਚੋਂ 6 ਕਿਲੋ ਹੈਰੋਇਨ ਬਰਾਮਦ ਹੋਈ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਤਾਂ ਜੋ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ।

ਇਸ ਸਬੰਧੀ ਕੇਸ ਥਾਣਾ ਸਟੇਟ ਸਪੈਸਲ ਆਪ੍ਰੇਸਨ ਸੈੱਲ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਐਫਆਈਆਰ ਨੰਬਰ 27 ਮਿਤੀ 29-04-2026 ਨੂੰ ਦਰਜ ਕੀਤਾ ਗਿਆ ਹੈ।

# ਅਗਰਵਾਲ ਧਰਮਸਾਲਾ ਕਮੇਟੀ ਚੋਣਾਂ ਉਪਰੰਤ ਨਵੇਂ ਬਣੇ ਮੈਂਬਰ ਸੰਦੀਪ ਬਾਂਸਲ ਸੌਨੂੰ ਨੇ ਚੁੱਕੀ ਸਹੁੰ




**ਆਜ਼ਾਦ ਸੋਚ**
**ਸੰਜੇ ਬਾਂਸਲ/ਸਮਾਣਾ, 30 ਅਪ੍ਰੈਲ**

ਅਗਰਵਾਲ ਧਰਮਸਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਜੋਨ ਜੇ ਤੋਂ ਸ੍ਰੀ ਸੰਦੀਪ ਬਾਂਸਲ ਸੌਨੂੰ ਸਰਬਸੰਮਤੀ ਨਾਲ ਮੈਂਬਰ ਚੁਣੇ ਗਏ। ਜਿਸ ਦੇ ਚਲਦਿਆਂ ਚੋਣ ਕਮੇਟੀ ਵੱਲੋਂ ਇੱਕ ਸਾਨਦਾਰ ਤਾਜਪੋਸੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸ੍ਰੀ ਸੰਦੀਪ ਬਾਂਸਲ ਸੌਨੂੰ ਨੇ ਆਪਣੀ ਨਵੀਂ ਜ਼ਿ?ਮੇਵਾਰੀ ਸੰਭਾਲਦੇ ਹੋਏ ਸਹੁੰ ਚੁੱਕੀ।

ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਉਹ ਇਸ ਜਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ ਅਤੇ ਕਮੇਟੀ ਦੇ ਵਿਕਾਸ ਅਤੇ ਸਮਾਜ ਦੀ ਭਲਾਈ ਲਈ ਹਰ ਸੰਭਵ ਯਤਨ ਕਰਨਗੇ।

ਇਸ ਮੌਕੇ ਤੇ ਹਾਜਰ ਕਮੇਟੀ ਮੈਂਬਰਾਂ ਅਤੇ ਸਹਿਰ ਵਾਸੀਆਂ ਵੱਲੋਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸੁਭਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ।ਇਸ ਮੌਕੇ ਚੋਣ ਕਮੇਟੀ ਚੇਅਰਮੈਨ ਰਾਮ ਬਾਂਸਲ, ਵਾਇਸ ਚੇਅਰਮੈਨ ਵਿਜੇ ਮਿੱਤਲ, ਨਵੇਂ ਪ੍ਰਧਾਨ ਦਰਸਨ ਮਿੱਤਲ, ਬੀਕੇ ਗੁਪਤਾ ਅਤੇ ਵਿਨੋਦ ਸਿੰਗਲਾ ਆਦਿ ਵੱਲੋਂ ਉੱਨਾਂ ਨੂੰ ਵਿਸੇਸ ਤੌਰ ਤੇ ਸਨਮਾਨਿਤ ਕੀਤਾ ਗਿਆ।

# ਮਿਲੇਨੀਅਮ ਵਰਲਡ ਸਕੂਲ, ਸਮਾਣਾ ਵੱਲੋਂ ਲੇਬਰ ਡੇ ਮੌਕੇ ਖਾਸ ਅਸੈਂਬਲੀ




**ਆਜ਼ਾਦ ਸੋਚ**
**ਸੰਜੇ ਬਾਂਸਲ**
**ਸਮਾਣਾ, 30 ਅਪ੍ਰੈਲ**

ਮਿਲੇਨੀਅਮ ਵਰਲਡ ਸਕੂਲ, ਸਮਾਣਾ ਵਿੱਚ ਲੇਬਰ ਡੇ ਬੜੀ ਇੱਜਤ ਅਤੇ ਧੰਨਵਾਦ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਖਾਸ ਅਸੈਂਬਲੀ ਕਰਵਾਈ ਗਈ। ਇਸ ਦਾ ਮਕਸਦ ਉਹਨਾਂ ਮਜਦੂਰਾਂ ਦੀ ਮਿਹਨਤ ਅਤੇ ਸਮਰਪਣ ਨੂੰ ਸਨਮਾਨ ਦੇਣਾ ਸੀ ਜੋ ਸਕੂਲ ਦੀ ਸਹੀ ਚੱਲਣ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ।

ਅਸੈਂਬਲੀ ਦੀ ਸੁਰੂਆਤ ਵਿਦਿਆਰਥੀਆਂ ਵੱਲੋਂ ਲੇਬਰ ਡੇ ਦੀ ਮਹੱਤਤਾ ਦੱਸ ਕੇ ਕੀਤੀ ਗਈ। ਉਹਨਾਂ ਦੱਸਿਆ ਕਿ ਇਹ ਦਿਨ ਮਜਦੂਰਾਂ ਦੀ ਮਿਹਨਤ ਨੂੰ ਸਨਮਾਨ ਦੇਣ ਅਤੇ ਹਰ ਕੰਮ ਦੀ ਇੱਜਤ ਕਰਨ ਲਈ ਮਨਾਇਆ ਜਾਂਦਾ ਹੈ। ਵਿਦਿਆਰਥੀਆਂ ਨੇ ਭਾਸਣ ਅਤੇ ਛੋਟੀਆਂ ਪ੍ਰਸਤੁਤੀਆਂ ਰਾਹੀਂ ਇਹ ਸੁਨੇਹਾ ਦਿੱਤਾ ਕਿ ਹਰ ਵਿਅਕਤੀ ਦੀ ਭੂਮਿਕਾ ਮਹੱਤਵਪੂਰਨ ਹੁੰਦੀ ਹੈ।

ਪ੍ਰਿੰਸੀਪਲ ਮੈਡਮ ਸਾਲਿਨੀ ਕਾਜਲਾ ਅਤੇ ਅਧਿਆਪਕਾਂ ਨੇ ਵੀ ਬੱਚਿਆਂ ਨੂੰ ਸੰਬੋਧਨ ਕੀਤਾ। ਉਹਨਾਂ ਨੇ ਮਿਹਨਤ, ਲਗਨ ਅਤੇ ਮਜਦੂਰਾਂ ਪ੍ਰਤੀ ਸਤਿਕਾਰ ਦੀ ਮਹੱਤਤਾ ਬਾਰੇ ਦੱਸਿਆ। ਉਹਨਾਂ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਹਰ ਕਿਸੇ ਦੀ ਮਿਹਨਤ ਦੀ ਕਦਰ ਕਰਨ।

ਇਸ ਮੌਕੇ ਇਕ ਖਾਸ ਕਦਮ ਤਹਿਤ ਵਿਦਿਆਰਥੀਆਂ ਵੱਲੋਂ ਸਕੂਲ ਦੇ ਮਜਦੂਰਾਂ ਨੂੰ ਫਲਾਂ ਦੇ ਟੋਕਰੇ ਵੰਡੇ ਗਏ। ਇਸ ਨਾਲ ਮਜਦੂਰਾਂ ਦੇ ਚਿਹਰਿਆਂ 'ਤੇ ਖੁਸੀ ਆ ਗਈ ਅਤੇ ਸਾਰੇ ਮਾਹੌਲ ਵਿੱਚ ਪਿਆਰ ਅਤੇ ਸਤਿਕਾਰ ਦੀ ਭਾਵਨਾ ਬਣੀ।

ਚੇਅਰਮੈਨ ਡਾ. ਕੇ.ਕੇ. ਜੌਹਰੀ ਨੇ ਆਪਣੇ ਸੰਦੇਸ ਵਿੱਚ ਕਿਹਾ, "ਲੇਬਰ ਡੇ ਸਾਨੂੰ ਯਾਦ ਦਿਵਾਉਂਦਾ ਹੈ ਕਿ ਸਮਾਜ ਵਿੱਚ ਹਰ ਵਿਅਕਤੀ ਦੀ ਭੂਮਿਕਾ ਮਹੱਤਵਪੂਰਨ ਹੈ। ਸਾਨੂੰ ਹਰ ਇੱਕ ਦੀ ਮਿਹਨਤ ਦੀ ਕਦਰ ਕਰਨੀ ਚਾਹੀਦੀ ਹੈ।"

ਪ੍ਰਿੰਸੀਪਲ ਮੈਡਮ ਸਾਲਿਨੀ ਕਾਜਲਾ ਨੇ ਕਿਹਾ, "ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਮਿਹਨਤ ਦੀ ਇੱਜਤ ਕਰਨੀ ਸਿਖਾਉਣੀ ਬਹੁਤ ਜਰੂਰੀ ਹੈ। ਇਸ ਤਰ੍ਹਾਂ ਦੇ ਪ੍ਰੋਗਰਾਮ ਉਹਨਾਂ ਵਿੱਚ ਸਤਿਕਾਰ ਅਤੇ ਧੰਨਵਾਦ ਦੀ ਭਾਵਨਾ ਪੈਦਾ ਕਰਦੇ ਹਨ।"

ਅੰਤ ਵਿੱਚ ਵਿਦਿਆਰਥੀਆਂ ਨੇ ਵਚਨ ਲਿਆ ਕਿ ਉਹ ਹਰ ਮਜਦੂਰ ਦਾ ਸਤਿਕਾਰ ਕਰਨਗੇ।

# ਕੀਰਤਪੁਰ ਸਾਹਿਬ ਦੀ 400 ਸਾਲਾ ਸਥਾਪਨਾ ਸ਼ਤਾਬਦੀ ਦੇ ਸਮਾਗਮਾਂ ਦੀ ਜਾਹੋ-ਜਲਾਲ ਨਾਲ ਆਰੰਭਤਾ

## ਗਿਆਨੀ ਕੁਲਦੀਪ ਸਿੰਘ ਗੜਗੱਜ, ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਕਾਰਸੇਵਾ ਵਾਲੇ ਮਹਾਂਪੁਰਖ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਰਹੀਆਂ ਮੌਜੂਦ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 30 ਅਪ੍ਰੈਲ**

ਛੇ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ ਅਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਵਸਾਈ ਨਗਰੀ ਸ੍ਰੀ ਕੀਰਤਪੁਰ ਸਾਹਿਬ ਦੀ 400 ਸਾਲਾ ਸਥਾਪਨਾ ਸ਼ਤਾਬਦੀ ਦੇ ਸਮਾਗਮਾਂ ਦਾ ਅੱਜ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਕੀਰਤਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਦੀ ਆਰੰਭਤਾ ਦੇ ਨਾਲ ਆਗਾਜ਼ ਹੋ ਗਿਆ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਨਿਹਾਲ ਸਿੰਘ ਦਲ ਬਾਬਾ ਬਿਧੀਚੰਦ, ਬਾਬਾ ਜਰਨੈਲ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਵਸਾਏ ਨਗਰ ਸਿੱਖਾਂ ਲਈ ਵੱਡੀ ਮਹੱਤਤਾ ਰੱਖਦੇ ਹਨ। ਗੁਰੂ ਸਾਹਿਬਾਨ ਨੇ ਆਪਣੇ ਸਮੇਂ ਕਈ ਨਗਰ ਵਸਾਏ ਅਤੇ ਸੰਗਤਾਂ ਨੂੰ ਇਕ ਅਕਾਲ ਪੁਰਖ ਨਾਲ ਜੋੜਿਆ। ਇਸੇ ਤਰ੍ਹਾਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਕੀਰਤਪੁਰ ਸਾਹਿਬ ਵਸਾਇਆ। ਇਸੇ ਅਸਥਾਨ 'ਤੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਹੋਇਆ। ਗੁਰੂ ਸਾਹਿਬ ਵੱਲੋਂ ਇਸ ਪਾਵਨ ਅਸਥਾਨ 'ਤੇ ਸਥਾਪਤ ਨੌਲੱਖਾ ਬਾਗ ਵਿੱਚੋਂ ਕੁਦਰਤੀ ਔਸ਼ਧੀਆਂ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਹਰਿਰਾਇ ਸਾਹਿਬ ਜੀ ਨੇ ਰੋਗੀਆਂ ਦਾ ਇਲਾਜ ਕੀਤਾ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ਦਾ 400 ਸਾਲਾ ਸਥਾਪਨਾ ਦਿਵਸ ਦਾ ਮੰਤਵ ਨੌਜੁਆਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਫਲਸਫੇ ਅਤੇ ਪਰਉਪਕਾਰਾਂ ਨਾਲ ਜੋੜਨਾ ਹੈ। ਐਡਵੋਕੇਟ ਧਾਮੀ ਨੇ ਇਸ ਇਤਿਹਾਸਕ ਦਿਹਾੜੇ 'ਤੇ ਕੌਮੀ ਇਕਜੁਟਤਾ ਦੀ ਅਪੀਲ ਕਰਦਿਆਂ ਕਿਹਾ ਕਿ ਪੰਥਕ ਮਾਮਲਿਆਂ ਦੇ ਹੱਲ ਲਈ ਗੁਰੂ ਸਾਹਿਬਾਨ ਦੇ ਦਰਸਾਏ ਸਿਧਾਂਤ ਸਹਾਈ ਹੋ ਸਕਦੇ ਹਨ। ਇਸ ਮੌਕੇ ਉਨ੍ਹਾਂ ਨੇ ਮੌਜੂਦਾ ਪੰਥਕ ਚੁਣੌਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਵਿਚ ਸਰਕਾਰਾਂ ਸਿੱਖਾਂ ਪ੍ਰਤੀ ਦੋਹਰਾ ਕਾਨੂੰਨੀ ਵਤੀਰਾ ਅਪਨਾ ਰਹੀਆਂ ਹਨ, ਜਿਸ ਵਿਰੁੱਧ ਸਿੱਖ ਕੌਮ ਨੂੰ ਇਕਜੁਟਤਾ ਨਾਲ ਵਿਰੋਧ ਦਰਜ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਸਰਕਾਰਾਂ ਸਿੱਖਾਂ ਦੇ ਸੰਵਿਧਾਨਕ ਅਧਿਕਾਰਾਂ ਦੀ ਵੀ ਉਲੰਘਣਾ ਕਰ ਰਹੀਆਂ ਹਨ, ਜਿਸ ਪ੍ਰਤੀ ਵੀ ਸੁਚੇਤ ਹੋਣ ਦੀ ਲੋੜ ਹੈ।।ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰੂ ਸਾਹਿਬਾਨ ਦਾ ਵੱਖ-ਵੱਖ ਨਗਰ ਵਸਾਉਣ ਪਿੱਛੇ ਇਕ ਉਚੇਰਾ ਸੰਕਲਪ ਸੀ, ਜੋ ਵਿਲੱਖਣ ਸੱਭਿਆਰ, ਧਰਮ ਦੇ ਪ੍ਰਚਾਰ ਅਤੇ ਸਮਾਜਿਕ ਬਰਾਬਰੀ ਦਾ ਸੁਨੇਹਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਵੱਲੋਂ ਸ੍ਰੀ ਕੀਰਤਪੁਰ ਸਾਹਿਬ ਦੇ ਸਥਾਪਨਾ ਦਿਵਸ ਦੇ ਸ਼ਤਾਬਦੀ ਸਮਾਗਮ ਪੰਥ ਵੱਲੋਂ ਖ਼ਾਲਸਾਈ ਜਾਹੋ ਜਲਾਲ ਨਾਲ ਮਨਾਏ ਜਾ ਰਹੇ ਹਨ। ਗੁਰੂ ਸਾਹਿਬ ਨੇ ਜੋ ਰੱਲ ਕੇ ਰਹਿਣ ਤੇ ਵਿਲੱਖਣ ਪਛਾਣ ਦਾ ਸੰਕਲਪ ਦਿੱਤਾ ਅੱਜ ਕੌਮ ਨੂੰ ਉਸ 'ਤੇ ਚੱਲਣ ਦੀ ਲੋੜ ਹੈ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਸਬੰਧੀ ਹੋ ਰਹੇ ਸਮਾਗਮਾਂ ਵਿਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਦੇ ਨਜ਼ਦੀਕ ਗੁਰੂ ਸਾਹਿਬ ਵੱਲੋਂ ਸਥਾਪਤ ਨੌਲੱਖਾ ਬਾਗ ਵਿਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਤਾਬਦੀ ਦੀ ਯਾਦ 'ਚ ਹਰੜ ਅਤੇ ਕਲੋੜ ਸਮੇਤ ਹੋਰ ਬੂਟੇ ਲਗਾ ਕੇ ਵਾਤਾਵਰਣ ਸੰਭਾਲ ਦਾ ਸੁਨੇਹਾ ਦਿੱਤਾ।ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ, ਜਿਸ ਵਿਚ 82 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ।ਇਸ ਮੌਕੇ ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਨਿਹਾਲ ਸਿੰਘ ਦਲ ਬਾਬਾ ਬਿਧੀਚੰਦ, ਬਾਬਾ ਜਰਨੈਲ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸਾਬਕਾ ਸਪੀਕਰ ਰਾਣਾ ਕੇਪੀ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁਖ ਗ੍ਰੰਥੀ ਗਿਆਨੀ ਜੁਗਿੰਦਰ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ, ਸਿੱਖ ਚਿੰਤਕ ਸ. ਤਲਵਿੰਦਰ ਸਿੰਘ ਬੁੱਟਰ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਜਸਬੀਰ ਸਿੰਘ, ਹੈਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਸਮੇਤ ਸੰਗਤਾਂ ਮੌਜੂਦ ਸਨ।



# ਗਲਤ ਤਥ ਦੇ ਕੇ ਜਨਗਣਨਾ ਡਿਊਟੀ ਕਟਵਾਉਣ ਤੋਂ ਗੁਰੇਜ ਕਰਨ ਕਰਮਚਾਰੀ - ਵਧੀਕ ਡਿਪਟੀ ਕਮਿਸ਼ਨਰ



**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ**
**ਮਾਲੇਰਕੋਟਲਾ, 30 ਅਪ੍ਰੈਲ**

ਜਨਗਣਨਾ ਦੇ ਕੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨਾ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਹੈ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਨੇ ਜ਼ਿਲ੍ਹੇ ਦੇ ਵਖ-ਵਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਜਨਗਣਨਾ ਦਾ ਕੰਮ ਰਾਸ਼ਟਰੀ ਮਹਤਵ ਦਾ ਹੈ ਅਤੇ ਇਸਨੂੰ ਸਫਲਤਾਪੂਰਵਕ ਪੂਰਾ ਕਰਨਾ ਹਰ ਕਰਮਚਾਰੀ ਦੀ ਨੈਤਿਕ ਤੇ ਪ੍ਰਸ਼ਾਸਨਿਕ ਜ਼ਿੰਮੇਵਾਰੀ ਹੈ ਪਰੰਤੂ ਕਈ ਮੌਕਿਆਂ 'ਤੇ ਕਰਮਚਾਰੀ ਬਿਨਾਂ ਵਾਜਬ ਕਾਰਨ ਦੇ ਆਪਣੀ ਡਿਊਟੀ ਨਿਭਾਉਣ ਤੋਂ ਗੁਰੇਜ਼ ਕਰਦੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦਸਿਆ ਕਿ ਸੈਂਸਜ ਜਾਰੀ ਹੋਣ ਤੋਂ ਬਾਅਦ ਕਈ ਮੁਲਾਜ਼ਮ ਡਿਊਟੀ ਕਟਵਾਉਣ ਲਈ ਅਰਜ਼ੀਆਂ ਦੇ ਰਹੇ ਹਨ। ਉਨ੍ਹਾਂ ਸਪਸ਼ਟ ਕੀਤਾ ਕਿ ਜੇਕਰ ਕੋਈ ਕਰਮਚਾਰੀ ਗਲਤ ਤਥਾਂ ਜਾਂ ਝੂਠੇ ਕਾਰਨਾਂ ਦੇ ਆਧਾਰ 'ਤੇ ਡਿਊਟੀ ਤੋਂ ਬਚਣ ਦੀ ਕੋਸ਼ਿਸ਼ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਵੈਧ ਕਾਰਨ ਦੇ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਨੂੰ ਆਪਣੀ ਡਿਊਟੀ ਤੋਂ ਛੂਟ ਨਹੀਂ ਦਿਤੀ ਜਾਵੇਗੀ ਅਤੇ ਕਿਸੇ ਵੀ ਤਰ੍ਹਾਂ ਦੀ ਸਿਫ਼ਾਰਸ਼ ਕਰਨ ਤੋਂ ਗੁਰੇਜ਼ ਕੀਤਾ ਜਾਵੇ। ਉਨ੍ਹਾਂ ਹੋਰ ਕਿਹਾ ਕਿ ਕੇਵਲ ਉਹੀ ਕਰਮਚਾਰੀ ਰਾਹਤ ਦੇ ਹਕਦਾਰ ਹੋਣਗੇ ਜੋ ਮੈਡੀਕਲ ਕਾਰਨਾਂ ਕਰਕੇ ਡਿਊਟੀ ਕਰਨ ਦੇ ਯੋਗ ਨਹੀਂ ਹਨ। ਜੇਕਰ ਕੋਈ ਫਰਜ਼ੀ ਮੈਡੀਕਲ ਸਰਟੀਫਿਕੇਟ ਦੇ ਆਧਾਰ 'ਤੇ ਡਿਊਟੀ ਤੋਂ ਬਚਣ ਦੀ ਕੋਸ਼ਿਸ਼ ਕਰੇਗਾ ਤਾਂ ਉਸ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਨੇ ਕਿਹਾ ਕਿ ਮਰਦਮਸ਼ੁਮਾਰੀ ਦੇ ਸਹੀ ਅਤੇ ਭਰੋਸੇਯੋਗ ਅੰਕੜੇ ਹੀ ਸਰਕਾਰ ਦੀਆਂ ਭਵਿਖੀ ਨੀਤੀਆਂ, ਯੋਜਨਾਵਾਂ ਅਤੇ ਵਿਕਾਸ ਕਾਰਜਾਂ ਲਈ ਮਜ਼ਬੂਤ ਅਧਾਰ ਸਾਬਤ ਹੁੰਦੇ ਹਨ ਇਸ ਲਈ ਸਮੂਹ ਕਰਮਚਾਰੀ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਤਾਂ ਜੋ ਮਰਦਮਸ਼ੁਮਾਰੀ 2027 ਬਿਨਾਂ ਕਿਸੇ ਰੁਕਾਵਟ ਦੇ ਸਫਲਤਾਪੂਰਵਕ ਪੂਰੀ ਕੀਤੀ ਜਾ ਸਕੇ। ਇਸ ਮੌਕੇ ਐਸ.ਡੀ.ਐਮ ਕਨੂ ਗਰਗ, ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਨ, ਉਪ ਜ਼ਿਲ੍ਹਾ ਸਿਖਿਆ ਅਫ਼ਸਰ ਮਨਜੀਤ ਕੌਰ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਨੇ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ ਨੇ 20 ਮਈ ਤੱਕ ਰੋਕੀ: ਬਲਵਿੰਦਰ ਸਿੰਘ ਕਾਹਲਵਾਂ

## ਡਿਜੀਟਲ ਰਿਕਾਰਡ ਸਿਸਟਮ ਤਿਆਰ ਕਰਨ ਦੇ ਨਾਲ- ਨਾਲ ਕੀਤੀਆਂ ਜਾ ਰਹੀਆਂ ਹਨ ਕਈ ਅਹਿਮ ਤਬਦੀਲੀਆਂ: ਸਕੱਤਰ ਸ਼੍ਰੋਮਣੀ ਕਮੇਟੀ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 30 ਅਪ੍ਰੈਲ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤ ਅਤੇ ਗੁਰਦੁਆਰਾ ਸਾਹਿਬਾਨ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ 20 ਮਈ ਤੀਕ ਰੋਕਣ ਦਾ ਫੈਸਲਾ ਕੀਤਾ ਹੈ। ਪੰਜਾਬ ਸਰਕਾਰ ਵੱਲੋਂ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਪਾਸ ਕਰਨ ਮਗਰੋਂ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ਨ ਅਤੇ ਸੰਗਤ ਦੀ ਮੰਗ ਅਨੁਸਾਰ ਸਰੂਪ ਦੇਣ ਦੇ ਨਿਯਮਾਂ ਵਿੱਚ ਕੀਤੀ ਜਾ ਰਹੀ ਤਬਦੀਲੀ ਦੇ ਮੱਦੇਨਜ਼ਰ ਇਹ ਨਿਰਣਾ ਲਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਬਲੀਕੇਸ਼ਨ ਵਿਭਾਗ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਪੂਰੀ ਮਰਿਆਦਾ ਅਤੇ ਸਤਿਕਾਰ ਨਾਲ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ਨ ਕਰਕੇ ਸੰਗਤ ਦੀ ਮੰਗ ਅਨੁਸਾਰ ਦੇਸ਼ ਦੁਨੀਆ ਅੰਦਰ ਗੁਰਦੁਆਰਾ ਸਾਹਿਬਾਨ ਵਿਖੇ ਮੁਹਈਆ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸੇਵਾ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਵੱਲੋਂ ਮੌਕੇ ਪੁਰ ਜਾ ਕੇ ਮਰਿਆਦਾ ਸੰਬੰਧੀ ਰਿਪੋਰਟ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਮੈਂਬਰ ਦੀ ਸਿਫਾਰਿਸ਼ ਨਾਲ ਪ੍ਰਕਿਰਿਆ ਪੂਰੀ ਕੀਤੀ ਜਾਂਦੀ ਹੈ।



ਸ. ਕਾਹਲਵਾਂ ਨੇ ਦੱਸਿਆ ਕਿ ਭਾਵੇਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਪਹਿਲਾਂ ਤੋਂ ਹੀ ਮੁਕੰਮਲ ਰਿਕਾਰਡ ਰੱਖਿਆ ਜਾਂਦਾ ਹੈ ਲੇਕਿਨ ਹੁਣ ਇਹ ਕਾਰਜ ਨਵੀਆਂ ਤਰਜੀਹਾਂ ਅਤੇ ਸੇਧਾਂ ਅਨੁਸਾਰ ਕੀਤਾ ਜਾਵੇਗਾ। ਇਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਨਵੀਂ ਨੀਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇਸ ਨਵੀਂ ਨੀਤੀ ਨੂੰ ਲਾਗੂ ਕਰਨ ਤੀਕ ਸੰਗਤ ਨੂੰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਨਹੀਂ ਕਰਵਾਏ ਜਾ ਸਕਣਗੇ। ਇਸ ਲਈ 20 ਮਈ ਤੋਂ ਬਾਅਦ ਹੀ ਸੰਗਤਾਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰ ਸਕਣਗੀਆਂ। ਉਨ੍ਹਾਂ ਜਾਣਕਾਰੀ ਦਿੱਤੀ ਕਿ ਨਵੀਂ ਯੋਜਨਾ ਅਨੁਸਾਰ ਸੰਗਤ ਦੀ ਮੰਗ 'ਤੇ ਦਿੱਤੇ ਜਾਣ ਵਾਲੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਡਿਜੀਟਲ ਰਿਕਾਰਡ ਸਿਸਟਮ ਤਿਆਰ ਕਰਨ ਅਤੇ ਉਸ ਨੂੰ ਵੈਬਸਾਈਟ 'ਤੇ ਪ੍ਰਕਾਸ਼ਿਤ ਕਰਨ ਲਈ ਤਕਨੀਕੀ ਅਤੇ ਪ੍ਰਬੰਧਕੀ ਤਬਦੀਲੀਆਂ ਜਾਰੀ ਹਨ, ਜੋ ਆਉਂਦੇ ਕੁਝ ਦਿਨਾਂ ਤੱਕ ਲਾਗੂ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਸੰਗਤ ਵੱਲੋਂ ਮੰਗ ਆਉਣ 'ਤੇ ਹੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ਨ ਹੋਵੇਗਾ ਅਤੇ ਇਸ ਸਾਰੀ ਪ੍ਰਕਿਰਿਆ ਲਈ ਸੰਗਤ ਨੂੰ ਕੁਝ ਸਮਾਂ ਇੰਤਜ਼ਾਰ ਕਰਨਾ ਪਵੇਗਾ। ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰਨ ਮੌਕੇ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਦੀ ਪਛਾਣ ਫੋਟੋ ਸਮੇਤ ਡਿਜੀਟਲ ਮਾਧਿਅਮ ਨਾਲ ਸੰਭਾਲੀ ਜਾਵੇਗੀ ਅਤੇ ਉਨ੍ਹਾਂ ਨੂੰ ਮੌਕੇ ਪੁਰ ਇੱਕ ਪ੍ਰਮਾਣ ਪੱਤਰ ਦਿੱਤਾ ਜਾਵੇਗਾ, ਜਿਸ ਦੀ ਇੱਕ ਕਾਪੀ ਸੰਗਤ ਨੂੰ ਦਿੱਤੀ ਜਾਵੇਗੀ ਅਤੇ ਇੱਕ ਕਾਪੀ ਪਬਲੀਕੇਸ਼ਨ ਵਿਭਾਗ ਵਿੱਚ ਮੌਜੂਦ ਰਹੇਗੀ। ਇਸ ਦਾ ਡਿਜੀਟਲ ਰੂਪ ਆਪਣੇ ਆਪ ਹੀ ਸ਼੍ਰੋਮਣੀ ਕਮੇਟੀ ਦੇ ਸਰਵਰ ਉੱਤੇ ਹਮੇਸ਼ਾਂ ਲਈ ਸੁਰੱਖਿਅਤ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਇੱਕ ਵਿਲੱਖਣ ਪਛਾਣ ਅੰਕ ਨਾਲ ਸਾਰਾ ਵੇਰਵਾ ਜੋੜਿਆ ਜਾਵੇਗਾ, ਜਿਸ ਨੂੰ ਪਬਲੀਕੇਸ਼ਨ ਵਿਭਾਗ ਦੇ ਨਾਲ ਨਾਲ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਕਿਸੇ ਵੀ ਸਮੇਂ ਦੇਖਿਆ ਜਾ ਸਕੇਗਾ। ਸ. ਕਾਹਲਵਾਂ ਨੇ ਇਹ ਜਾਣਕਾਰੀ ਵੀ ਸਾਂਝੀ ਕੀਤੀ ਕਿ ਸੰਗਤ ਨੂੰ ਦਿੱਤੇ ਜਾਣ ਵਾਲੇ ਪ੍ਰਮਾਣ ਪੱਤਰ ਵਿੱਚ ਸੇਵਾ ਸੰਭਾਲ ਲਈ ਨਿਯਮ ਤੇ ਪ੍ਰੇਰਨਾ ਸਬੰਧੀ ਜਾਣਕਾਰੀ ਵੀ ਦਰਜ ਹੋਵੇਗੀ। ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰਨ ਆਈ ਸੰਗਤ ਤੋਂ ਇਹ ਵੀ ਪ੍ਰਣ ਲਿਆ ਜਾਵੇਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਸੰਭਾਲ ਲਈ ਉਨ੍ਹਾਂ ਦੀ ਜਿੰਮੇਵਾਰੀ ਹੋਵੇਗੀ ਅਤੇ ਲੋੜੀਂਦੀ ਮਰਿਆਦਾ ਅਤੇ ਸਾਵਧਾਨੀਆਂ ਦਾ ਵੀ ਇਸ ਪੱਤਰ ਵਿੱਚ ਜ਼ਿਕਰ ਹੋਵੇਗਾ। ਇਸ ਦੇ ਨਾਲ ਹੀ ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 2013 ਵਿੱਚ ਹੋਏ ਆਦੇਸ਼ ਦੀ ਰੌਸ਼ਨੀ ਵਿੱਚ ਮਰਿਆਦਾ ਨੂੰ ਸਨਮੁਖ ਰੱਖਦਿਆਂ ਕਬਰਾਂ, ਸਮਾਧਾਂ ਅਤੇ ਜਠੇਰਿਆਂ ਆਦਿ ਦੀ ਜਗ੍ਹਾ ਉੱਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਮਨਾਹੀ ਹੈ, ਇਸ ਲਈ ਅਜਿਹੀਆਂ ਥਾਵਾਂ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਗੁਰਦੁਆਰਾ ਸਾਹਿਬਾਨ ਤੋਂ ਨਾ ਦੇਣ ਅਤੇ ਹੁਕਮਨਾਮੇ ਦਾ ਪਾਲਣ ਕਰਵਾਉਣ ਦੀ ਜਿੰਮੇਵਾਰੀ ਵੀ ਗੁਰਦੁਆਰਾ ਕਮੇਟੀਆਂ ਦੀ ਹੋਵੇਗੀ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹੁਣ ਤੱਕ 1.32 ਲੱਖ ਤੋਂ ਵੱਧ ਸ਼ਰਧਾਲੂਆਂ ਨੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ : ਪ੍ਰਭਬੀਰ ਸਿੰਘ ਬਰਾੜ

**• ਦੂਜੇ ਪੜਾਅ ਅਧੀਨ ਵੱਖ-ਵੱਖ ਕਲੱਸਟਰਾਂ ਤੋਂ 2462 ਯਾਤਰਾਵਾਂ ਰਾਹੀਂ 97,041 ਸ਼ਰਧਾਲੂਆਂ ਨੇ ਲਿਆ ਧਾਰਮਿਕ ਯਾਤਰਾ ਦਾ ਲਾਹਾ • ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲੇ ਪੜਾਅ ਅਧੀਨ ਲਗਭਗ 35,500 ਸ਼ਰਧਾਲੂਆਂ ਨੇ ਕੀਤੇ ਮੁਫ਼ਤ ਦਰਸ਼ਨ-ਦੀਦਾਰੇ**

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ, 30 ਅਪ੍ਰੈਲ**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪ੍ਰਮੁੱਖ ਪਹਿਲਕਦਮੀ "ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ" ਦੇ ਦੋ ਪੜਾਵਾਂ ਅਧੀਨ ਹੁਣ ਤੱਕ 1.32 ਲੱਖ ਤੋਂ ਵੱਧ ਸ਼ਰਧਾਲੂ ਵੱਖ-ਵੱਖ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਇਸ ਪਹਿਲ ਦਾ ਮੁੱਖ ਉਦੇਸ਼ ਸੂਬਾ ਵਾਸੀਆਂ ਲਈ ਮੁਫ਼ਤ ਧਾਰਮਿਕ ਯਾਤਰਾ ਦੀ ਸਹੂਲਤ ਪ੍ਰਦਾਨ ਕਰਨਾ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਸਬੰਧੀ ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ।

ਇਸ ਸਮੇਂ ਚਲ ਰਹੇ ਦੂਜੇ ਪੜਾਅ ਦੀ ਜ਼ਿਲ੍ਹਾ-ਵਾਰ ਪ੍ਰਗਤੀ ਸਾਂਝੀ ਕਰਦਿਆਂ ਪਨਸਪ ਦੇ ਚੇਅਰਮੈਨ ਅਤੇ ਅੰਮ੍ਰਿਤਸਰ ਦੇ ਨੌਜਵਾਨ ਆਗੂ ਸ੍ਰੀ ਪ੍ਰਭਬੀਰ ਸਿੰਘ ਬਰਾੜ ਨੇ ਦੱਸਿਆ ਕਿ 27 ਅਪ੍ਰੈਲ, 2026 ਤੱਕ ਅੰਮ੍ਰਿਤਸਰ ਕਲੱਸਟਰ ਵਿੱਚੋਂ 154 ਯਾਤਰਾਵਾਂ ਨਾਲ 6,160 ਸ਼ਰਧਾਲੂਆਂ ਨੇ ਪਾਵਨ ਤੀਰਥ ਅਸਥਾਨਾਂ ਦੇ ਦਰਸ਼ਨ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਬਠਿੰਡਾ ਕਲੱਸਟਰ ਵਿੱਚੋਂ 1179 ਯਾਤਰਾਵਾਂ ਕੀਤੀਆਂ ਗਈਆਂ ਜਿਸ ਤਹਿਤ 46,030 ਸ਼ਰਧਾਲੂ ਦਰਸ਼ਨ ਕਰਨ ਗਏ। ਇਸੇ ਤਰ੍ਹਾਂ ਮੋਹਾਲੀ ਵਿੱਚੋਂ 533 ਯਾਤਰਾਵਾਂ ਰਾਹੀਂ 21,104 ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਾਉਣ ਲਈ ਲਿਜਾਇਆ ਗਿਆ ਜਦਕਿ ਲੁਧਿਆਣਾ ਵਿੱਚੋਂ 596 ਯਾਤਰਾਵਾਂ ਕੀਤੀਆਂ ਗਈਆਂ ਜਿਸ ਤਹਿਤ 23,747 ਸ਼ਰਧਾਲੂਆਂ ਨੇ ਦਰਸ਼ਨ ਕੀਤੇ। ਉਨ੍ਹਾਂ ਦੱਸਿਆ ਕਿ ਕੁੱਲ ਮਿਲਾ ਕੇ ਇਨ੍ਹਾਂ ਕਲੱਸਟਰਾਂ ਵਿੱਚੋਂ 2462 ਯਾਤਰਾਵਾਂ ਰਾਹੀਂ 97,041 ਸ਼ਰਧਾਲੂਆਂ ਨੂੰ ਮੁਫ਼ਤ ਧਾਰਮਿਕ ਯਾਤਰਾ ਕਰਵਾਈ ਗਈ।

ਚੇਅਰਮੈਨ ਸ੍ਰੀ ਪ੍ਰਭਬੀਰ ਸਿੰਘ ਬਰਾੜ ਨੇ ਅੱਗੇ ਦੱਸਿਆ ਕਿ 27 ਨਵੰਬਰ, 2023 ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ "ਮੁੱਖ ਮੰਤਰੀ ਤੀਰਥ ਯਾਤਰਾ" ਦੇ ਪਹਿਲੇ ਪੜਾਅ ਤਹਿਤ ਲਗਭਗ 35,500 ਸ਼ਰਧਾਲੂਆਂ ਨੇ ਸ੍ਰੀ ਹਜ਼ੂਰ ਸਾਹਿਬ (ਨਾਂਦੇੜ), ਸ੍ਰੀ ਪਟਨਾ ਸਾਹਿਬ (ਬਿਹਾਰ), ਵਾਰਾਣਸੀ ਮੰਦਿਰ, ਮਥੁਰਾ ਅਤੇ ਸ੍ਰੀ ਵ੍ਰਿੰਦਾਵਨ ਧਾਮ (ਉੱਤਰ ਪ੍ਰਦੇਸ਼), ਅਜਮੇਰ ਸ਼ਰੀਫ਼ ਦਰਗਾਹ (ਰਾਜਸਥਾਨ), ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ), ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਿਆਮ ਜੀ, ਮਾਤਾ ਚਿੰਤਪੁਰਨੀ ਜੀ, ਮਾਤਾ ਜਵਾਲਾ ਜੀ, ਮਾਤਾ ਨੈਣਾ ਦੇਵੀ ਜੀ ਅਤੇ ਮਾਤਾ ਵੈਸ਼ਨੋ ਦੇਵੀ ਜੀ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ ਸਨ।



ਚੇਅਰਮੈਨ ਸ੍ਰੀ ਬਰਾੜ ਨੇ ਦੱਸਿਆ ਕਿ ਇਸ ਯੋਜਨਾ ਦਾ ਦੂਜਾ ਪੜਾਅ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਮੌਕੇ ਅਕਤੂਬਰ 2025 ਵਿੱਚ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸਾਰੇ ਧਰਮਾਂ, ਜਾਤਾਂ ਅਤੇ ਖਿੱਤਿਆਂ ਦੇ ਸ਼ਰਧਾਲੂ ਇਸ ਯੋਜਨਾ ਤਹਿਤ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦੂਜੇ ਪੜਾਅ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ, ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ਼, ਪਾਰਟੀਸ਼ਨ ਮਿਊਜ਼ੀਅਮ ਅਤੇ ਕਈ ਹੋਰ ਪਵਿੱਤਰ ਅਸਥਾਨਾਂ ਸਮੇਤ ਪ੍ਰਮੁੱਖ ਧਾਰਮਿਕ ਅਤੇ ਵਿਰਾਸਤੀ ਸਥਾਨਾਂ 'ਤੇ ਲਿਜਾਇਆ ਜਾ ਰਿਹਾ ਹੈ।

ਇਸ ਯੋਜਨਾ ਤਹਿਤ ਦਿੱਤੀਆਂ ਜਾ ਰਹੀਆਂ ਸਹੂਲਤਾਂ 'ਤੇ ਚਾਨਣਾ ਪਾਉਂਦਿਆਂ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਯੋਜਨਾ ਦੇ ਦੋਵਾਂ ਪੜਾਵਾਂ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਯਾਤਰਾ ਅਤੇ ਰਿਹਾਇਸ਼, ਭੋਜਨ, ਡਾਕਟਰੀ ਸਹਾਇਤਾ ਅਤੇ ਜ਼ਰੂਰੀ ਕਿੱਟਾਂ ਪ੍ਰਦਾਨ ਕੀਤੀਆਂ ਗਈਆਂ, ਜਿਸ ਦਾ ਸਾਰਾ ਖ਼ਰਚਾ ਸੂਬਾ ਸਰਕਾਰ ਵੱਲੋਂ ਚੁੱਕਿਆ ਗਿਆ।

# ਮਈ ਦਿਵਸ ਮੌਕੇ ਜ਼ਿਲ੍ਹਾ ਇੰਚਾਰਜ ਜੇ.ਐਸ.ਖੰਨਾ ਵਲੋਂ ਵਿਸ਼ੇਸ਼ ਸਪਲੀਮੈਂਟ













## ਮਜ਼ਦੂਰ ਦਿਵਸ ਮੌਕੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਣਾ ਇੱਕ ਇਤਿਹਾਸਕ ਕਦਮ: ਤਰੁਨਪ੍ਰੀਤ ਸਿੰਘ ਸੌਂਦ

**ਆਜ਼ਾਦ ਸੋਚ**
**ਜੇ.ਐਸ.ਖੰਨਾ**
**ਖੰਨਾ, 30 ਅਪ੍ਰੈਲ**

ਪੰਜਾਬ ਦੇ ਕਿਰਤ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਮਜ਼ਦੂਰ ਦਿਵਸ ਦੀ ਪੂਰਵ ਸੰਧਿਆ ਮੌਕੇ ਸੂਬੇ ਭਰ ਦੇ ਮਜ਼ਦੂਰਾਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਭਲਾਈ, ਮਾਣ-ਸਨਮਾਨ ਅਤੇ ਸਮਾਜਿਕ-ਆਰਥਿਕ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਕਿਰਤ ਮੰਤਰੀ ਸ. ਸੌਂਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਦੀ ਸ਼ਲਾਘਾ ਕੀਤੀ ਅਤੇ ਮਜ਼ਦੂਰ ਦਿਵਸ ਨੂੰ ਸਮਰਪਿਤ 1 ਮਈ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਲਈ ਇਸ ਨੂੰ ਇੱਕ ਇਤਿਹਾਸਕ ਅਤੇ ਮਜ਼ਦੂਰ ਪੱਖੀ ਪਹਿਲ ਦੱਸਦਿਆਂ ਉਨ੍ਹਾਂ ਦਾ ਦਿਲੋਂ ਧੰਨਵਾਦ ਕੀਤਾ।



**ਕਿਰਤ ਮੰਤਰੀ ਸੌਂਦ ਵੱਲੋਂ 1 ਮਈ ਨੂੰ ਵਿਸ਼ੇਸ਼ ਸੈਸ਼ਨ ਬੁਲਾਉਣ ਲਈ ਮੁੱਖ ਮੰਤਰੀ ਮਾਨ ਦਾ ਧੰਨਵਾਦ**

ਮਜ਼ਦੂਰਾਂ ਬਾਰੇ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਬਾਰੇ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਰਾਹੀਂ ਰਜਿਸਟਰਡ ਉਸਾਰੀ ਕਾਮਿਆਂ ਲਈ ਕਈ ਤਰ੍ਹਾਂ ਦੀਆਂ ਯੋਜਨਾਵਾਂ ਲਾਗੂ ਕਰ ਰਹੀ ਹੈ। ਇਨ੍ਹਾਂ ਯੋਜਨਾਵਾਂ ਵਿੱਚ ਵਜ਼ੀਫ਼ਾ, ਸ਼ਗਨ, ਐਕਸ-ਗ੍ਰੇਸ਼ੀਆ ਸਹਾਇਤਾ, ਪੈਨਸ਼ਨ, ਜਣੇਪਾ ਲਾਭ, ਡਾਕਟਰੀ ਸਹਾਇਤਾ, ਕਿੱਤਾਮੁਖੀ ਬਿਮਾਰੀਆਂ ਲਈ ਸਹਾਇਤਾ, ਅੰਤਿਮ ਸੰਸਕਾਰ ਸਹਾਇਤਾ, ਸਕਿੱਲ ਅਪਗ੍ਰੇਡੇਸ਼ਨ ਅਤੇ ਕਿੱਤਾਮੁਖੀ ਸਿੱਖਿਆ ਦੇ ਨਾਲ-ਨਾਲ ਕੁਦਰਤੀ ਆਫ਼ਤਾਂ ਦੌਰਾਨ ਵਿੱਤੀ ਸਹਾਇਤਾ ਸ਼ਾਮਲ ਹੈ। ਮਜ਼ਦੂਰਾਂ ਨੂੰ ਸਰਕਾਰੀ ਸਕੀਮਾਂ ਤਹਿਤ 5 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰੇਜ ਵੀ ਪ੍ਰਦਾਨ ਕੀਤਾ ਜਾ ਰਿਹਾ ਹੈ।

ਮੰਤਰੀ ਨੇ ਦੱਸਿਆ ਕਿ ਬੀ.ਓ.ਸੀ.ਡਬਲਿਊ. ਬੋਰਡ ਤਹਿਤ ਉਨ੍ਹਾਂ ਦੀ ਸਰਕਾਰ ਦੇ ਕਾਰਜਕਾਲ ਦੌਰਾਨ 1,70,958 ਉਸਾਰੀ ਕਾਮਿਆਂ ਨੂੰ 316 ਕਰੋੜ ਰੁਪਏ ਦੇ ਲਾਭ ਦਿੱਤੇ ਗਏ ਹਨ।

ਸ. ਸੌਂਦ ਨੇ ਅੱਗੇ ਦੱਸਿਆ ਕਿ ਇੱਕ ਸਾਲ ਵਿੱਚ 90 ਦਿਨ ਕੰਮ ਕਰਨ ਵਾਲੇ ਉਸਾਰੀ ਕਾਮੇ ਇਨ੍ਹਾਂ ਯੋਜਨਾਵਾਂ ਦਾ ਲਾਭ ਲੈਣ ਲਈ ਸੇਵਾ ਕੇਂਦਰਾਂ ਜਾਂ ÷ਪੰਜਾਬ ਕਿਰਤੀ ਸਹਾਇਕ÷ ਮੋਬਾਈਲ ਐਪਲੀਕੇਸ਼ਨ ਰਾਹੀਂ ਰਜਿਸਟਰ ਕਰ ਸਕਦੇ ਹਨ।

ਪੰਜਾਬ ਕਿਰਤ ਭਲਾਈ ਬੋਰਡ ਵੱਲੋਂ ਉਦਯੋਗਿਕ ਕਾਮਿਆਂ ਲਈ ਵੀ ਕਈ ਭਲਾਈ ਸਕੀਮਾਂ ਦਿੱਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਵਜ਼ੀਫ਼ਾ, ਐਕਸ-ਗ੍ਰੇਸ਼ੀਆ ਅਤੇ ਅਪੰਗਤਾ ਮੁਆਵਜ਼ਾ, ਜਣੇਪਾ ਲਾਭ, ਡਾਕਟਰੀ ਸਹਾਇਤਾ ਅਤੇ ਮਜ਼ਦੂਰਾਂ ਦੇ ਪਰਿਵਾਰਾਂ ਲਈ ਵਿੱਤੀ ਸਹਾਇਤਾ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਕਿਰਤ ਭਲਾਈ ਬੋਰਡ ਦੇ 21,243 ਲਾਭਪਾਤਰੀਆਂ ਨੂੰ 51.49 ਕਰੋੜ ਰੁਪਏ ਦੇ ਲਾਭ ਦਿੱਤੇ ਜਾ ਚੁੱਕੇ ਹਨ।

ਅਸੰਗਠਿਤ ਕਾਮਿਆਂ ਜਿਵੇਂ ਕਿ ਗਿਗ ਵਰਕਰ, ਗਲੀ ਵਿਕਰੇਤਾ, ਘਰੇਲੂ ਕਾਮੇ, ਛੋਟੇ ਦੁਕਾਨਦਾਰ ਅਤੇ ਪ੍ਰਵਾਸੀ ਮਜ਼ਦੂਰਾਂ ਦੀ ਭਲਾਈ ਵਾਸਤੇ ਮੰਤਰੀ ਨੇ ਉਨ੍ਹਾਂ ਨੂੰ ਸਮਾਜਿਕ ਸੁਰੱਖਿਆ ਲਾਭ, ਖਾਸ ਕਰਕੇ ਮੌਤ ਜਾਂ ਅਪੰਗਤਾ ਦੇ ਮਾਮਲਿਆਂ ਵਿੱਚ, ਪ੍ਰਾਪਤ ਕਰਨ ਲਈ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀਜ਼.) ਰਾਹੀਂ ਈ-ਸ਼੍ਰਮ ਪੋਰਟਲ 'ਤੇ ਰਜਿਸਟਰ ਕਰਨ ਦੀ ਅਪੀਲ ਕੀਤੀ।

ਸ. ਸੌਂਦ ਨੇ ਕਿਹਾ, ÷ਕਿਰਤ ਸਾਡੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ। ਪੰਜਾਬ ਸਰਕਾਰ ਸੂਬੇ ਦੇ ਹਰੇਕ ਕਾਮੇ ਦੀ ਭਲਾਈ, ਸਸ਼ਕਤੀਕਰਨ ਅਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।÷

ਸਰਕਾਰ ਦੀ ਮਜ਼ਦੂਰ ਪੱਖੀ ਪਹੁੰਚ ਦੀ ਪੁਸ਼ਟੀ ਕਰਦਿਆਂ ਕਿਰਤ ਮੰਤਰੀ ਨੇ ਅਜਿਹੇ ਸੂਬੇ ਦੇ ਵਿਕਾਸ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ ਜਿਸ ਵਿੱਚ ਸਮਾਜ ਦੇ ਹਰੇਕ ਵਰਗ ਲਈ ਪ੍ਰਗਤੀਸ਼ੀਲ, ਸਮਾਵੇਸ਼ੀ ਅਤੇ ਬਰਾਬਰੀ ਦਾ ਦਰਜਾ ਹੋਵੇ।













## ਪੈਸਕੋ ਡੀਜੀਐਮ ਵੱਲੋਂ ਨਗਰ ਕੌਂਸਲ ਦੇ ਡੰਪਿੰਗ ਗਰਾਊਂਡ ਵਿਖੇ ਚੱਲ ਰਹੇ ਰੈਮਿਡੇਸਨ ਕੰਮ ਦਾ ਜਾਇਜ਼ਾ

### ਪੈਸਕੋ ਦੇ ਸੁਪਰਵਾਈਜ਼ਰਾਂ ਲਈ ਵਿਸੇਸ ਸੈਸਨ



ਖਰੜ, 30 ਅਪ੍ਰੈਲ ( ਜਗਵਿੰਦਰ ਸਿੰਘ ) ਪੈਸਕੋ ਦੇ ਡੀਜੀਐਮ ਹਰਜੀਤ ਸਿੰਘ ਵੱਲੋਂ ਨਗਰ ਕੌਂਸਲ ਖਰੜ ਦੇ ਡੰਪਿੰਗ ਗਰਾਊਂਡ ਵਿਖੇ ਚੱਲ ਰਹੇ ਰੈਮਿਡੇਸਨ ਦੇ ਕੰਮ ਦਾ ਜਾਇਜਾ ਲਿਆ ਗਿਆ। ਮਿਲੀ ਜਾਣਕਾਰੀ ਅਨੁਸਾਰ ਡੀਜੀਐਮ ਨੇ ਡੰਪਿੰਗ ਗਰਾਊਂਡ ਵਿੱਚ ਕੂੜੇ ਦੇ ਨਿਪਟਾਰੇ ਲਈ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਕੰਮ ਦੀ ਗੁਣਵੱਤਾ ਅਤੇ ਰਫਤਾਰ ਬਰਕਰਾਰ ਰੱਖਣ ਦੇ ਨਿਰਦੇਸ ਦਿੱਤੇ। ਇਸ ਉਪਰੰਤ ਐਮ.ਸੀ. ਦਫਤਰ ਵਿਖੇ ਪੈਸਕੋ ਦੇ ਸੁਪਰਵਾਈਜਰਾਂ ਲਈ ਇੱਕ ਵਿਸੇਸ ਸੈਸਨ ਰੱਖਿਆ ਗਿਆ। ਇਸ ਵਿੱਚ ਟ੍ਰੇਨਰ ਵਿਪਿਨ ਨੇ ਸੁਪਰਵਾਈਜਰਾਂ ਨੂੰ ਏ.ਆਈ. ਟੂਲਜ ਦੀ ਵਰਤੋਂ ਬਾਰੇ ਵਿਸਥਾਰ ਵਿੱਚ ਦੱਸਿਆ। ਡੀਜੀਐਮ ਨੇ ਕਿਹਾ ਕਿ ਆਧੁਨਿਕ ਸਮੇਂ ਵਿੱਚ ਤਕਨਾਲੋਜੀ ਦੀ ਵਰਤੋਂ ਕੰਮ ਨੂੰ ਵਧੇਰੇ ਪਾਰਦਰਸੀ ਅਤੇ ਕੁਸਲ ਬਣਾਉਂਦੀ ਹੈ। ਟ੍ਰੇਨਰ ਵਿਪਿਨ ਨੇ ਦੱਸਿਆ ਕਿ ਕਿਵੇਂ ਇਹ ਟੂਲਜ ਰੋਜਾਨਾ ਦੇ ਦਫਤਰੀ ਅਤੇ ਫੀਲਡ ਕਾਰਜਾਂ ਵਿੱਚ ਮਦਦਗਾਰ ਸਾਬਤ ਹੋ ਸਕਦੇ ਹਨ। ਇਸ ਮੌਕੇ ਕੌਂਸਲ ਅਧਿਕਾਰੀ ਵੀ ਮੌਜੂਦ ਸਨ।






## ਸੰਪਾਦਕੀ

### ਆਜ਼ਾਦ ਸੋਚ

# ਝੋਨਾ ਲੁਆਈ ਤੇ ਚੁਣੌਤੀਆਂ

ਪੰਜਾਬ ਸਰਕਾਰ ਵੱਲੋਂ 15 ਮਈ ਤੋਂ ਸਿੱਧੀ ਬਿਜਾਈ ਤਕਨੀਕ ਤਹਿਤ ਕਿਸਾਨਾਂ ਨੂੰ ਝੋਨਾ ਲਾਉਣ ਦੀ ਇਜਾਜਤ ਦਿੱਤੀ ਗਈ ਹੈ। ਸਰਕਾਰ ਨੇ ਸਾਉਣੀ ਸੀਜਨ ਦੌਰਾਨ ਝੋਨਾ ਲਾਉਣ ਲਈ ਪੰਜਾਬ ਨੂੰ ਚਾਰ ਜੋਨਾਂ 'ਚ ਵੰਡਿਆ ਹੈ ਅਤੇ ਇਹ ਵੀ ਦਾਅਵਾ ਕੀਤਾ ਹੈ ਕਿ ਜਿਹੜੇ ਵੀ ਜੋਨ ਝੋਨਾ ਲਗਾਉਣਗੇ, ਉਨ੍ਹਾਂ 'ਚ ਨਿਰੰਤਰ ਅੱਠ ਘੰਟੇ ਬਿਜਲੀ ਸਪਲਾਈ ਦਿੱਤੀ ਜਾਵੇਗੀ। ਸਰਕਾਰ ਹਾਲਾਂਕਿ ਇਹ ਫੈਸਲਾ ਸੂਬੇ ਦੇ ਕਿਸਾਨਾਂ ਦੀਆਂ ਬਿਜਲੀ-ਪਾਣੀ ਦੀਆਂ ਪਰੇਸ਼ਾਨੀਆਂ ਨੂੰ ਧਿਆਨ 'ਚ ਰੱਖ ਕੇ ਕਰ ਰਹੀ ਹੈ। ਦੂਜੇ ਪਾਸੇ ਇਹ ਫੈਸਲਾ ਇੰਨਾ ਸੁਖਦ ਵੀ ਨਹੀਂ ਕਿਹਾ ਜਾ ਸਕਦਾ।

ਸਰਕਾਰ ਦਾ ਮੰਨਣਾ ਹੈ ਕਿ ਇਸ ਫੈਸਲੇ ਨਾਲ ਅਕਤੂਬਰ-ਨਵੰਬਰ 'ਚ ਪਰਾਲੀ ਸਾਂਭਣ ਦੀ ਸਮੱਸਿਆ ਨਾਲ ਨਜਿੱਠਿਆ ਜਾ ਸਕਦਾ ਹੈ। ਦਰਅਸਲ 15 ਮਈ ਤੋਂ 31 ਮਈ ਤੱਕ ਕਿਸਾਨ ਪੂਰੇ ਪੰਜਾਬ 'ਚ ਸਿੱਧੀ ਬਿਜਾਈ (ਡੀਆਰਐੱਸ) ਤਕਨੀਕ ਰਾਹੀਂ ਝੋਨਾ ਲਾ ਸਕਣਗੇ। ਸਰਹੱਦੀ ਇਲਾਕਿਆਂ ਗੁਰਦਾਸਪੁਰ, ਪਠਾਨਕੋਟ ਤੇ ਅੰਮ੍ਰਿਤਸਰ ਸਣੇ ਤਰਨ ਤਾਰਨ, ਰੋਪੜ ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ) ਸ੍ਰੀ ਫਤਹਿਗੜ੍ਹ ਸਾਹਿਬ ਤੇ ਹੁਸ਼ਿਆਰਪੁਰ ਨੂੰ ਜੋਨ ਨੰਬਰ ਦੋ 'ਚ ਰੱਖਿਆ ਗਿਆ ਹੈ। ਦੂਜੇ ਪਾਸੇ ਜੋਨ ਨੰਬਰ ਤਿੰਨ 'ਚ ਫਰੀਦਕੋਟ, ਬਠਿੰਡਾ, ਫਿਰੋਜਪੁਰ ਮੁਕਤਸਰ ਸਾਹਿਬ, ਫਾਜ਼ਿਲਕਾ ਨੂੰ ਰੱਖਿਆ ਗਿਆ ਹੈ। ਇਨ੍ਹਾਂ ਜ਼ਿਲ੍ਹਿਆਂ ਦੇ ਕਿਸਾਨ 5 ਜੂਨ ਤੋਂ ਝੋਨਾ ਬੀਜਣਾ ਸੁਰੂ ਕਰਨਗੇ।

ਪੰਜਾਬ ਦੇ ਸੰਗਰੂਰ, ਪਟਿਆਲਾ, ਲੁਧਿਆਣਾ, ਜਲੰਧਰ, ਅੰਮ੍ਰਿਤਸਰ, ਮੋਗਾ, ਬਰਨਾਲਾ ਤੇ ਸ੍ਰੀ ਫਤਹਿਗੜ੍ਹ ਸਾਹਿਬ ਪਹਿਲਾਂ ਹੀ ਡਾਰਕ ਜੋਨ ਐਲਾਨੇ ਗਏ ਹਨ। ਸਰਕਾਰ ਦਾ ਇਹ ਫੈਸਲਾ ਸੇਮ ਵਾਲੇ ਇਲਾਕਿਆਂ ਲਈ ਲਾਹੇਵੰਦ ਸਾਬਤ ਹੋ ਸਕਦਾ ਹੈ। ਮੁੱਖ ਮੰਤਰੀ ਦਾ ਦਾਅਵਾ ਹੈ ਕਿ ਇਹ ਫੈਸਲਾ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਨਿਰੰਤਰ ਬਿਜਲੀ ਮੁਹੱਈਆ ਕਰਵਾਉਣ ਲਈ ਕੀਤਾ ਗਿਆ ਹੈ ਪਰ ਜਮੀਨੀ ਪੱਧਰ 'ਤੇ ਹਾਲਾਤ ਕੁਝ ਹੋਰ ਹਨ। ਇਹ ਵੀ ਚੇਤੇ ਰਹਿਣਾ ਚਾਹੀਦਾ ਹੈ ਕਿ ਪੰਜਾਬ ਪ੍ਰੀਜਰਵੇਸ਼ਨ ਆਫ ਸਬਸੋਇਲ ਵਾਟਰ ਐਕਟ ਜਿੰਨਾ ਸੂਬੇ ਦੇ ਪੌਣ-ਪਾਣੀ ਲਈ ਮਹੱਤਵਪੂਰਨ ਹੈ, ਓਨਾ ਹੀ ਇਸ ਐਕਟ ਨੂੰ ਅਮਲੀਜਾਮਾ ਪਹਿਨਾਉਣ ਲਈ ਤਰੱਦਦ ਕਰਨਾ ਪਿਆ ਹੈ।ਇਹ ਐਕਟ ਝੋਨੇ ਦੀ ਨਰਸਰੀ ਤੇ ਲਵਾਈ ਦੀਆਂ ਤਰੀਕਾਂ ਨੂੰ ਤੈਅ ਕਰਦਾ ਹੈ। ਆਮ ਤੌਰ 'ਤੇ ਝੋਨੇ ਦੀ ਪਨੀਰੀ 10 ਮਈ ਤੋਂ ਬਾਅਦ ਤੇ ਲਵਾਈ 10 ਜੂਨ ਤੋਂ ਮਗਰੋਂ ਹੁੰਦੀ ਹੈ। ਇਸ ਦਾ ਇਕ ਕਾਰਨ ਇਹ ਕਿ ਝੋਨਾ ਮੌਨਸੂਨ ਦੇ ਨੇੜੇ ਲੱਗਦਾ ਹੈ ਤੇ ਕਿਸਾਨਾਂ ਨੂੰ ਪਾਣੀ ਦੀ ਸਪਲਾਈ ਨਾਲ ਜੁੜੀਆਂ ਪਰੇਸ਼ਾਨੀਆਂ ਨਾਲ ਨਹੀਂ ਜੂਝਣਾ ਪੈਂਦਾ ਹੈ।






# ਆਲਮੀ ਸਮੱਸਿਆ ਦਾ ਹੱਲ ਯੂਪੀਆਈ

ਇਸ ਫਰਵਰੀ ਵਿਚ ਜਦੋਂ ਅਮਰੀਕਾ ਅਤੇ ਇਜਰਾਈਲ ਨੇ ਈਰਾਨ 'ਤੇ ਹਮਲਾ ਕੀਤਾ, ਤਾਂ ਪੱਛਮੀ ਏਸੀਆ ਵਿਚ ਤਰਥੱਲੀ ਮਚ ਗਿਆ। ਈਰਾਨ ਨੇ ਜਵਾਬੀ ਕਾਰਵਾਈ ਵਿਚ ਇਜਰਾਈਲ, ਬਹਿਰੀਨ, ਕੁਵੈਤ, ਕਤਰ, ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ 'ਤੇ ਸੈਂਕੜੇ ਮਿਜਾਈਲਾਂ ਅਤੇ ਡ੍ਰੋਨ ਦਾਗੇ ਅਤੇ ਹੋਰਮੁਜ ਦਾ ਸਮੁੰਦਰ ਬੰਦ ਕਰ ਦਿੱਤਾ। ਇਹ ਉਹ ਸਮੁੰਦਰੀ ਰਸਤਾ ਹੈ, ਜਿਸ ਰਾਹੀਂ ਦੁਨੀਆ ਦੇ 20 ਫੀਸਦੀ ਤੇਲ ਅਤੇ ਅਰਬਾਂ ਡਾਲਰ ਦਾ ਵਪਾਰ ਹੁੰਦਾ ਹੈ। ਬੈਂਕਿੰਗ ਦੇ ਰਾਹ ਹੌਲੀ ਹੋ ਗਏ, ਪੈਸੇ ਭੇਜਣਾ ਮੁਸਕਲ ਹੋ ਗਿਆ। 40 ਦਿਨਾਂ ਦੀ ਭਿਆਨਕ ਲੜਾਈ ਤੋਂ ਬਾਅਦ ਦੋ ਹਫਤਿਆਂ ਦੀ ਜੰਗਬੰਦੀ ਹੋਈ, ਪਰ ਇਸ ਦੇ ਵਿਸਥਾਰ ਦੇ ਬਾਅਦ ਵੀ ਸਥਿਤੀ ਨਾਜੁਕ ਰਹੀ। ਇਸ ਜੰਗ ਨੇ ਦੁਨੀਆ ਦੀ ਆਰਥਿਕ ਵਿਵਸਥਾ ਨੂੰ ਤਬਾਹ ਕਰ ਦਿੱਤਾ। ਹੋਰਮੁਜ ਬੰਦ ਹੋਣ ਨਾਲ ਤੇਲ ਦੀਆਂ ਕੀਮਤਾਂ ਆਸਮਾਨ ਨੂੰ ਛੂਹਣ ਲੱਗੀਆਂ। ਸ਼ਿਪਿੰਗ ਕੰਪਨੀਆਂ ਰਸਤਾ ਬਦਲਣ 'ਤੇ ਮਜਬੂਰ ਹੋ ਗਈਆਂ ਅਤੇ ਸਭ ਤੋਂ ਵੱਡੀ ਮੁਸਕਲ ਇਹ ਸੀ ਕਿ ਭਾਰਤ ਦੇ ਲੱਖਾਂ ਮਜਦੂਰ ਜੋ ਯੂਏਈ, ਕੁਵੈਤ, ਬਹਿਰੀਨ ਅਤੇ ਸਾਊਦੀ ਅਰਬ ਵਿਚ ਕੰਮ ਕਰਦੇ ਹਨ, ਆਪਣੇ ਪਰਿਵਾਰਾਂ ਤੱਕ ਪੈਸੇ ਭੇਜਣ ਵਿਚ ਮੁਸਕਲ ਮਹਿਸੂਸ ਕਰਨ ਲੱਗੇ। ਪਰੰਪਰਾਗਤ ਬੈਂਕਿੰਗ ਵਿਵਸਥਾ ਸੰਕਟ ਵਿਚ ਆ ਗਈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਦੁਨੀਆ ਨੇ ਦੇਖਿਆ ਕਿ ਵਿੱਤੀ ਵਿਵਸਥਾ ਨੂੰ ਹਥਿਆਰ ਬਣਾਇਆ ਜਾ ਸਕਦਾ ਹੈ। ਰੂਸ-ਯੂਕਰੇਨ ਜੰਗ ਤੋਂ ਬਾਅਦ ਪੱਛਮੀ ਦੇਸਾਂ ਨੇ ਰੂਸ ਨੂੰ ਸਵਿਫਟ ਤੋਂ ਬਾਹਰ ਕਰ ਦਿੱਤਾ ਸੀ। ਇਸ ਵਿਵਸਥਾ ਦੇ ਜਰੀਏ ਦੁਨੀਆ ਦੇ ਬੈਂਕ ਆਪਸ ਵਿਚ ਪੈਸੇ ਭੇਜਦੇ ਹਨ। ਸਿੱਧੇ ਸਬਦਾਂ ਵਿਚ, ਇਹ ਬੈਂਕਾਂ ਦਾ ਵ੍ਹਟਸਐਪ ਹੈ। ਰੂਸ ਦੇ ਸਵਿਫਟ ਤੋਂ ਬਾਹਰ ਹੋਣ ਤੋਂ ਬਾਅਦ ਰੂਸੀ ਲੋਕ ਦੁਨੀਆ ਤੋਂ ਕੱਟੇ ਗਏ। ਹੁਣ ਈਰਾਨ 'ਤੇ ਵੀ ਸਖਤ ਪਾਬੰਦੀ ਹੈ।

ਭਾਰਤ ਨੇ ਯੂਪੀਆਈ, ਯੂਨੀਫਾਈਡ ਪੇਮੈਂਟਸ ਇੰਟਰਫੇਸ, ਨੂੰ 2016 ਵਿਚ ਸੁਰੂ ਕੀਤਾ ਸੀ, ਜਦੋਂ ਦੁਨੀਆ ਵਿਚ ਇਸ ਤਰ੍ਹਾਂ ਦੇ ਸੰਕਟਾਂ ਦੀ ਕਲਪਨਾ ਵੀ ਮੁਸਕਲ ਸੀ। ਨੈਸਨਲ ਪੇਮੈਂਟਸ ਕਾਰਪੋਰੇਸਨ ਆਫ ਇੰਡੀਆ (ਐੱਨਪੀਸੀਆਈ) ਨੇ ਇਹ ਵਿਵਸਥਾ ਇਸ ਲਈ ਬਣਾਈ ਸੀ, ਤਾਂ ਜੋ ਹਰ ਭਾਰਤੀ ਨੂੰ ਸਸਤਾ, ਤੇਜ ਅਤੇ ਆਸਾਨ ਡਿਜੀਟਲ ਭੁਗਤਾਨ ਮਿਲ ਸਕੇ। ਉਸ ਸਮੇਂ ਕਿਸੇ ਨੇ ਨਹੀਂ ਸੋਚਿਆ ਸੀ ਕਿ ਇਹ ਯੂਪੀਆਈ ਇਕ ਦਿਨ ਦੁਨੀਆ ਲਈ ਸਵਿਫਟ ਦਾ ਸਭ ਤੋਂ ਵੱਡਾ ਨਿਰਪੱਖ ਬਦਲ ਬਣ ਸਕਦਾ ਹੈ। ਰੂਸ-ਯੂਕਰੇਨ ਜੰਗ ਅਤੇ ਹੁਣ ਅਮਰੀਕਾ-ਇਜਰਾਈਲ ਅਤੇ ਈਰਾਨ ਦੀ ਜੰਗ ਨੇ ਇਹ ਸਾਬਤ ਕਰ ਦਿੱਤਾ ਕਿ ਭਾਰਤ ਨੇ ਜੋ ਵਿਵਸਥਾ ਆਪਣੇ ਨਾਗਰਿਕਾਂ ਲਈ ਬਣਾਈ ਸੀ, ਉਹ ਅੱਜ ਪੂਰੀ ਦੁਨੀਆ ਦੀ ਲੋੜ ਹੈ। ਸਵਿਫਟ ਨੇ ਵਾਅਦਾ ਕੀਤਾ ਸੀ ਕਿ ਉਹ ਨਿਰਪੱਖ ਰਹੇਗਾ, ਪਰ ਜਦੋਂ ਰਾਜਨੀਤੀ ਆਈ, ਤਾਂ ਉਸ ਨੇ ਪੱਖ ਲਿਆ। ਯੂਪੀਆਈ ਕਿਸੇ ਦੇ ਹੱਥ ਦਾ ਹਥਿਆਰ ਨਹੀਂ ਹੈ ਅਤੇ ਇਹੀ ਇਸ ਦੀ ਸਭ ਤੋਂ ਵੱਡੀ ਤਾਕਤ ਹੈ। ਯੂਪੀਆਈ,




ਜਿਸ ਨੂੰ ਤੁਸੀਂ ਫੋਨ ਪੇ, ਗੂਗਲ ਪੇ ਜਾਂ ਪੇਟੀਐੱਮ ਦੇ ਜਰੀਏ ਰੋਜ ਵਰਤਦੇ ਹੋ, ਦੁਨੀਆ ਦੀ ਸਭ ਤੋਂ ਤੇਜ ਅਤੇ ਸਭ ਤੋਂ ਸਸਤੀ ਭੁਗਤਾਨ ਵਿਵਸਥਾ ਹੈ। ਹੁਣ ਇਹ ਦੇਸ ਦੀਆਂ ਸੀਮਾਵਾਂ ਨੂੰ ਪਾਰ ਕਰ ਰਹੀ ਹੈ। ਸਿੰਗਾਪੁਰ, ਯੂਏਈ, ਫਰਾਂਸ ਅਤੇ ਮਾਰੀਸਸ ਜਿਹੇ ਕਈ ਦੇਸਾਂ ਨਾਲ ਯੂਪੀਆਈ ਦਾ ਜੁੜਾਅ ਹੋ ਚੁੱਕਾ ਹੈ।

ਭਾਰਤ ਦੁਨੀਆ ਵਿਚ ਸਭ ਤੋਂ ਵੱਧ ਵਿਦੇਸੀ ਪੈਸਾ ਮੰਗਾਉਣ ਵਾਲਾ ਦੇਸ ਹੈ। ਹਰ ਸਾਲ ਕਰੀਬ 11 ਲੱਖ ਕਰੋੜ ਰੁਪਏ ਭਾਰਤੀ ਵਿਦੇਸ ਤੋਂ ਆਪਣੇ ਘਰ ਧਨਰਾਸੀ ਭੇਜਦੇ ਹਨ। ਲੰਡਨ ਵਿਚ ਬੈਠੀ ਨਰਸ, ਹਿਊਸਟਨ ਦਾ ਇੰਜੀਨੀਅਰ, ਦੁਬਈ ਦਾ ਦੁਕਾਨਦਾਰ ਸਭ ਆਪਣੇ ਪਰਿਵਾਰ ਨੂੰ ਪੈਸੇ ਭੇਜਦੇ ਹਨ। ਪੁਰਾਣੇ ਤਰੀਕਿਆਂ ਨਾਲ ਪੈਸੇ ਭੇਜਣ ਵਿਚ 6-7 ਫੀਸਦੀ ਤੱਕ ਰਕਮ ਕੱਟ ਜਾਂਦੀ ਹੈ। ਯੂਪੀਆਈ ਦੇ ਜਰੀਏ ਇਹ ਖਰਚ ਲਗਪਗ ਖਤਮ ਹੋ ਸਕਦਾ ਹੈ।

ਜਦੋਂ ਦੁਨੀਆ ਵਿਚ ਜੰਗ ਹੋਵੇ, ਤਾਂ ਪੈਸਾ ਰੁਕਣਾ ਨਹੀਂ ਚਾਹੀਦਾ। ਯੂਪੀਆਈ ਇਹੀ ਯਕੀਨੀ ਬਣਾਉਣ ਦਾ ਕੰਮ ਕਰ ਰਿਹਾ ਹੈ। ਹੁਣ ਸਵਾਲ ਉੱਠਦਾ ਹੈ ਕਿ ਕੀ ਰੂਸ ਜਾਂ ਚੀਨ ਨੇ ਵੀ ਅਜਿਹਾ ਕੁਝ ਨਹੀਂ ਬਣਾਇਆ? ਬਣਾਇਆ ਤਾਂ, ਪਰ ਦੁਨੀਆ ਨੇ ਉਨ੍ਹਾਂ ਨੂੰ ਨਹੀਂ ਅਪਣਾਇਆ, ਕਿਉਂਕਿ ਭਰੋਸਾ ਨਹੀਂ ਸੀ। ਈਰਾਨ ਦੇ ਖ਼ਿਲਾਫ ਜੰਗ ਵਿਚ ਇਹ ਦੇਖਿਆ ਗਿਆ ਕਿ ਜੋ ਦੇਸ ਅਮਰੀਕਾ ਦੇ ਨਿਸਾਨੇ 'ਤੇ ਹਨ, ਉਨ੍ਹਾਂ ਦੀ ਭੁਗਤਾਨ ਵਿਵਸਥਾ ਦੁਨੀਆ ਸਵੀਕਾਰ ਨਹੀਂ ਕਰਦੀ। ਭਾਰਤ 'ਤੇ ਭਰੋਸੇ ਦੇ ਕਾਰਨ ਕਈ ਦੇਸ ਯੂਪੀਆਈ ਨਾਲ ਜੁੜਨ ਲਈ ਤਿਆਰ ਹਨ। ਇਸ ਜੰਗ ਨੇ ਇਹ ਵੀ ਸਾਫ ਕੀਤਾ ਕਿ ਦੁਨੀਆ ਡਾਲਰ 'ਤੇ ਨਿਰਭਰਤਾ ਘਟਾਉਣਾ ਚਾਹੁੰਦੀ ਹੈ। ਭਾਰਤ ਦੀ ਯੂਪੀਆਈ ਸੈਟਲਮੈਂਟ ਵਿਵਸਥਾ ਇਸ ਦਾ ਇਕ ਵਿਵਹਾਰਕ ਜਵਾਬ ਹੈ।

ਕੁਝ ਲੋਕ ਸੋਚਦੇ ਹਨ ਕਿ ਜੇ ਭਾਰਤ ਆਪਣੀ ਯੂਪੀਆਈ ਤਕਨੀਕ ਦੂਜੇ ਦੇਸਾਂ ਨੂੰ ਦੇ ਰਿਹਾ ਹੈ, ਤਾਂ ਉਹ ਇਸ ਨੂੰ ਕਾਪੀ ਕਰ ਲੈਣਗੇ। ਇਹ ਸੋਚ ਸਹੀ ਨਹੀਂ। ਤਕਨੀਕ ਕਾਪੀ ਹੋ ਸਕਦੀ ਹੈ, ਪਰ ਨੈੱਟਵਰਕ ਨਹੀਂ। ਜਿਵੇਂ ਵ੍ਹਟਸਐਪ ਦੀ ਤਕਨੀਕ ਕੋਈ ਵੀ ਬਣਾ ਸਕਦਾ ਹੈ ਪਰ ਉਸ ਦੇ ਕਰੋੜਾਂ ਉਪਭੋਗਤਾ ਕੋਈ ਨਹੀਂ ਖੋਹ ਸਕਦਾ। ਯੂਪੀਆਈ ਦਾ ਨੈੱਟਵਰਕ, ਉਸ ਦੇ ਕਰੋੜਾਂ ਉਪਭੋਗਤਾ ਅਤੇ ਉਸ ਦੀ ਸਾਖ ਹੈ, ਇਹੀ ਭਾਰਤ ਦੀ ਅਸਲੀ ਪੂੰਜੀ ਹੈ। ਅੱਜ ਭਾਰਤ ਪ੍ਰੋਜੈਕਟ ਨੈਕਸਸ ਜਿਹੀਆਂ ਆਲਮੀ ਤਰਜੀਹਾਂ ਵਿਚ ਸਰਗਰਮ ਭੂਮਿਕਾ ਨਿਭਾ ਰਿਹਾ ਹੈ। ਪ੍ਰੋਜੈਕਟ ਨੈਕਸਸ ਦਾ ਮਤਲਬ ਹੈ ਦੁਨੀਆ ਦੇ ਵੱਖ-ਵੱਖ ਦੇਸਾਂ ਦੀਆਂ ਫਾਸਟ ਪੇਮੈਂਟ ਵਿਵਸਥਾਵਾਂ ਨੂੰ ਇਕੱਠੇ ਜੋੜਨਾ। ਇਹ ਸਵਿਫਟ ਦਾ ਇਕ ਖੁੱਲ੍ਹਾ ਅਤੇ ਨਿਰਪੱਖ ਬਦਲ ਬਣ ਸਕਦਾ ਹੈ, ਜਿਸ ਨੂੰ ਕੋਈ ਇਕ ਦੇਸ ਬੰਦ ਨਹੀਂ ਕਰ ਸਕਦਾ। ਅਜੇ ਯੂਪੀਆਈ ਵਿਸਵ ਪੱਧਰ 'ਤੇ ਪੂਰੀ ਤਰ੍ਹਾਂ ਸੌਖਾ ਨਹੀਂ ਬਣਿਆ ਹੈ। ਵਿਦੇਸ ਵਿਚ ਰਹਿਣ ਵਾਲੇ ਭਾਰਤੀਆਂ ਨੂੰ ਅਜੇ ਵੀ ਭਾਰਤੀ ਸਿਮ ਕਾਰਡ ਦੀ ਲੋੜ ਪੈਂਦੀ ਹੈ। ਸਾਰੇ ਦੇਸਾਂ ਵਿਚ ਸਾਰੀਆਂ ਦੁਕਾਨਾਂ 'ਤੇ ਯੂਪੀਆਈ ਨਹੀਂ ਚੱਲਦਾ, ਪਰ ਰਿਜਰਵ ਬੈਂਕ ਅਤੇ ਐੱਨਪੀਸੀਆਈ ਇਸ 'ਤੇ ਕੰਮ ਕਰ ਰਹੇ ਹਨ। ਜਲਦੀ ਹੀ ਇਹ ਰੁਕਾਵਟਾਂ ਵੀ ਦੂਰ ਹੋਣਗੀਆਂ। ਅੱਜ ਦੁਨੀਆ ਜਿਸ ਤਰ੍ਹਾਂ ਬੇਯਕੀਨੀ ਨਾਲ ਭਰੀ ਹੋਈ ਹੈ, ਉਸ ਵਿਚ ਯੂਪੀਆਈ ਦੀ ਲੋੜ ਹੋਰ ਵੀ ਵੱਧ ਗਈ ਹੈ। ਜੰਗ ਦਾ ਮੈਦਾਨ ਹੁਣ ਸਿਰਫ ਜਮੀਨ 'ਤੇ ਨਹੀਂ, ਉਹ ਬੈਂਕਾਂ ਵਿਚ, ਭੁਗਤਾਨ ਸਿਸਟਮ ਵਿਚ ਅਤੇ ਡਿਜੀਟਲ ਨੈੱਟਵਰਕ ਵਿਚ ਵੀ ਹੈ। ਅਮਰੀਕਾ-ਇਜਰਾਈਲ ਅਤੇ ਈਰਾਨ ਦੀ ਜੰਗ ਨੇ ਫਿਰ ਸਾਬਤ ਕੀਤਾ ਕਿ ਜਦੋਂ ਦੁਨੀਆ ਵੰਡ ਜਾਂਦੀ ਹੈ, ਤਾਂ ਪੈਸੇ ਦੀ ਨਿਰਪੱਖ ਵਿਵਸਥਾ ਸਭ ਤੋਂ ਵੱਡੀ ਲੋੜ ਬਣ ਜਾਂਦੀ ਹੈ। ਭਾਰਤ ਦਾ ਯੂਪੀਆਈ ਉਹੀ ਨਿਰਪੱਖ ਵਿਵਸਥਾ ਹੈ।

ਦੂਜੇ ਪਾਸੇ ਯੂਪੀਆਈ ਨੇ ਛੋਟੇ ਕਾਰੋਬਾਰਾਂ, ਰੇਹੜੀ-ਪਟਰੀ ਵਾਲਿਆਂ ਅਤੇ ਪਰਵਾਸੀ ਮਜ਼ਦੂਰਾਂ 'ਤੇ ਗਹਿਰਾ ਪ੍ਰਭਾਵ ਪਾਇਆ ਹੈ, ਜਿਸ ਨਾਲ ਉਨ੍ਹਾਂ ਨੂੰ ਪੈਸੇ ਟਰਾਂਸਫਰ ਕਰਨ ਅਤੇ ਭੁਗਤਾਨ ਪ੍ਰਾਪਤ ਕਰਨ ਦਾ ਇਕ ਅਸਾਨ ਅਤੇ ਕੁਸ਼ਲ ਤਰੀਕਾ ਮਿਲ ਗਿਆ ਹੈ। ਕੋਵਿਡ-19 ਮਹਾਮਾਰੀ ਦੇ ਦੌਰਾਨ ਇਸ ਦੀ ਵਰਤੋਂ ਵਿਸ਼ੇਸ਼ ਰੂਪ ਨਾਲ ਤੇਜ਼ ਹੋਈ, ਕਿਉਂਕਿ ਲੋਕਾਂ ਨੇ ਨਕਦ ਲੈਣ-ਦੇਣ ਦੇ ਲਈ ਸੁਰੱਖਿਅਤ, ਸੰਪਰਕ ਰਹਿਤ ਬਦਲ ਲੱਭੇ। ਯੂਪੀਆਈ ਦੀ ਇਕ ਹੋਰ ਮਹੱਤਵਪੂਰਨ ਡਿਜਾਇਨ ਵਿਸ਼ੇਸ਼ਤਾ ਇਹ ਹੈ ਕਿ ਇਸ ਵਿਚ ਉਪਯੋਗਕਰਤਾਵਾਂ ਨੂੰ ਆਪਣੇ ਪਸੰਦੀਦਾ ਭੁਗਤਾਨ ਐਪ ਚੁਣਨ ਦੀ ਸਹੂਲਤ ਦਿੱਤੀ ਗਈ ਹੈ, ਭਾਵੇਂ ਕਿ ਉਨ੍ਹਾਂ ਦਾ ਖਾਤਾ ਕਿਸੇ ਵੀ ਬੈਂਕ ਵਿਚ ਹੋਵੇ। ਇਸ ਆਸਾਨੀ ਨੇ ਖਪਤਕਾਰਾਂ ਨੂੰ ਬਦਲ ਚੁਣਨ ਦੀ ਤਾਕਤ ਪ੍ਰਦਾਨ ਕੀਤੀ ਹੈ, ਜਿਸ ਨਾਲ ਉਨ੍ਹਾਂ ਦੇ ਲਈ ਯੂਪੀਆਈ ਨੂੰ ਆਪਣੀ ਭੁਗਤਾਨ ਤਕਤੀਕ ਦੇ ਰੂਪ ਵਿਚ ਅਪਣਾਉਣਾ ਅਸਾਨ ਹੋ ਗਿਆ ਹੈ।


**ਰੋਹਿਤ ਯਾਦਵ**

**(ਲੇਖਕ ਨਰਸੀ ਮੋਂਜੀ ਇੰਸਟੀਚਿਊਟ ਆਫ ਮੈਨੇਜਮੈਂਟ ਸਟੱਡੀਜ, ਮੁੰਬਈ ਦੇ ਸਕੂਲ ਆਫ ਬਿਜਨਸ ਮੈਨੇਜਮੈਂਟ ਵਿਚ ਅਸਿਸਟੈਂਟ ਪ੍ਰੋਫੈਸਰ ਹੈ)**



ਭਾਰਤ ਨੇ ਯੂਪੀਆਈ, ਯੂਨੀਫਾਈਡ ਪੇਮੈਂਟਸ ਇੰਟਰਫੇਸ, ਨੂੰ 2016 ਵਿਚ ਸੁਰੂ ਕੀਤਾ ਸੀ, ਜਦੋਂ ਦੁਨੀਆ ਵਿਚ ਇਸ ਤਰ੍ਹਾਂ ਦੇ ਸੰਕਟਾਂ ਦੀ ਕਲਪਨਾ ਵੀ ਮੁਸਕਲ ਸੀ। ਨੈਸਨਲ ਪੇਮੈਂਟਸ ਕਾਰਪੋਰੇਸਨ ਆਫ ਇੰਡੀਆ (ਐੱਨਪੀਸੀਆਈ) ਨੇ ਇਹ ਵਿਵਸਥਾ ਇਸ ਲਈ ਬਣਾਈ ਸੀ, ਤਾਂ ਜੋ ਹਰ ਭਾਰਤੀ ਨੂੰ ਸਸਤਾ, ਤੇਜ ਅਤੇ ਆਸਾਨ ਡਿਜੀਟਲ ਭੁਗਤਾਨ ਮਿਲ ਸਕੇ। ਉਸ ਸਮੇਂ ਕਿਸੇ ਨੇ ਨਹੀਂ ਸੋਚਿਆ ਸੀ ਕਿ ਇਹ ਯੂਪੀਆਈ ਇਕ ਦਿਨ ਦੁਨੀਆ ਲਈ ਸਵਿਫਟ ਦਾ ਸਭ ਤੋਂ ਵੱਡਾ ਨਿਰਪੱਖ ਬਦਲ ਬਣ ਸਕਦਾ ਹੈ। ਰੂਸ-ਯੂਕਰੇਨ ਜੰਗ ਅਤੇ ਹੁਣ ਅਮਰੀਕਾ-ਇਜਰਾਈਲ ਅਤੇ ਈਰਾਨ ਦੀ ਜੰਗ ਨੇ ਇਹ ਸਾਬਤ ਕਰ ਦਿੱਤਾ ਕਿ ਭਾਰਤ ਨੇ ਜੋ ਵਿਵਸਥਾ ਆਪਣੇ ਨਾਗਰਿਕਾਂ ਲਈ ਬਣਾਈ ਸੀ, ਉਹ ਅੱਜ ਪੂਰੀ ਦੁਨੀਆ ਦੀ ਲੋੜ ਹੈ। ਸਵਿਫਟ ਨੇ ਵਾਅਦਾ ਕੀਤਾ ਸੀ ਕਿ ਉਹ ਨਿਰਪੱਖ ਰਹੇਗਾ, ਪਰ ਜਦੋਂ ਰਾਜਨੀਤੀ ਆਈ, ਤਾਂ ਉਸ ਨੇ ਪੱਖ ਲਿਆ। ਯੂਪੀਆਈ ਕਿਸੇ ਦੇ ਹੱਥ ਦਾ ਹਥਿਆਰ ਨਹੀਂ ਹੈ ਅਤੇ ਇਹੀ ਇਸ ਦੀ ਸਭ ਤੋਂ ਵੱਡੀ ਤਾਕਤ ਹੈ। ਯੂਪੀਆਈ, ਜਿਸ ਨੂੰ ਤੁਸੀਂ ਫੋਨ ਪੇ, ਗੂਗਲ ਪੇ ਜਾਂ ਪੇਟੀਐੱਮ ਦੇ ਜਰੀਏ ਰੋਜ ਵਰਤਦੇ ਹੋ, ਦੁਨੀਆ ਦੀ ਸਭ ਤੋਂ ਤੇਜ ਅਤੇ ਸਭ ਤੋਂ ਸਸਤੀ ਭੁਗਤਾਨ ਵਿਵਸਥਾ ਹੈ। ਹੁਣ ਇਹ ਦੇਸ ਦੀਆਂ ਸੀਮਾਵਾਂ ਨੂੰ ਪਾਰ ਕਰ ਰਹੀ ਹੈ। ਸਿੰਗਾਪੁਰ, ਯੂਏਈ, ਫਰਾਂਸ ਅਤੇ ਮਾਰੀਸਸ ਜਿਹੇ ਕਈ ਦੇਸਾਂ ਨਾਲ ਯੂਪੀਆਈ ਦਾ ਜੁੜਾਅ ਹੋ ਚੁੱਕਾ ਹੈ।

ਭਾਰਤ ਦੁਨੀਆ ਵਿਚ ਸਭ ਤੋਂ ਵੱਧ ਵਿਦੇਸੀ ਪੈਸਾ ਮੰਗਾਉਣ ਵਾਲਾ ਦੇਸ ਹੈ। ਹਰ ਸਾਲ ਕਰੀਬ 11 ਲੱਖ ਕਰੋੜ ਰੁਪਏ ਭਾਰਤੀ ਵਿਦੇਸ ਤੋਂ ਆਪਣੇ ਘਰ ਧਨਰਾਸੀ ਭੇਜਦੇ ਹਨ। ਲੰਡਨ ਵਿਚ ਬੈਠੀ ਨਰਸ, ਹਿਊਸਟਨ ਦਾ ਇੰਜੀਨੀਅਰ, ਦੁਬਈ ਦਾ ਦੁਕਾਨਦਾਰ ਸਭ ਆਪਣੇ ਪਰਿਵਾਰ ਨੂੰ ਪੈਸੇ ਭੇਜਦੇ ਹਨ। ਪੁਰਾਣੇ ਤਰੀਕਿਆਂ ਨਾਲ ਪੈਸੇ ਭੇਜਣ ਵਿਚ 6-7 ਫੀਸਦੀ ਤੱਕ ਰਕਮ ਕੱਟ ਜਾਂਦੀ ਹੈ। ਯੂਪੀਆਈ ਦੇ ਜਰੀਏ ਇਹ ਖਰਚ ਲਗਪਗ ਖਤਮ ਹੋ ਸਕਦਾ ਹੈ।

ਜਦੋਂ ਦੁਨੀਆ ਵਿਚ ਜੰਗ ਹੋਵੇ, ਤਾਂ ਪੈਸਾ ਰੁਕਣਾ ਨਹੀਂ ਚਾਹੀਦਾ। ਯੂਪੀਆਈ ਇਹੀ ਯਕੀਨੀ ਬਣਾਉਣ ਦਾ ਕੰਮ ਕਰ ਰਿਹਾ ਹੈ। ਹੁਣ ਸਵਾਲ ਉੱਠਦਾ ਹੈ ਕਿ ਕੀ ਰੂਸ ਜਾਂ ਚੀਨ ਨੇ ਵੀ ਅਜਿਹਾ ਕੁਝ ਨਹੀਂ ਬਣਾਇਆ? ਬਣਾਇਆ ਤਾਂ, ਪਰ ਦੁਨੀਆ ਨੇ ਉਨ੍ਹਾਂ ਨੂੰ ਨਹੀਂ ਅਪਣਾਇਆ, ਕਿਉਂਕਿ ਭਰੋਸਾ ਨਹੀਂ ਸੀ। ਈਰਾਨ ਦੇ ਖ਼ਿਲਾਫ ਜੰਗ ਵਿਚ ਇਹ ਦੇਖਿਆ ਗਿਆ ਕਿ ਜੋ ਦੇਸ ਅਮਰੀਕਾ ਦੇ ਨਿਸਾਨੇ 'ਤੇ ਹਨ, ਉਨ੍ਹਾਂ ਦੀ ਭੁਗਤਾਨ ਵਿਵਸਥਾ ਦੁਨੀਆ ਸਵੀਕਾਰ ਨਹੀਂ ਕਰਦੀ। ਭਾਰਤ 'ਤੇ ਭਰੋਸੇ ਦੇ ਕਾਰਨ ਕਈ ਦੇਸ ਯੂਪੀਆਈ ਨਾਲ ਜੁੜਨ ਲਈ ਤਿਆਰ ਹਨ। ਇਸ ਜੰਗ ਨੇ ਇਹ ਵੀ ਸਾਫ ਕੀਤਾ ਕਿ ਦੁਨੀਆ ਡਾਲਰ 'ਤੇ ਨਿਰਭਰਤਾ ਘਟਾਉਣਾ ਚਾਹੁੰਦੀ ਹੈ। ਭਾਰਤ ਦੀ ਯੂਪੀਆਈ ਸੈਟਲਮੈਂਟ ਵਿਵਸਥਾ ਇਸ ਦਾ ਇਕ ਵਿਵਹਾਰਕ ਜਵਾਬ ਹੈ।


# ਮਿਹਨਤ ਦੀ ਇੱਜ਼ਤ, ਹੱਕਾਂ ਦੀ ਲੜਾਈ ਅਤੇ ਸਮਾਨਤਾ ਦਾ ਸੰਦੇਸ : ਮਈ ਦਿਵਸ

**ਆਜ਼ਾਦ ਸੋਚ ਵਿਸ਼ੇਸ਼**

ਮਨੁੱਖੀ ਸਭਿਆਚਾਰ ਦੀ ਤਰੱਕੀ ਦੇ ਪਿੱਛੇ ਜੇ ਕਿਸੇ ਵਰਗ ਦੀ ਸਭ ਤੋਂ ਵੱਡੀ ਭੂਮਿਕਾ ਰਹੀ ਹੈ ਤਾਂ ਉਹ ਮਜਦੂਰ ਵਰਗ ਹੈ। ਹਰ ਸਾਲ 1 ਮਈ ਨੂੰ ਮਨਾਏ ਜਾਣ ਵਾਲੇ ਮਈ ਦਿਵਸ ਜਿਸਨੂੰ ਅੰਤਰਰਾਸਟਰੀ ਮਜਦੂਰ ਦਿਵਸ ਵੀ ਕਿਹਾ ਜਾਂਦਾ ਹੈ, ਇਸ ਮਿਹਨਤੀ ਵਰਗ ਦੀਆਂ ਕੁਰਬਾਨੀਆਂ, ਸੰਘਰਸ ਅਤੇ ਅਧਿਕਾਰਾਂ ਦੀ ਯਾਦ ਨੂੰ ਸਮਰਪਿਤ ਹੈ। ਮਈ ਦਿਵਸ ਦੀ ਸੁਰੂਆਤ 19ਵੀਂ ਸਦੀ ਵਿੱਚ ਅਮਰੀਕਾ ਦੇ ਹੇਅ ਮਾਰਕਿਟ ਅਫੇਅਰ ਨਾਲ ਜੁੜੀ ਹੋਈ ਹੈ। ਉਸ ਸਮੇਂ ਮਜਦੂਰਾਂ ਤੋਂ 12 ਤੋਂ 16 ਘੰਟੇ ਕੰਮ ਲਿਆ ਜਾਂਦਾ ਸੀ। ਇਸ ਸੋਸਣ ਅਤੇ ਅਨਿਆਂ ਦੇ ਖ਼ਿਲਾਫ 8 ਘੰਟੇ ਕੰਮ ਦੀ ਮੰਗ ਕਰਦੇ ਹੋਏ 1 ਮਈ 1886 ਨੂੰ ਹਜਾਰਾਂ ਮਜਦੂਰ ਸੜਕਾਂ 'ਤੇ ਉਤਰੇ। ਇਹ ਅੰਦੋਲਨ ਸ਼ਿਕਾਗੋ ਵਿੱਚ ਹਿੰਸਕ ਰੂਪ ਧਾਰ ਗਿਆ, ਜਿਸ ਵਿੱਚ ਅਨੇਕਾਂ ਲੋਕਾਂ ਦੀ ਜਾਨ ਚਲੀ ਗਈ। ਪਰ ਇਹ ਕੁਰਬਾਨੀ ਬੇਕਾਰ ਨਹੀਂ ਗਈ ਅਤੇ ਇਸ ਤੋਂ ਬਾਅਦ ਦੁਨੀਆ ਭਰ ਵਿੱਚ ਮਜਦੂਰ ਹੱਕਾਂ ਲਈ ਇੱਕ ਵੱਡੀ ਲਹਿਰ ਉੱਠੀ।ਮਜਦੂਰ ਅੰਦੋਲਨਾਂ ਨੂੰ ਵਿਚਾਰਧਾਰਕ ਮਜਬੂਤੀ ਦੇਣ ਵਿੱਚ ਕਾਰਲ ਮਾਰਕਸ ਅਤੇ ਫਰਾਇਡਰੀਚ ਐਂਗਲਜ ਵਰਗੇ




ਚਿੰਤਕਾਂ ਦੀ ਮਹੱਤਵਪੂਰਨ ਭੂਮਿਕਾ ਰਹੀ। ਉਨ੍ਹਾਂ ਨੇ ਮਜਦੂਰ ਵਰਗ ਦੀ ਸਥਿਤੀ, ਸੋਸਣ ਅਤੇ ਸਮਾਜਿਕ ਨਿਆਂ ਦੇ ਮੁੱਦਿਆਂ ਨੂੰ ਵਿਸਵ ਪੱਧਰ 'ਤੇ ਉਭਾਰਿਆ।

ਭਾਰਤ ਵਿੱਚ ਵੀ ਮਈ ਦਿਵਸ ਦਾ ਆਪਣਾ ਵਿਲੱਖਣ ਮਹੱਤਵ ਹੈ। ਇੱਥੇ ਪਹਿਲੀ ਵਾਰ 1923 ਵਿੱਚ ਮਦਰਾਸ (ਹੁਣ ਚੇਨਈ) ਵਿੱਚ ਮਈ ਦਿਵਸ ਮਨਾਇਆ ਗਿਆ। ਉਸ ਤੋਂ ਬਾਅਦ ਇਹ ਦਿਨ ਮਜਦੂਰ ਏਕਤਾ, ਹੱਕਾਂ ਅਤੇ ਸਮਾਜਿਕ ਨਿਆਂ ਦੀ ਆਵਾਜ ਬਣ ਗਿਆ।ਅੱਜ ਦੇ ਆਧੁਨਿਕ ਯੁੱਗ ਵਿੱਚ ਮਜਦੂਰਾਂ ਦੀਆਂ ਸਮੱਸਿਆਵਾਂ ਦਾ ਰੂਪ ਬਦਲ ਗਿਆ ਹੈ।

ਠੇਕਾ ਪ੍ਰਣਾਲੀ, ਨਿਯਮਿਤ ਨੌਕਰੀ ਦੀ ਕਮੀ, ਘੱਟ ਮਜਦੂਰੀ ਅਤੇ ਸੁਰੱਖਿਆ ਦੀ ਕਮੀ ਵਰਗੇ ਮੁੱਦੇ ਅਜੇ ਵੀ ਮੌਜੂਦ ਹਨ। ਖਾਸ ਕਰਕੇ ਗਿਗ ਇਕਾਨੋਮੀ (ਗਿਗ ਇਕੋਨਮੀ) ਦੇ ਵਧਦੇ ਪ੍ਰਭਾਵ ਨਾਲ ਨਵੇਂ ਕਿਸਮ ਦੇ ਮਜਦੂਰ ਉਭਰੇ ਹਨ, ਜਿਨ੍ਹਾਂ ਨੂੰ ਕਾਨੂੰਨੀ ਸੁਰੱਖਿਆ ਦੀ ਲੋੜ ਹੈ। ਮਈ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਸਮਾਜ ਦੀ ਅਸਲ ਤਾਕਤ ਉਹ ਹੱਥ ਹਨ ਜੋ ਮਿਹਨਤ ਕਰਦੇ ਹਨ। ਇਹ ਦਿਨ ਸਿਰਫ ਛੁੱਟੀ ਮਨਾਉਣ ਲਈ ਨਹੀਂ, ਸਗੋਂ ਮਜਦੂਰਾਂ ਦੇ ਹੱਕਾਂ, ਸਨਮਾਨ ਅਤੇ ਭਲਾਈ ਲਈ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਦਾ ਦਿਨ ਹੈ।

ਅੱਜ ਲੋੜ ਹੈ ਕਿ ਸਰਕਾਰਾਂ, ਉਦਯੋਗ ਅਤੇ ਸਮਾਜ ਮਿਲ ਕੇ ਇੱਕ ਅਜਿਹਾ ਵਾਤਾਵਰਣ ਬਣਾਉਣ ਜਿੱਥੇ ਮਜਦੂਰ ਸਿਰਫ ਜੀਵਨ ਨੂੰ ਗੁਜਾਰਨ ਹੀ ਨਹੀਂ, ਸਗੋਂ ਸਨਮਾਨ ਨਾਲ ਜਿਊ ਸਕਣ। ਮਈ ਦਿਵਸ ਸਾਨੂੰ ਇਹ ਸੰਦੇਸ ਦਿੰਦਾ ਹੈ ਕਿ ਜਦ ਤੱਕ ਮਿਹਨਤ ਦੀ ਕਦਰ ਨਹੀਂ ਹੋਵੇਗੀ, ਤਦ ਤੱਕ ਅਸਲ ਤਰੱਕੀ ਸੰਭਵ ਨਹੀਂ। ਮਜਦੂਰਾਂ ਦੀ ਮਿਹਨਤ ਨੂੰ ਸਲਾਮ ਕਰਨਾ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਕਰਨਾ ਹੀ ਇਸ ਦਿਨ ਦੀ ਅਸਲ ਸਾਰਥਕਤਾ ਹੈ।




ਮੋਹਿਤ ਸਿੰਗਲਾ
ਤਪਾ ਮੰਡੀ
ਮੋ: 90412-95900


# ਮਈ ਨੂੰ ਬੁੱਧ ਪੂਰਨਿਮਾ 'ਤੇ ਵਿਸੇਸ : ਬੁੱਧ ਪੂਰਨਿਮਾ: ਸਾਂਤੀ, ਦਇਆ ਅਤੇ ਗਿਆਨ ਦਾ ਤਿਉਹਾਰ

**ਆਜ਼ਾਦ ਸੋਚ ਵਿਸ਼ੇਸ਼**

ਬੁੱਧ ਪੂਰਨਿਮਾ ਦਾ ਤਿਉਹਾਰ, ਜੋ ਹਰ ਸਾਲ ਵੈਸਾਖ ਮਹੀਨੇ ਦੀ ਪੂਰਨਮਾਸੀ ਵਾਲੇ ਦਿਨ ਮਨਾਇਆ ਜਾਂਦਾ ਹੈ, ਮਨੁੱਖਤਾ ਲਈ ਸਾਂਤੀ, ਦਇਆ ਅਤੇ ਗਿਆਨ ਦਾ ਪ੍ਰਤੀਕ ਹੈ। ਇਹ ਦਿਨ ਵਿਲੱਖਣ ਹੈ ਕਿਉਂਕਿ ਇਹ ਉਹ ਤਾਰੀਖ ਹੈ ਜਦੋਂ ਤਿੰਨੋਂ ਘਟਨਾਵਾਂ - ਭਗਵਾਨ ਗੌਤਮ ਬੁੱਧ ਦਾ ਜਨਮ, ਗਿਆਨ ਪ੍ਰਾਪਤੀ ਅਤੇ ਮਹਾਪਰਿਨਿਰਵਾਣ - ਇਕੱਠੀਆਂ ਵਾਪਰੀਆਂ ਸਨ। ਇਹ ਤਿਉਹਾਰ ਨਾ ਸਿਰਫ ਪੂਰੇ ਭਾਰਤ ਵਿੱਚ ਹੀ ਨਹੀਂ ਸਗੋਂ ਪੂਰੀ ਦੁਨੀਆ ਵਿੱਚ ਸਰਧਾ ਅਤੇ ਸਾਂਤੀ ਨਾਲ ਮਨਾਇਆ ਜਾਂਦਾ ਹੈ ।

ਭਗਵਾਨ ਬੁੱਧ ਦਾ ਜਨਮ 564 ਈਸਾ ਪੂਰਵ ਵਿੱਚ ਨੇਪਾਲ ਦੇ ਲੁੰਬਿਨੀ ਵਿੱਚ ਇੱਕ ਖੱਤਰੀ ਪਰਿਵਾਰ ਵਿੱਚ ਹੋਇਆ ਸੀ। ਬਚਪਨ ਵਿੱਚ ਉਨ੍ਹਾਂ ਦਾ ਨਾਮ ਸਿਧਾਰਥ ਸੀ। ਉਹ ਸਮਰਾਟ ਬਣਨ ਦੇ ਰਾਹ 'ਤੇ ਸੀ, ਪਰ ਜੀਵਨ ਦੇ ਚਾਰ ਦਰਸਨ - ਬਿਮਾਰ, ਬੁੱਢਾ, ਮੁਰਦਾ ਅਤੇ ਤਪੱਸਵੀ ਨੇ ਉਨ੍ਹਾਂ ਦੇ ਦਿਲ ਨੂੰ ਧੁਰ ਅੰਦਰ ਤੱਕ ਹਿਲਾ ਦਿੱਤਾ। ਸਾਹੀ ਸੁੱਖਾਂ ਦਾ ਤਿਆਗ ਕਰਕੇ ਉਹ ਸੱਚ ਦੀ ਭਾਲ ਵਿੱਚ ਜੰਗਲਾਂ ਵੱਲ ਨੂੰ ਹੋ ਤੁਰੇ। ਸਾਲਾਂ ਦੇ ਧਿਆਨ, ਤਪੱਸਿਆ ਅਤੇ ਆਤਮ-ਨਿਰੀਖਣ ਤੋਂ ਬਾਅਦ, ਉਨ੍ਹਾਂ ਨੂੰ ਬੋਧਗਯਾ ਵਿਖੇ ਇੱਕ ਪਿੱਪਲ ਦੇ ਦਰੱਖਤ ਹੇਠ ਗਿਆਨ ਪ੍ਰਾਪਤ ਹੋਇਆ। ਉੱਥੇ ਉਹ ਸਿਧਾਰਥ ਤੋਂ ਬੁੱਧ ਵਿੱਚ ਬਦਲ ਗਏ ।

ਬੁੱਧ ਦਾ ਜੀਵਨ ਦਰਸਨ ਬਹੁਤ ਹੀ ਵਿਹਾਰਕ ਅਤੇ ਵਿਗਿਆਨਕ ਸੀ। ਪਰਮਾਤਮਾ ਜਾਂ ਆਤਮਾ 'ਤੇ ਬਹਿਸ ਕਰਨ ਦੀ ਬਜਾਏ ਉਨ੍ਹਾਂ ਨੇ ਜੀਵਨ ਦੇ ਦੁੱਖਾਂ ਦੇ ਕਾਰਨ ਅਤੇ ਹੱਲ ਬਾਰੇ ਦੱਸਿਆ। ਚਾਰ ਮਹਾਨ ਸੱਚਾਈਆਂ ਰਾਹੀਂ ਉਨ੍ਹਾਂ ਨੇ ਸਮਝਾਇਆ ਕਿ ਸੰਸਾਰ ਵਿੱਚ ਦੁੱਖ ਹੈ, ਦੁੱਖ ਦਾ ਇੱਕ ਕਾਰਨ ਹੈ, ਦੁੱਖ ਤੋਂ ਛੁਟਕਾਰਾ ਪਾਉਣਾ ਸੰਭਵ ਹੈ ਅਤੇ ਇਸ ਤੋਂ ਛੁਟਕਾਰਾ ਪਾਉਣ ਦਾ ਇੱਕ ਤਰੀਕਾ ਹੈ ਜਿਸਨੂੰ ਉਨ੍ਹਾਂ ਨੇ 'ਅੱਠ ਗੁਣਾ ਮਾਰਗ' ਕਿਹਾ। ਇਹ ਮਾਰਗ ਨੈਤਿਕ ਆਚਰਣ, ਸਹੀ ਦ੍ਰਿਸਟੀਕੋਣ, ਧਿਆਨ ਅਤੇ ਸਵੈ-ਸੰਜਮ 'ਤੇ ਅਧਾਰਤ ਹੈ।

ਬੁੱਧ ਪੂਰਨਿਮਾ ਦਾ ਤਿਉਹਾਰ ਸਿਰਫ ਧਾਰਮਿਕ ਹੀ ਨਹੀਂ ਸਗੋਂ ਇੱਕ ਸਮਾਜਿਕ ਅਤੇ ਨੈਤਿਕ ਸੰਦੇਸਵਾਹਕ ਵੀ ਹੈ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਮਨੁੱਖੀ ਜੀਵਨ ਦਾ ਉਦੇਸ ਸਿਰਫ ਭੌਤਿਕ ਸੁੱਖ-ਸਹੂਲਤਾਂ ਹੀ ਨਹੀਂ ਸਗੋਂ ਅਧਿਆਤਮਿਕ ਵਿਕਾਸ ਅਤੇ ਲੋਕ ਭਲਾਈ ਹੈ। ਭਗਵਾਨ ਗੌਤਮ ਬੁੱਧ ਨੇ ਜੀਵਨ ਵਿੱਚ ਦਇਆ, ਅਹਿੰਸਾ, ਦੋਸਤੀ ਅਤੇ ਸਮਾਨਤਾ ਦੇ ਸਿਧਾਂਤਾਂ ਨੂੰ ਸਾਮਲ ਕਰਨ 'ਤੇ ਜੋਰ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਵਿੱਚ ਜਾਤ, ਵਰਗ, ਭਾਸਾ ਜਾਂ ਸੀਮਾਵਾਂ ਦੀ ਕੋਈ ਕੰਧ ਨਹੀਂ ਸੀ। ਉਹ ਮਨੁੱਖਤਾ ਲਈ ਸਰਵਵਿਆਪੀ ਅਤੇ ਸਦੀਵੀ ਸਨ।

ਅੱਜ ਜਦੋਂ ਦੁਨੀਆ ਕਈ ਤਰ੍ਹਾਂ ਦੀਆਂ ਹਿੰਸਾ, ਭੇਦਭਾਵ ਅਤੇ ਮਾਨਸਿਕ ਤਣਾਅ ਤੋਂ ਪੀੜਤ ਹੈ ਤਾਂ ਭਗਵਾਨ ਬੁੱਧ ਦਾ ਸੰਦੇਸ ਹੋਰ ਵੀ ਪ੍ਰਸੰਗਿਕ ਹੋ ਗਿਆ ਹੈ। ਉਨ੍ਹਾਂ ਕਿਹਾ ਸੀ "ਨਫਰਤ ਨੂੰ ਕਦੇ ਵੀ ਨਫਰਤ ਨਾਲ ਸਾਂਤ ਨਹੀਂ ਕੀਤਾ ਜਾ ਸਕਦਾ, ਇਸਨੂੰ ਸਿਰਫ ਪਿਆਰ ਨਾਲ ਹੀ ਖਤਮ ਕੀਤਾ ਜਾ ਸਕਦਾ ਹੈ ,ਇਹੀ ਸਦੀਵੀ ਧਰਮ ਹੈ।" ਇਹ ਵਿਚਾਰ ਸਿਰਫ ਧਾਰਮਿਕ ਨਹੀਂ ਹੈ, ਇਹ ਜੀਵਨ ਦਾ ਮੂਲ ਦਰਸਨ ਹੈ। ਬੁੱਧ ਪੂਰਨਿਮਾ ਦੇ ਦਿਨ ਲੱਖਾਂ ਸਰਧਾਲੂ ਦੇਸ ਵਿਦੇਸ ਦੇ ਬੋਧੀ ਤੀਰਥ ਸਥਾਨਾਂ - ਬੋਧ ਗਯਾ, ਸਾਰਨਾਥ, ਕੁਸੀਨਗਰ, ਲੁੰਬੀਨੀ ਆਦਿ 'ਤੇ ਇਕੱਠੇ ਹੁੰਦੇ ਹਨ, ਭਗਵਾਨ ਬੁੱਧ ਦੀਆਂ ਮੂਰਤੀਆਂ ਨੂੰ ਫੁੱਲ ਚੜ੍ਹਾਉਂਦੇ ਹਨ, ਵਰਤ ਰੱਖਦੇ ਹਨ, ਧਿਆਨ ਕਰਦੇ ਹਨ ਅਤੇ 'ਤ੍ਰਿਸਰਨ' - ਬੁਧ ਸਰਣਮ ਗੱਛਾਮੀ, ਧੰਮਾ ਸੰਗਰਾਮ ਗੱਛਾਮੀ ਸਰਣਮ ਦਾ ਜਾਪ ਕਰਦੇ ਹਨ। ਇਹ ਸਮਰਪਣ ਨਹੀਂ ਹੈ, ਇਹ ਆਤਮ-ਬੋਧ ਦਾ ਮੰਤਰ ਹੈ।ਬੁੱਧ ਪੂਰਨਿਮਾ ਨਾ ਸਿਰਫ ਸਾਨੂੰ ਇੱਕ ਇਤਿਹਾਸਕ ਸੰਤ ਦੀ ਯਾਦ ਦਿਵਾਉਂਦੀ ਹੈ, ਸਗੋਂ ਸਾਨੂੰ ਆਤਮ-ਨਿਰੀਖਣ ਦਾ ਮੌਕਾ ਵੀ ਦਿੰਦੀ ਹੈ, ਕੀ ਅਸੀਂ ਆਪਣੇ ਅੰਦਰਲੇ ਹਨੇਰੇ ਵਿੱਚੋਂ ਬਾਹਰ ਆ ਕੇ ਸੱਚ ਵੱਲ ਵਧਣ ਦੇ ਯੋਗ ਹਾਂ? ਕੀ ਅਸੀਂ ਆਪਣੇ ਜੀਵਨ ਵਿੱਚ ਦਇਆ ਅਤੇ ਸੰਜਮ ਦਾ ਅਭਿਆਸ ਕਰ ਰਹੇ ਹਾਂ? ਜੇ ਨਹੀਂ ਤਾਂ ਬੁੱਧ ਪੂਰਨਿਮਾ ਸਾਨੂੰ ਆਪਣੇ ਆਪ ਤੋਂ ਇਹ ਵਾਅਦਾ ਕਰਨ ਦਾ ਮੌਕਾ ਦਿੰਦੀ ਹੈ ਕਿ ਅਸੀਂ ਨਾ ਸਿਰਫ ਬਿਹਤਰ ਇਨਸਾਨ ਬਣਾਂਗੇ, ਸਗੋਂ ਇੱਕ ਸਾਂਤੀਪੂਰਨ ਅਤੇ ਹਮਦਰਦ ਸਮਾਜ ਦੇ ਨਿਰਮਾਣ ਵਿੱਚ ਵੀ ਯੋਗਦਾਨ ਪਾਵਾਂਗੇ।ਇਸ ਵੈਸਾਖ ਪੂਰਨਿਮਾ 'ਤੇ ਆਓ ਆਪਾਂ ਆਪਣੇ ਆਪ ਨੂੰ ਸਿਰਫ ਬੁੱਧ ਦੇ ਵਿਚਾਰਾਂ ਨੂੰ ਯਾਦ ਕਰਨ ਤੱਕ ਸੀਮਤ ਨਾ ਰੱਖੀਏ, ਸਗੋਂ ਸਾਨੂੰ ਉਨ੍ਹਾਂ ਨੂੰ ਆਪਣੇ ਵਿਵਹਾਰ ਅਤੇ ਦ੍ਰਿਸਟੀਕੋਣ ਵਿੱਚ ਸਾਮਲ ਕਰੀਏ । ਇਹੀ ਉਨ੍ਹਾਂ ਨੂੰ ਸੱਚੀ ਸਰਧਾਂਜਲੀ ਹੋਵੇਗੀ।




ਮੋਹਿਤ ਸਿੰਗਲਾ
ਤਪਾ ਮੰਡੀ
ਮੋ: 90412-95900


**ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886'ਤੇ ਸੰਪਰਕ ਕਰਨ।**


ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ। - ਸੰਪਾਦਕ



Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor- Surinder Kumar

# ਜਿਲ੍ਹਾ ਫਰੀਦਕੋਟ ਪੁਲਿਸ ਵੱਲੋ ਪੁਲਿਸ ਲਾਈਨ ਵਿਖੇ 161 ਵਹੀਕਲਾਂ ਦੀ ਕਰਵਾਈ ਗਈ ਖੁੱਲੀ ਨਿਲਾਮੀ



**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ,30 ਅਪ੍ਰੈਲ:**

=============

ਡਾ. ਪ੍ਰਗਿਆ ਜੈਨ ਆਈ.ਪੀ.ਐਸ ਐਸ.ਐਸ.ਪੀ ਫਰੀਦਕੋਟ ਵੱਲੋਂ ਪ੍ਰਸ਼ਾਸਨਿਕ ਪਾਰਦਰਸ਼ਤਾ ਅਤੇ ਸੁਚੱਜੇ ਪ੍ਰਬੰਧਨ ਵੱਲ ਦਿਨ-ਪ੍ਰਤੀ ਦਿਨ ਨਵੇਂ ਕਦਮ ਚੁੱਕੇ ਜਾ ਰਹੇ ਹਨ, ਇਸੇ ਦੀ ਲੜੀ ਵਿੱਚ ਫਰੀਦਕੋਟ ਪੁਲਿਸ ਵਿਭਾਗ ਵੱਲੋਂ ਐਨ.ਡੀ.ਪੀ.ਐਸ ਮਾਮਲਿਆ, ਹੋਰ ਵੱਖ-ਵੱਖ ਮੁਕੱਦਮਿਆ ਅਤੇ ਲਾਵਾਰਿਸ ਮਿਲੇ ਵੱਖ-ਵੱਖ ਥਾਣਿਆ ਦੇ ਕੁੱਲ 161 ਵਹੀਕਲਾਂ ਨੂੰ ਯੋਗ ਪ੍ਰਣਾਲੀ ਰਾਹੀ ਪੁਲਿਸ ਲਾਈਨ ਫਰੀਦਕੋਟ ਵਿਖੇ ਖੁੱਲ੍ਹੀ ਬੋਲੀ ਕਰਵਾ ਕੇ ਨਿਲਾਮ ਕਰਵਾਇਆ ਗਿਆ। ਇਹਨਾ ਵਾਹਨਾਂ ਦੀ ਨਿਲਾਮੀ ਕਰਕੇ ਸਰਕਾਰੀ ਖ਼ਜ਼ਾਨੇ ਵਿੱਚ 26.24 ਲੱਖ ਰੁਪਏ ਦੀ ਮਹੱਤਵਪੂਰਨ ਆਮਦਨ ਦਾ ਵਾਧਾ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼੍ਰੀ ਨਵੀਨ ਕੁਮਾਰ ਡੀ.ਐਸ.ਪੀ(ਸਥਾਨਿਕ) ਫਰੀਦਕੋਟ ਨੇ ਦੱਸਿਆ ਕਿ ਇਹਨਾ ਵਿਚੋ ਕੁੱਲ 161 ਵਹੀਕਲਾਂ ਵਿੱਚੋ 37 ਚਾਰ ਪਹੀਆਂ ਵਾਹਨ ਅਤੇ 124 ਦੋ ਪਹੀਆ ਵਹੀਕਲ ਸ਼ਾਮਿਲ ਸਨ। ਜਿਹਨਾ ਦੀ ਨਿਲਾਮੀ ਲਈ 54 ਵਿਅਕਤੀਆ ਵੱਲੋ ਬੋਲੀ ਵਿੱਚ ਭਾਗ ਲਿਆ ਗਿਆ ਅਤੇ ਇਹ ਬੋਲੀ 26 ਲੱਖ 24 ਹਜਾਰ ਰੁਪਏ ਪਰ ਖਤਮ ਹੋਈ। ਡੀ.ਐਸ.ਪੀ ਸ਼੍ਰੀ ਨਵੀਨ ਕੁਮਾਰ ਨੇ ਕਿਹਾ ਕਿ ਇਹਨਾ ਵਾਹਨਾ ਵਿੱਚ ਮੋਟਰਸਾਈਕਲਾ ਦੀ ਸੰਖਿਆ ਜਿਆਦਾ ਸੀ, ਜਿਹਨਾ ਨੂੰ ਕਿ ਜਿਲਾ ਪੁਲਿਸ ਵੱਲੋ ਜਬਤ ਕੀਤਾ ਗਿਆ ਸੀ, ਪ੍ਰੰਤੂ ਇਹਨਾ ਨੂੰ ਕਿਸੇ ਵੱਲੋ ਵੀ ਛੁਡਵਾਉਣ ਲਈ ਕੋਈ ਵੀ ਚਿੰਰਾਜੋਈ ਨਹੀ ਕੀਤੀ ਗਈ ਸੀ ਅਤੇ ਜਿਹਨਾ ਦੀ ਹਾਲਤ ਹੁਣ ਖਸਤਾ ਹੋ ਚੁੱਕੀ ਸੀ। ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਵੱਲੋ ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਾਹਨ ਡਿਸਪੋਜ਼ਲ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿਚ ਕਾਨੂੰਨੀ ਪ੍ਰਕਿਰਿਆ ਅਪਨਾਉਦੇ ਹੋਏ ਜ਼ਿਲ੍ਹਾ ਫਰੀਦਕੋਟ ਦੇ ਪੁਲਿਸ ਥਾਣਾ ਸਦਰ ਕੋਟਕਪੂਰਾ, ਥਾਣਾ ਬਾਜਾਖਾਨਾ ਅਤੇ ਥਾਣਾ ਸਿਟੀ ਫਰੀਦਕੋਟ ਦੇ ਨਸ਼ਿਆ ਅਤੇ ਹੋਰ ਮੁਕੱਦਮਿਆਂ ਵਿਚ ਬਰਾਮਦਸ਼ੁਦਾ 161 ਵਹੀਕਲ ਬਿਨਾਂ ਕਾਗਜ਼ਾਤ ਤੇ ਦੁਬਾਰਾ ਨਾ ਵਰਤੋਂਯੋਗ ਸਕਰੈਪ ਦੀ ਨਿਲਾਮੀ (ਖੁੱਲੀ ਬੋਲੀ) ਕਰਵਾਈ ਗਈ। ਉਹਨਾ ਕਿਹਾ ਕਿ ਨਿਲਾਮੀ ਦੀ ਕੁੱਲ ਰਕਮ 26,24,000/- ਰੁਪਏ ਸਰਕਾਰੀ ਖ਼ਜ਼ਾਨੇ ਵਿਚ ਜਮਾਂ ਕਰਵਾਈ ਗਈ ਹੈ। ਉਹਨਾ ਦੱਸਿਆ ਕਿ ਇਨਾਂ ਵਾਹਨਾਂ ਨਾਲ ਸਬੰਧਿਤ ਮੁਕੱਦਮਿਆਂ ਦਾ ਫੈਸਲਾ ਹੋ ਚੁੱਕਾ ਹੈ ਪ੍ਰੰਤੂ ਕਿਸੇ ਵਿਅਕਤੀ ਵੱਲੋਂ ਇਹ ਵਹੀਕਲ ਕਲੇਮ ਨਹੀ ਕੀਤੇ ਗਏ ਅਤੇ ਇਨ੍ਹਾਂ ਵਹੀਕਲਾਂ ਕਰਕੇ ਥਾਣਿਆਂ ਵਿਚ ਕਾਫੀ ਜਗ੍ਹਾ ਘੇਰੀ ਹੋਈ ਸੀ। ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਵਹੀਕਲਾ ਦੀ ਨਿਲਾਮੀ ਹੋਣ ਨਾਲ ਥਾਣਿਆ ਅਤੇ ਪੁਲਿਸ ਲਾਈਨ ਵਿੱਚ ਕਾਫੀ ਜਗ੍ਹਾ ਖਾਲੀ ਹੋ ਜਾਵੇਗੀ। ਜਿਸਨੂੰ ਕਿ ਵਰਤੋਂਯੋਗ ਬਣਾਇਆ ਜਾ ਸਕੇਗਾ। ਇਸ ਦੇ ਨਾਲ ਹੀ ਬਾਕੀ ਰਹਿੰਦੇ ਵਾਹਨਾਂ ਸਬੰਧੀ ਵੀ ਰਿਕਾਰਡ ਤਿਆਰ ਕਰਵਾਇਆ ਜਾ ਰਿਹਾ ਹੈ ਅਤੇ ਇਹ ਵਾਹਨ ਵੀ ਜਲਦੀ ਨਿਲਾਮ ਕੀਤੇ ਜਾਣਗੇ।

# ਘਨੌਰ ਗਊਸ਼ਾਲਾ ਵਿਖੇ 51 ਥੈਲੇ ਫੀਡ ਅਤੇ ਚਾਰ ਟਰਾਲੀ ਤੂੜੀ ਦਾਨ



**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 30 ਅਪ੍ਰੈਲ:**

===========

ਸ੍ਰੀ ਕ੍ਰਿਸ਼ਨ ਗਊਸ਼ਾਲਾ ਘਨੌਰ ਵਿੱਚ ਤਕਰੀਬਨ 600 ਤੋਂ ਵੱਧ ਗਊਆਂ ਹਨ ਜਿਨਾਂ ਦੀ ਦੇਖਰੇਖ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੀ ਜਾਂਦੀ ਹੈ.ਇਸ ਮੌਕੇ ਸਮਾਜਸੇਵੀ ਰਿਟਾਇਰ ਇੰਸਪੈਕਟਰ ਪ੍ਰੇਮ ਸਿੰਘ ਭੰਗੂ ਨੇ ਸ੍ਰੀ ਕ੍ਰਿਸ਼ਨ ਗਊਸ਼ਲਾ ਘਨੌਰ ਨੂੰ ਚਾਰ ਟਰਾਲੀਆਂ ਤੂੜੀ ਅਤੇ 51 ਥੈਲੇ ਫੀਡ ਦੇ ਦਾਨ ਕਰਨ ਮੌਕੇ ਕਿਹਾ ਕਿ ਬੇਜ਼ੁਬਾਨ ਪਸ਼ੂਆਂ ਦੀ ਸੇਵਾ ਕਰਨਾ ਬਹੁਤ ਵੱਡਾ ਪੁੰਨ ਦਾ ਕੰਮ ਮੰਨਿਆ ਗਿਆ ਹੈ। ਉਹਨਾਂ ਕਿਹਾ ਮੈਂ ਆਪਣੇ ਘਰ ਪਰਿਵਾਰ ਅਤੇ ਬੱਚਿਆਂ ਦੀ ਸੁੱਖ ਸ਼ਾਂਤੀ ਲਈ ਗਊਆਂ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦਾ ਹਾਂ ਅਤੇ ਅੱਜ ਮੈਨੂੰ ਇਹ ਦਾਨ ਕਰਕੇ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ। ਇਸ ਦੌਰਾਨ ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਦੇ ਪ੍ਰਧਾਨ ਗੁਲਸ਼ਨ ਕੁਮਾਰ ਨੇ ਦਾਨ ਕਰਨ ਉਹਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਇਲਾਕਾ ਵਾਸੀਆਂ ਨੂੰ ਵੀ ਪੁਰ ਜੋਰ ਅਪੀਲ ਕੀਤੀ ਕਿ ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਵਿੱਚ ਵੱਧ ਤੋਂ ਵੱਧ ਦਾਨ ਕਰਕੇ ਗਊਮਾਤਾ ਦਾ ਅਸ਼ੀਰਵਾਦ ਪ੍ਰਾਪਤ ਕਰੋ ਜੀ।

# ਹੰਭਲਾ ਫਾਊਂਡੇਸ਼ਨ ਨੇ ਵੰਡੀ ਸਰਕਾਰੀ ਸਕੂਲ ਕਮਾਲੇ ਵਾਲਾ ਦੇ ਬੱਚਿਆਂ ਨੂੰ ਸਿੱਖਿਆ ਸਮੱਗਰੀ : ਗਾਮਾ ਸਿੱਧੂ

**ਆਜ਼ਾਦ ਸੋਚ, ਰਮਨਦੀਪ ਕੁੱਲਗੜ੍ਹੀ, ਫਿਰੋਜ਼ਪੁਰ, 30 ਅਪ੍ਰੈਲ:**

============

ਪਿਛਲੇ ਸਾਲ ਪੰਜਾਬ ਦੇ ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿੱਚ ਆਏ ਭਾਰੀ ਹੜ੍ਹਾਂ ਦੌਰਾਨ ਲੋਕਾਂ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਹੋਣ ਕਾਰਨ ਲੋਕਾਂ ਦੀ ਆਰਥਿਕ ਸਥਿਤੀ ਕਾਫੀ ਗੰਭੀਰ ਹੋ ਗਈ ਸੀ। ਇਸ ਦੌਰਾਨ ਕੁਝ ਸਮਾਜ ਸੇਵੀ ਲੋਕਾਂ ਨੇ ਇਸ ਇਲਾਕੇ ਦੀ ਬਾਂਹ ਫੜਨ ਲਈ ਹੰਭਲਾ ਫਾਊਂਡੇਸ਼ਨ ਨਾਮ ਦੀ ਸੰਸਥਾ ਬਣਾ ਕੇ ਲੋਕਾਂ ਦੀਆਂ ਉੱਜੜੀਆਂ ਫ਼ਸਲਾਂ ਨੂੰ ਦੁਬਾਰਾ ਲੀਹ 'ਤੇ ਲਿਆਉਣ ਲਈ ਬਹੁਤ ਵੱਡਾ ਉਪਰਾਲਾ ਕਰਦਿਆਂ ਲੋਕਾਂ ਨੂੰ ਡੀਜ਼ਲ, ਖਾਦ, ਬੀਜ, ਚਾਰਾ ਆਦਿ ਅਤੇ ਨਕਦ ਰਾਸ਼ੀ ਰਾਹੀ ਮਦਦ ਕੀਤੀ ਗਈ। ਇਸ ਦੌਰਾਨ ਉਸੇ ਉਪਰਾਲੇ ਨੂੰ ਅੱਗੇ ਤੋਰਦਿਆਂ ਹੋਇਆ ਅੱਜ ਫ਼ਿਰੋਜ਼ਪੁਰ ਦੇ ਸਰਹੱਦੀ ਪਿੰਡ ਕਮਾਲੇ ਵਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀ ਨੂੰ ਸਕੂਲ ਬੈਗ, ਪੈਨ, ਪੈਨਸਿਲਾਂ, ਕਾਪੀਆਂ ਆਦਿ ਸਟੇਸ਼ਨਰੀ ਵੰਡੀ ਗਈ। ਇਸ ਸਬੰਧੀ ਫਾਊਂਡੇਸ਼ਨ ਦੇ ਪ੍ਰਧਾਨ ਡਾਕਟਰ ਸੁਰਜੀਤ ਸਿੰਘ ਸਿੱਧੂ ਅਤੇ ਸਕੱਤਰ ਗੁਰਨਾਮ ਸਿੰਘ ਸਿੱਧੂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇੰਗਲੈਂਡ ਦੇ ਰੇਡੀਓ ਪੰਜ ਦੀ ਟੀਮ ਵੱਲੋਂ ਸਹਾਇਤਾ





ਰਾਸ਼ੀ ਭੇਜੀ ਗਈ ਹੈ ਜਿਸ ਵਿਚੋਂ ਇਹ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਲੋੜਵੰਦਾਂ ਅਤੇ ਸਕੂਲਾਂ ਦੇ ਬੱਚਿਆਂ ਵਿਚ ਤਕਸੀਮ ਕੀਤੀ ਜਾਵੇਗੀ। ਓਹਨਾ ਕਿਹਾ ਕਿ ਹੰਭਲਾ ਫਾਊਂਡੇਸ਼ਨ ਅੱਗੇ ਤੋਂ ਵੀ ਲੋੜਵੰਦ ਸਕੂਲੀ ਵਿਦਿਆਰਥੀਆਂ ਦੀ ਹਰ ਸੰਭਵ ਮਦਦ ਕਰਨ ਲਈ ਵਚਨਬੱਧ ਹੈ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ (ਫਿਰੋਜ਼ਪੁਰ-3) ਰਣਜੀਤ ਸਿੰਘ ਨੇ ਹੰਭਲਾ ਫਾਊਂਡੇਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਹਨਾਂ ਦਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮਦਦ ਨਾਲ ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨੂੰ ਇਕ ਪ੍ਰਕਾਰ ਦਾ ਵੱਡਾ ਹੌਂਸਲਾ ਸਾਬਿਤ ਹੋਵੇਗਾ। ਇਸ ਮੌਕੇ ਸਾਈਂ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਮਹਾਲਮ, ਸਤਲੁਜ ਪ੍ਰੈੱਸ ਕਲੱਬ ਦੇ ਮੀਤ ਪ੍ਰਧਾਨ ਨਰਿੰਦਰ ਸਿੰਘ ਕੇਸਰ, ਅਸ਼ੋਕ ਕੁਮਾਰ ਵਿਲਾਸਰਾ, ਵਰਿੰਦਰ ਸਿੰਘ ਬਰਾੜ, ਸਕੂਲ ਇੰਚਾਰਜ ਮੈਡਮ ਨੀਲਮ ਰਾਣੀ, ਸੰਦੀਪ ਕੌਰ ਅਤੇ ਵੱਡੀ ਗਿਣਤੀ ਵਿਚ ਬੱਚੇ ਹਾਜ਼ਿਰ ਸਨ।

# ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਬਰਨਾਲਾ ਵਿਖੇ ਮਜ਼ਦੂਰ ਦਿਵਸ' ਮਨਾਇਆ

**ਆਜ਼ਾਦ ਸੋਚ, ਜਗਸੀਰ ਸਿੰਘ ਸੰਧੂ, ਬਰਨਾਲਾ, 30 ਅਪ੍ਰੈਲ:**

=============

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਬਰਨਾਲਾ ਵਿਖੇ ਅੱਜ 'ਅੰਤਰਰਾਸ਼ਟਰੀ ਮਜ਼ਦੂਰ ਦਿਵਸ' ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਵੱਲੋਂ ਮਿਲ ਕੇ ਸਕੂਲ ਦੇ ਚੌਥਾ ਦਰਜਾ ਕਰਮਚਾਰੀਆਂ ਦੀ ਮਿਹਨਤ ਅਤੇ ਸੇਵਾਵਾਂ ਦਾ ਸਨਮਾਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਵਿਸ਼ੇਸ਼ ਪ੍ਰੋਗਰਾਮ ਨਾਲ ਹੋਈ, ਜਿਸ ਵਿੱਚ ਮਜ਼ਦੂਰਾਂ ਦੇ ਹੱਕਾਂ ਅਤੇ ਉਨਾਂ ਦੀ ਮਹੱਤਤਾ ਬਾਰੇ ਕਵਿਤਾਵਾਂ ਅਤੇ ਭਾਸ਼ਣ ਪੇਸ਼ ਕੀਤੇ ਗਏ। ਸਕੂਲ ਦੇ ਪ੍ਰਿੰਸੀਪਲ ਡਾ. ਸੰਦੀਪ ਕੁਮਾਰ ਲੱਠ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਜ਼ਦੂਰ ਸਮਾਜ ਦੀ ਰੀੜ ਦੀ ਹੱਡੀ ਹਨ ਅਤੇ ਕਿਸੇ ਵੀ ਸੰਸਥਾ ਦੀ ਤਰੱਕੀ ਵਿੱਚ ਇਨਾਂ ਦਾ ਅਹਿਮ ਯੋਗਦਾਨ ਹੁੰਦਾ ਹੈ। ਇਸ ਖਾਸ ਮੌਕੇ 'ਤੇ ਸਕੂਲ ਦੇ ਮਾਲੀ, ਸਫ਼ਾਈ ਸੇਵਕਾਂ ਅਤੇ ਹੋਰ ਸਹਾਇਕ ਸਟਾਫ ਨੂੰ ਯਾਦਗਾਰੀ ਚਿੰਨ ਅਤੇ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਬਣਾਏ ਗਏ 'ਥੈਂਕ ਯੂ ਕਾਰਡ' (ਧੰਨਵਾਦ ਪੱਤਰ) ਦੇ ਕੇ ਉਨਾਂ ਪ੍ਰਤੀ ਆਪਣਾ ਪਿਆਰ ਜਤਾਇਆ। ਇਸ ਦਿਹਾੜੇ ਨੇ ਬੱਚਿਆਂ ਨੂੰ ਹੱਥੀਂ ਕਿਰਤ ਕਰਨ ਅਤੇ ਹਰ ਇਨਸਾਨ ਦਾ ਸਤਿਕਾਰ ਕਰਨ ਦਾ ਸੁਨੇਹਾ ਦਿੱਤਾ।





# ਐਸ.ਬੀ.ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਮਜ਼ਦੂਰ ਦਿਵਸ ਮਨਾਇਆ ਗਿਆ

**ਆਜ਼ਾਦ ਸੋਚ, ਜਗਸੀਰ ਸਿੰਘ ਸੰਧੂ, ਬਰਨਾਲਾ, 30 ਅਪ੍ਰੈਲ:**

==============

ਐਸ.ਬੀ.ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੇ ਉਤਸ਼ਾਹ, ਸਨਮਾਨ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵੱਲੋਂ ਸਵੇਰ ਦੀ ਸਭਾ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਦੇ ਸਹਾਇਕ ਕਰਮਚਾਰੀਆਂ ਨੇ ਹਾਜ਼ਰੀ ਲਗਾਈ। ਸਮਾਗਮ ਦਾ ਮੁੱਖ ਉਦੇਸ਼ ਮਜ਼ਦੂਰਾਂ ਦੀ ਮਿਹਨਤ ਨੂੰ ਸਲਾਮ ਕਰਨਾ ਅਤੇ ਵਿਦਿਆਰਥੀਆਂ ਵਿੱਚ ਉਨਾਂ ਪ੍ਰਤੀ ਸਤਿਕਾਰ ਅਤੇ ਸਹਾਨਭੂਤੀ ਦੀ ਭਾਵਨਾ ਪੈਦਾ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਕੀਤੀ ਗਈ, ਜਿਸ ਤੋਂ ਬਾਅਦ ਅਧਿਆਪਕਾ ਰਜਿੰਦਰ ਕੌਰ ਜੀ ਨੇ ਮਜ਼ਦੂਰ ਦਿਵਸ ਦਾ ਇਤਿਹਾਸ ਅਤੇ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨਾਂ ਦੱਸਿਆ ਕਿ 1 ਮਈ ਨੂੰ ਮਨਾਇਆ ਜਾਣ ਵਾਲਾ ਇਹ ਦਿਵਸ ਦੁਨੀਆ ਭਰ ਦੇ ਮਜ਼ਦੂਰਾਂ ਦੇ ਹੱਕਾਂ ਅਤੇ ਉਨਾਂ ਦੀ ਮਿਹਨਤ ਨੂੰ ਸਨਮਾਨ ਦੇਣ ਲਈ ਸਮਰਪਿਤ ਹੈ। ਉਨਾਂ ਨੇ ਵਿਦਿਆਰਥੀਆਂ ਨੂੰ ਸਮਝਾਇਆ ਕਿ ਹਰ ਇੱਕ ਛੋਟਾ ਜਾਂ ਵੱਡਾ ਕੰਮ ਮਹੱਤਵਪੂਰਨ ਹੁੰਦਾ ਹੈ ਅਤੇ ਸਾਨੂੰ ਹਰ ਮਜ਼ਦੂਰ ਦੀ ਇੱਜ਼ਤ ਕਰਨੀ ਚਾਹੀਦੀ ਹੈ। ਇਸ ਤੋਂ ਬਾਅਦ ਅਧਿਆਪਕ ਗੁਰਮੇਲ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਿਹਨਤ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ।ਉਨਾਂ ਕਿਹਾ ਕਿ ਮਜ਼ਦੂਰ ਸਾਡੇ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਸਾਨੂੰ ਹਮੇਸ਼ਾਂ ਉਨਾਂ ਦੀ ਸਹਾਇਤਾ ਲਈ ਤਿਆਰ ਰਹਿਣਾ ਚਾਹੀਦਾ ਹੈ। ਉਨਾਂ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਰੋਜ਼ਾਨਾ ਜੀਵਨ ਵਿੱਚ ਮਜ਼ਦੂਰਾਂ ਨਾਲ ਸਨਮਾਨ ਨਾਲ ਪੇਸ਼ ਆਉਣ ਅਤੇ ਉਨਾਂ ਦੀ ਮਿਹਨਤ ਦੀ ਕਦਰ ਕਰਨ। ਇਸ ਮੌਕੇ 'ਤੇ ਸਕੂਲ ਦੇ ਤਿੰਨੋ ਹਾਉਸ ਸਨਸ਼ਾਇਨ, ਬਲੌਸਮ, ਸੈਫਰਨ ਦੇ ਵਿਦਿਆਰਥੀਆਂ ਵੱਲੋਂ ਗੀਤਾਂ, ਕਵਿਤਾਵਾਂ, ਭਾਸ਼ਣਾਂ ਅਤੇ ਨਾਟਕਾਂ ਰਾਹੀਂ ਮਜ਼ਦੂਰਾਂ ਦੀ ਜ਼ਿੰਦਗੀ ਅਤੇ ਉਨਾਂ ਦੀ ਮਿਹਨਤ ਨੂੰ ਦਰਸਾਇਆ।ਕੁਝ ਵਿਦਿਆਰਥੀਆਂ ਨੇ ਐਸੀ ਪ੍ਰਸਤੁਤੀਆਂ ਵੀ ਦਿੱਤੀਆਂ ਜਿਨਾਂ ਵਿੱਚ ਮਜ਼ਦੂਰਾਂ ਦੇ ਸੰਘਰਸ਼ ਅਤੇ ਉਨਾਂ ਦੀ ਜ਼ਰੂਰਤ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਸਮਾਗਮ ਦੌਰਾਨ ਸਕੂਲ ਦੇ ਸਫਾਈ ਕਰਮਚਾਰੀਆਂ, ਮਾਲੀਆਂ ਅਤੇ ਹੋਰ ਸਹਾਇਕ ਸਟਾਫ ਨੂੰ ਖ਼ਾਸ ਤੌਰ 'ਤੇ ਸਟੇਜ 'ਤੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਨੇ ਉਨਾਂ ਨੂੰ ਤਾਲੀਆਂ ਨਾਲ ਸਲਾਮ ਕੀਤਾ ਅਤੇ ਉਨਾਂ ਦੀ ਸੇਵਾ ਲਈ ਧੰਨਵਾਦ ਪ੍ਰਗਟਾਇਆ। ਇਹ ਪਲ ਸਭ ਲਈ ਬਹੁਤ ਹੀ ਭਾਵੁਕ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ। ਅੰਤ ਵਿੱਚ ਵਾਈਸ ਪ੍ਰਿੰਸੀਪਲ ਡਾ. ਸੰਜੈ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਾਨੂੰ ਹਰ ਵਰਗ ਦੇ ਲੋਕਾਂ ਦੀ ਮਿਹਨਤ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਆਪਣੇ ਜੀਵਨ ਵਿੱਚ ਮਿਹਨਤ ਨੂੰ ਅਪਣਾਉਣਾ ਚਾਹੀਦਾ ਹੈ। ਇਸ ਤੋਂ ਬਾਅਦ ਪ੍ਰਿੰਸੀਪਲ ਕਮਲਜੀਤ ਕੌਰ ਨੇ ਮਜ਼ਦੂਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਜ਼ਦੂਰਾਂ ਦੀ ਮਿਹਨਤ ਨਾਲ ਹੀ ਸਮਾਜ ਵਿੱਚ ਤਰੱਕੀ ਅਤੇ ਖੁਸ਼ਹਾਲੀ ਆਉਂਦੀ ਹੈ, ਇਸ ਲਈ ਸਾਨੂੰ ਉਨਾਂ ਦੀ ਕਦਰ ਕਰਨੀ ਚਾਹੀਦੀ ਹੈ ਅਤੇ ਉਨਾਂ ਨਾਲ ਸਹਿਯੋਗ ਕਰਨਾ ਚਾਹੀਦਾ ਹੈ।

# ਬਿਜਲੀ ਕੱਟਾਂ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਹਲਕਾ ਐਸ.ਡੀ.ਐਮ ਦਫਤਰ ਟਾਂਡਾ ਦੇ ਸਾਹਮਣੇ ਦਿੱਤਾ ਰੋਸ ਧਰਨਾ



**ਆਜ਼ਾਦ ਸੋਚ, ਤੇਜਿੰਦਰ ਸਿੰਘ, ਟਾਂਡਾ ਉੜਮੁੜ, 30 ਅਪ੍ਰੈਲ:**

===========

ਪੰਜਾਬ ਵਿੱਚ ਲਗਾਤਾਰ ਲੱਗ ਰਹੇ ਲੰਬੇ ਬਿਜਲੀ ਕੱਟਾਂ ਅਤੇ ਬਿਜਲੀ ਦੀ ਮਾੜੀ ਸਪਲਾਈ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਅੱਜ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤੇ ਗਏ। ਇਸੇ ਲੜੀ ਤਹਿਤ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਉੜਮੁੜ ਟਾਂਡਾ ਦੇ ਇੰਚਾਰਜ਼ ਅਰਵਿੰਦਰ ਸਿੰਘ ਰਸੂਲਪੁਰ ਦੀ ਅਗਵਾਈ ਹੇਠ ਵਰਕਰਾਂ ਨੇ ਐੱਸ.ਡੀ.ਐਮ. ਦਫ਼ਤਰ ਟਾਂਡਾ ਉੜਮੁੜ ਦੇ ਬਾਹਰ ਧਰਨਾ ਦਿੱਤਾ ਅਤੇ ਮੌਜੂਦਾ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ ਨੇ ਕਿਹਾ ਕਿ ਇੱਕ ਪਾਸੇ ਜਨਤਾ ਬਿਜਲੀ ਕੱਟਾਂ ਨਾਲ ਜੂਝ ਰਹੀ ਹੈ ਅਤੇ ਦੂਜੇ ਪਾਸੇ ਸਰਕਾਰ ਵੱਲੋਂ ਬਿਜਲੀ ਦਰਾਂ ਵਿੱਚ ਵਾਧਾ ਕਰਕੇ ਲੋਕਾਂ 'ਤੇ ਵਾਧੂ ਬੋਝ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਯੂਥ ਆਗੂ ਕਮਲਜੀਤ ਕੁਲਾਰ, ਸੀਨੀਅਰ ਆਗੂ ਕੰਵਲਜੀਤ ਸਿੰਘ ਤੁੱਲੀ ਅਤੇ ਹੋਰ ਆਗੂਆਂ ਨੇ ਕਿਹਾ ਕਿ ਸਰਕਾਰ ਮੁਫ਼ਤ ਬਿਜਲੀ ਦੇ ਦਾਅਵੇ ਤਾਂ ਕਰ ਰਹੀ ਹੈ ਪਰ ਹਕੀਕਤ ਵਿੱਚ ਲੋਕਾਂ ਦੇ ਘਰਾਂ ਦੀ ਬੱਤੀ ਗੁੱਲ ਹੈ। ਉਨ੍ਹਾਂ ਕਿਹਾ ਕਿ ਉਦਯੋਗ ਅਤੇ ਖੇਤੀਬਾੜੀ ਦੋਵੇਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ। ਇਸ ਮੌਕੇ ਇਨ੍ਹਾਂ ਤੋਂ ਇਲਾਵਾ ਸੁਰਜੀਤ ਸਿੰਘ ਜੌੜਾ, ਜਸਵਿੰਦਰ ਸਿੰਘ ਖੁਣਖੁਣ, ਕੁਲਜੀਤ ਸਿੰਘ ਬਿੱਟੂ, ਗੁਰਨਾਮ ਸਿੰਘ ਸਹਿਬਾਜ਼ਪੁਰ, ਪ੍ਰਿਥੀਪਾਲ ਸਿੰਘ ਦਾਤਾ, ਯੂਥ ਆਗੂ ਅਰਮਿੰਦਰ ਸਿੰਘ ਹੁਸੈਨਪੁਰ, ਤਜਿੰਦਰ ਸਿੰਘ ਸੋਨੂੰ ਜਾਜਾ, ਨਿਰਮਲ ਸਿੰਘ ਤੁੱਲੀ, ਸਵਰਨ ਸਿੰਘ ਜੋਸ਼, ਕਰਨ ਧੁੱਗਾ, ਹਰਵਿੰਦਰ ਸਿੰਘ ਸਮਰਾ, ਵਰਿੰਦਰ ਸਿੰਘ ਜੀਆ ਨੱਥਾ, ਲੱਕੀ ਰਾਏ, ਹਰਭਜਨ ਸਿੰਘ ਸਿੱਧੂ ਅਤੇ ਵੱਡੀ ਗਿਣਤੀ ਵਿਚ ਅਕਾਲੀ ਵਰਕਰ ਹਾਜ਼ਰ ਸਨ।

# ਸਰਕਾਰੀ ਸਕੂਲਾਂ 'ਚ ਜਨਰੇਟਰਾਂ ਦਾ ਪ੍ਰਬੰਧ ਕਰੇ ਸਰਕਾਰ : ਚੇਅਰਮੈਨ ਲਖਵੀਰ ਸਿੰਘ ਲੱਖਾ



**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 30 ਅਪ੍ਰੈਲ:**

=============

ਪੰਜਾਬ ਭਰ ਵਿੱਚ ਵਧ ਰਹੀ ਬਿਜਲੀ ਕਟੌਤੀ ਨੇ ਆਮ ਜਨਜੀਵਨ ਦੇ ਨਾਲ-ਨਾਲ ਸਿੱਖਿਆ ਪ੍ਰਣਾਲੀ ਨੂੰ ਵੀ ਗੰਭੀਰ ਤੌਰ 'ਤੇ ਪ੍ਰਭਾਵਿਤ ਕੀਤਾ ਹੈ। ਖ਼ਾਸ ਕਰਕੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਜ਼ਾਰਾਂ ਵਿਦਿਆਰਥੀ ਇਸ ਸਮੱਸਿਆ ਨਾਲ ਜੂਝ ਰਹੇ ਹਨ। ਇਸ ਨੂੰ ਮੱਦੇਨਜ਼ਰ ਚੇਅਰਮੈਨ ਲਖਵੀਰ ਸਿੰਘ ਲੱਖਾ ਕਾਂਗਰਸ ਪਾਰਟੀ ਦੇ ਅਨੁਸੂਚਿਤ ਜਾਤੀ ਚੇਅਰਮੈਨ ਜ਼ਿਲ੍ਹਾ ਫ਼ਰੀਦਕੋਟ ਨੇ ਮੌਜੂਦਾ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਤੁਰੰਤ ਇਸ ਮੰਗ ਵੱਲ ਧਿਆਨ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਜਨਰੇਟਰਾਂ ਦਾ ਪ੍ਰਬੰਧ ਕੀਤਾ ਜਾਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ, ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹੇ। ਲਖਵੀਰ ਸਿੰਘ ਨੇ ਆਪਣੇ ਵਰਕਰਾਂ ਦੀ ਮੀਟਿੰਗ ਦੌਰਾਨ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਬਿਜਲੀ ਕਟੌਤੀ ਦੇ ਕਾਰਨ ਸਕੂਲਾਂ ਵਿੱਚ ਪੱਖੇ, ਕੂਲਰ ਅਤੇ ਹੋਰ ਜ਼ਰੂਰੀ ਸਹੂਲਤਾਂ ਬੰਦ ਰਹਿੰਦੀਆਂ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਕਈ ਵਾਰ ਤਾਂ ਕਲਾਸਰੂਮ ਵਿੱਚ ਬੈਠਣਾ ਵੀ ਮੁਸ਼ਕਿਲ ਹੋ ਜਾਂਦਾ ਹੈ, ਜਿਸ ਨਾਲ ਬੱਚਿਆਂ ਦੀ ਸਿਹਤ 'ਤੇ ਵੀ ਨਕਾਰਾਤਮਕ ਅਸਰ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਛੋਟੇ ਬੱਚਿਆਂ ਲਈ ਇਹ ਸਥਿਤੀ ਹੋਰ ਵੀ ਜ਼ਿਆਦਾ ਪਰੇਸ਼ਾਨੀ ਵਾਲੀ ਹੁੰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ-ਕੱਲ੍ਹ ਸਕੂਲਾਂ ਵਿੱਚ ਸਮਾਰਟ ਕਲਾਸਰੂਮ, ਪ੍ਰੋਜੈਕਟਰ ਅਤੇ ਡਿਜ਼ਿਟਲ ਸਿੱਖਿਆ ਦੇ ਸਾਧਨ ਲਾਗੂ ਕੀਤੇ ਜਾ ਰਹੇ ਹਨ, ਪਰ ਬਿਜਲੀ ਦੀ ਘਾਟ ਕਾਰਨ ਇਹ ਸਹੂਲਤਾਂ ਬੇਅਸਰ ਹੋ ਜਾਂਦੀਆਂ ਹਨ। ਜੇਕਰ ਬਿਜਲੀ ਹੀ ਉਪਲਬਧ ਨਾ ਹੋਵੇ, ਤਾਂ ਡਿਜ਼ਿਟਲ ਸਿੱਖਿਆ ਦੇ ਇਹ ਉਪਰਾਲੇ ਸਿਰਫ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਜਾਂਦੇ ਹਨ। ਇਸ ਨਾਲ ਨਾ ਸਿਰਫ਼ ਸਰਕਾਰੀ ਧਨ ਦੀ ਬਰਬਾਦੀ ਹੁੰਦੀ ਹੈ, ਸਗੋਂ ਵਿਦਿਆਰਥੀਆਂ ਦੇ ਭਵਿੱਖ ਨਾਲ ਵੀ ਖਿਲਵਾੜ ਹੁੰਦਾ ਹੈ। ਲੱਖਾ ਨੇ ਜ਼ੋਰ ਦੇ ਕੇ ਕਿਹਾ ਕਿ ਜੇਕਰ ਹਰ ਸਰਕਾਰੀ ਸਕੂਲ ਵਿੱਚ ਜਨਰੇਟਰ ਲਗਾਏ ਜਾਣ, ਤਾਂ ਬਿਜਲੀ ਕਟੌਤੀ ਦੇ ਬਾਵਜੂਦ ਪੜ੍ਹਾਈ ਦਾ ਕੰਮ ਪ੍ਰਭਾਵਿਤ ਨਹੀਂ ਹੋਵੇਗਾ। ਇਸ ਨਾਲ ਅਧਿਆਪਕ ਵੀ ਆਰਾਮ ਨਾਲ ਆਪਣਾ ਕੰਮ ਕਰ ਸਕਣਗੇ ਅਤੇ ਵਿਦਿਆਰਥੀਆਂ ਨੂੰ ਇੱਕ ਵਧੀਆ ਸਿੱਖਣ ਵਾਲਾ ਮਾਹੌਲ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਕਦਮ ਨਾ ਸਿਰਫ਼ ਸਿੱਖਿਆ ਦੀ ਗੁਣਵੱਤਾ ਨੂੰ ਸੁਧਾਰੇਗਾ, ਸਗੋਂ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਭਰੋਸਾ ਵੀ ਵਧੇਗਾ। ਇਸ ਮੌਕੇ ਉਨ੍ਹਾਂ ਨੇ ਇਹ ਵੀ ਸੁਝਾਅ ਦਿੱਤਾ ਕਿ ਸਰਕਾਰ ਨੂੰ ਲੰਬੇ ਸਮੇਂ ਲਈ ਸੌਰ ਊਰਜਾ (ਸੋਲਰ ਪਾਵਰ) ਵਰਗੇ ਵਿਕਲਪਾਂ 'ਤੇ ਵੀ ਧਿਆਨ ਦੇਣਾ ਚਾਹੀਦਾ ਹੈ, ਤਾਂ ਜੋ ਸਕੂਲਾਂ ਨੂੰ ਬਿਜਲੀ ਦੀ ਸਮੱਸਿਆ ਤੋਂ ਸਥਾਈ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਕਈ ਰਾਜਾਂ ਵਿੱਚ ਇਹ ਮਾਡਲ ਕਾਮਯਾਬ ਰਹੇ ਹਨ ਅਤੇ ਪੰਜਾਬ ਵਿੱਚ ਵੀ ਇਸਨੂੰ ਲਾਗੂ ਕੀਤਾ ਜਾ ਸਕਦਾ ਹੈ। ਅਖੀਰ ਵਿੱਚ ਪ੍ਰਧਾਨ ਲਖਵੀਰ ਸਿੰਘ ਲੱਖਾ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਜਲਦੀ ਤੋਂ ਜਲਦੀ ਹਰ ਸਰਕਾਰੀ ਸਕੂਲ ਵਿੱਚ ਜਨਰੇਟਰਾਂ ਦੀ ਵਿਵਸਥਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਿੱਖਿਆ ਨਾਲ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਅਤੇ ਸਰਕਾਰ ਨੂੰ ਇਸ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਜਸਵੰਤ ਸਿੰਘ ਭੱਟੀ ਵਾਇਸ ਚੇਅਰਮੈਨ ਪੰਜਾਬਕਾਂਗਰਸ, ਬਲਬੀਰ ਸਿੰਘ ਸਰਪੰਚ, ਹਰਮੇਸ਼ ਸਿੰਘ ਨੰਬਰਦਾਰ, ਡਾ. ਗੁਰਮੇਲ ਸਿੰਘ, ਜਤਿੰਦਰ ਸਿੰਘ ਜੋਤੀ, ਜਸਵਿੰਦਰ ਸਿੰਘ ਔਲਖ ਅਤੇ ਮੇਜਰ ਸਿੰਘ ਘਾਰੂ ਹਾਜਰ ਸਨ।

# ਗੱਤਕਾ ਮੈਡਲਿਸਟ ਸਿਮਰਨਪ੍ਰੀਤ ਕੌਰ ਦਾ ਚੈਅਰਮੈਨ ਗੁਰਪ੍ਰੀਤ ਸਿੰਘ ਮੰਨਣ ਤੇ ਗੱਤਕਾ ਕੋਚ ਵੱਲੋਂ ਸਨਮਾਨ

**ਆਜ਼ਾਦ ਸੋਚ, ਭਾਗ ਸਿੰਘ ਅੰਟਾਲ, ਅਭਿਸ਼ੇਕ ਸੂਦ, ਘਨੌਰ, 30 ਅਪ੍ਰੈਲ:**

==============

ਯੂਨੀਵਰਸਿਟੀ ਆਫ ਕੋਟਾ ਰਾਜਸਥਾਨ ਵਿਖੇ ਚੱਲ ਰਹੀ ਵਿਸ਼ਵ ਗੱਤਕਾ ਚੈਪੀਅਨਸ਼ਿੱਪ ਸਾਲ 2025 - 26 ਵਿੱਚ ਹਲਕਾ ਘਨੌਰ ਦੇ ਪਿੰਡ ਸੀਲ ਦੀ ਗੱਤਕਾ



ਖਿਡਾਰਣ ਸਿਮਰਨਪ੍ਰੀਤ ਕੌਰ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋ ਖੇਡਦੇ ਹੋਏ ਤੀਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਆਮ ਆਦਮੀ ਪਾਰਟੀ ਦੇ ਚੈਅਰਮੈਨ ਸ. ਗੁਰਪ੍ਰੀਤ ਸਿੰਘ ਮੰਨਣ ਅਤੇ ਗੱਤਕਾ ਕੋਚ ਸ. ਗੁਰਪ੍ਰੀਤ ਸਿੰਘ ਬਪਰੌਰ (ਘਨੌਰ) ਵੱਲੋ ਗੱਤਕਾ ਖਿਡਾਰਣ ਦਾ ਸਨਮਾਨ ਕੀਤਾ ਗਿਆ ਗੱਤਕਾ ਕੋਚ ਗੁਰਪ੍ਰੀਤ ਸਿੰਘ ਵੱਲੋ ਖਿਡਾਰਣ ਨੂੰ ਤੇ ਮਾਪੀਆਂ ਨੂੰ ਵਧਾਈਆਂ ਦਿੱਤੀਆਂ ਉੱਥੇ ਪਿੰਡ ਸੀਲ ਦੇ ਹੋਰ ਬੱਚੀਆਂ ਨੂੰ ਗੱਤਕਾ ਖੇਡ ਨਾਲ ਜੋੜਨ ਲਈ ਪ੍ਰੇਰੀਤ ਕੀਤਾ ਮਾਪੀਆਂ ਵੱਲੋ ਆਪਣੇ ਬੱਚੀਆਂ ਤੋ ਇਲਾਵਾ ਹੋਰ ਬੱਚੀਆਂ ਨੂੰ ਖੇਡ ਨਾਲ ਜੁੜਨ ਬਾਰੇ ਪ੍ਰੇਰੀਤ ਕਰਨ ਦਾ ਵਾਦਾ ਕੀਤਾ ਇਸ ਦੇ ਨਾਲ ਆਮ ਆਦਮੀ ਪਾਰਟੀ ਦੇ ਚੈਅਰਮੈਨ ਸ. ਗੁਰਪ੍ਰੀਤ ਸਿੰਘ ਮੰਨਣ ਨੇ ਬੱਚੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦੇ ਹੋਏ ਖਿਡਾਰਣ, ਮਾਤਾ -ਪਿਤਾ ਤੇ ਇਲਾਕਾ ਨਿਵਾਸੀਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਗੱਤਕਾ ਖੇਡ ਦੇ ਪ੍ਰਚਾਰ ਤੇ ਪ੍ਰਸਾਰ ਲਈ ਘਨੌਰ ਹਲਕੇ ਵਿੱਚ ਖੇਡ ਨਰਸਰੀ ਦਿਆਉਣ ਦਾ ਵਾਦਾ ਕੀਤਾ ਤਾ ਕੀ ਜੋ ਘਨੌਰ ਵਿੱਚ ਬੱਚੀਆਂ ਨੂੰ ਵੱਡੇ - ਪੱਧਰ ਤੇ ਨੂੰ ਸਾਡੇ ਗੁਰੂਆਂ ਦੀ ਖੇਡ ਨਾਲ ਜੋੜਿਆਂ ਜਾ ਸਕੇ ਇਸ ਮੌਕੇ ਜਸਬੀਰ ਸਿੰਘ ਕੱਬਡੀ ਕੋਚ, ਸ੍ਰੀ ਰਿੰਕੂ ਜੀ ਮੰਡੋਲੀ ਕਬੱਡੀ ਕੋਚ, ਸ. ਰਣਬੀਰ ਸਿੰਘ ਦਸਤਾਰ ਕੋਚ , ਗੱਤਕਾ ਮੈਡਲਿਸਟ ਸਿਮਰਨਪ੍ਰੀਤ ਕੌਰ ਦਾ ਸ. ਗੁਰਪ੍ਰੀਤ ਸਿੰਘ ਮੰਨਣ ਆਪ ਚੈਅਰਮੈਨ ਤੇ ਗੱਤਕਾ ਕੋਚ ਵੱਲੋ ਸਨਮਾਨ ਯੂਨੀਵਰਸਿਟੀ ਆਫ ਕੋਟਾ ਰਾਜਸਥਾਨ ਵਿਖੇ ਚੱਲ ਰਹੀ ਵਿਸ਼ਵ ਗੱਤਕਾ ਚੈਪੀਅਨਸ਼ਿੱਪ ਸਾਲ 2025 - 26 ਵਿੱਚ ਹਲਕਾ ਘਨੌਰ ਦੇ ਪਿੰਡ ਸੀਲ ਦੀ ਗੱਤਕਾ ਖਿਡਾਰਣ ਸਿਮਰਨਪ੍ਰੀਤ ਕੌਰ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋ ਖੇਡਦੇ ਹੋਏ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਚੈਅਰਮੈਨ ਸ. ਗੁਰਪ੍ਰੀਤ ਸਿੰਘ ਮੰਨਣ ਅਤੇ ਗੱਤਕਾ ਕੋਚ ਸ. ਗੁਰਪ੍ਰੀਤ ਸਿੰਘ ਬਪਰੌਰ (ਘਨੌਰ) ਵੱਲੋ ਗੱਤਕਾ ਖਿਡਾਰਣ ਦਾ ਸਨਮਾਨ ਕੀਤਾ ਗਿਆ ਗੱਤਕਾ ਕੋਚ ਗੁਰਪ੍ਰੀਤ ਸਿੰਘ ਵੱਲੋ ਖਿਡਾਰਣ ਨੂੰ ਤੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।

# ਡੀ.ਸੀ ਅਤੇ ਐੱਸ.ਐੱਸ.ਪੀ ਅਤੇ ਅਦਾਕਾਰਾ ਰੁਪਿੰਦਰ ਰੂਪੀ ਤੇ ਹੋਰ ਹਸਤੀਆਂ ਨੇ ਬਰਨਾਲਾ ਜ਼ਿਲ੍ਹੇ ਵਿੱਚ ਕੀਤੀ ਸਵੈ ਗਣਨਾ ਦੀ ਸ਼ੁਰੂਆਤ

**ਆਜ਼ਾਦ ਸੋਚ, ਜਗਸੀਰ ਸਿੰਘ ਸੰਧੂ, ਬਰਨਾਲਾ, 30 ਅਪ੍ਰੈਲ:**

==============

ਮਰਦਮਸ਼ੁਮਾਰੀ 2027 ਦੇ ਪਹਿਲੇ ਪੜਾਅ ਤਹਿਤ ਅੱਜ ਸੂਬੇ ਵਿਚ ਸਵੈ ਗਣਨਾ ਦੀ ਸ਼ੁਰੂਆਤ ਹੋ ਗਈ ਹੈ। ਜ਼ਿਲ੍ਹਾ ਬਰਨਾਲਾ ਵਿੱਚ ਡਿਪਟੀ ਕਮਿਸ਼ਨਰ, ਐੱਸ ਐੱਸ ਪੀ, ਉੱਘੀ ਅਦਾਕਾਰਾ ਰੁਪਿੰਦਰ ਰੂਪੀ, ਭੁਪਿੰਦਰ ਸਿੰਘ ਬਰਨਾਲਾ ਸਮੇਤ ਹੋਰ ਹਸਤੀਆਂ ਨੇ ਆਪਣੀ ਗਣਨਾ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਜ਼ਿਲਾ ਵਾਸੀਆਂ ਨੂੰ ਸਵੈ ਗਣਨਾ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਬਰਨਾਲਾ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਸਹਿਤ ਪ੍ਰਮੁੱਖ ਜਨਗਣਨਾ ਅਫ਼ਸਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਸਵੈ ਗਣਨਾ ਪੋਰਟਲ ਖੁੱਲ ਗਿਆ ਹੈ।ਅੱਜ ਓਹਨਾਂ ਨੇ ਆਪਣੀ ਗਣਨਾ ਖ਼ੁਦ ਕਰਕੇ ਜ਼ਿਲਾ ਵਾਸੀਆਂ ਨੂੰ ਮਰਦਮਸ਼ੁਮਾਰੀ ਕਰਨ ਦਾ ਸੱਦਾ ਦਿੱਤਾ।ਓਹਨਾਂ ਕਿਹਾ ਕਿ ਇਸ ਵਿਚ ਕਿਸੇ ਵੀ ਤਰਾਂ ਦੀ ਓਟੀਪੀ ਕਿਸੇ ਗਿਣਤੀਕਾਰ ਜਾਂ ਹੋਰ ਵਿਅਕਤੀ ਨੂੰ ਦੇਣ ਦੀ ਜ਼ਰੂਰਤ ਨਹੀਂ ਪੈਂਦੀ। ਓਹਨਾਂ ਦਸਿਆ ਕਿ ਜ਼ਿਲਾ ਵਾਸੀਆਂ ਨੂੰ ਸਵੈ ਗਣਨਾ ਬਾਰੇ ਜਾਗਰੂਕ ਕਰਨ ਲਈ ਐੱਸ ਐਮ ਐਸ ਵੀ ਭੇਜੇ ਜਾ ਰਹੇ ਹਨ। ਇਸ ਮੌਕੇ ਉਹਨਾਂ ਜਨਗਣਨਾ ਸਬੰਧੀ ਪੋਸਟਰ ਵੀ ਜਾਰੀ ਕੀਤਾ।ਉਹਨਾਂ ਦੱਸਿਆ ਕਿ ਇਹ ਮਰਦਮਸ਼ੁਮਾਰੀ ਭਾਰਤ ਦੇਸ਼ ਦੀ ਹੁਣ ਤੱਕ ਦੀ 16ਵੀਂ ਮਰਦਮਸ਼ੁਮਾਰੀ ਹੈ ਅਤੇ ਅਜ਼ਾਦੀ ਤੋਂ ਬਾਅਦ ਦੀ 8ਵੀਂ ਹੈ। ਇਸ ਤੋਂ ਪਹਿਲਾਂ 2011 ਵਿੱਚ ਮਰਦਮਸ਼ੁਮਾਰੀ ਕਰਵਾਈ ਗਈ ਸੀ, ਜਿਸ ਅਨੁਸਾਰ ਬਰਨਾਲਾ ਜ਼ਿਲੇ ਦੀ ਕੁੱਲ ਅਬਾਦੀ 595527 ਸੀ ਜਿਸ ਵਿੱਚ 317522 ਪੁਰਸ਼ ਅਤੇ



278005 ਔਰਤਾਂ ਸਨ। ਇਸ ਮੌਕੇ ਜ਼ਿਲ੍ਹਾ ਪੁਲੀਸ ਮੁਖੀ ਮੁਹੰਮਦ ਸਰਫਰਾਜ਼ ਆਲਮ ਨੇ ਵੀ ਪੋਰਟਲ ਉੱਤੇ ਸਵੈ ਗਣਨਾ ਕੀਤੀ ਅਤੇ ਜ਼ਿਲੇ ਦੇ ਵਾਸੀਆਂ ਨੂੰ ਵੀ ਸੱਦਾ ਦਿੱਤਾ ਕਿ ਉਹ ਇਸ ਮੁਹਿੰਮ ਵਿਚ ਅੱਗੇ ਆਉਣ। ਇਸ ਮੌਕੇ ਅਦਾਕਾਰਾ ਰੁਪਿੰਦਰ ਰੂਪੀ, ਅਦਾਕਾਰ/ਡਾਇਰੈਕਟਰ ਭੁਪਿੰਦਰ ਸਿੰਘ ਬਰਨਾਲਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਮੋਦੀ, ਐੱਸ ਡੀ ਐਮ ਮਹਿਲ ਕਲਾਂ ਕ੍ਰਿਤਿਕਾ ਗੋਇਲ, ਕੌਮਾਂਤਰੀ ਖਿਡਾਰੀ ਹਰਪ੍ਰੀਤ ਸਿੰਘ ਹੈਪੀ (ਮੁੱਕੇਬਾਜ਼), ਲੇਖਕ ਤੇਜਾ ਸਿੰਘ ਤਿਲਕ, ਗੁਰਜੰਟ ਸਿੰਘ ਸਿੱਧੂ, ਤਰਸੇਮ, ਸੇਵਾਮੁਕਤ ਕਰਨਲ ਲਾਭ ਸਿੰਘ, ਸੂਬੇਦਾਰ ਮੇਜਰ ਜਰਨੈਲ ਸਿੰਘ ਸਮੇਤ ਹੋਰ ਹਸਤੀਆਂ ਨੇ ਆਪਣੀ ਸਵੈ ਗਿਣਤੀ ਪੋਰਟਲ ਉੱਤੇ ਕੀਤੀ। ਇਸ ਮੌਕੇ ਖੋਜ ਅਫ਼ਸਰ ਸਹਿਤ ਵਧੀਕ ਜ਼ਿਲਾ ਜਨਗਣਨਾ ਅਫ਼ਸਰ (ਉਪ ਅਰਥ ਤੇ ਅੰਕੜਾ ਸਲਾਹਕਾਰ) ਚਰਨਜੀਤ ਕੌਰ ਨੇ ਦੱਸਿਆ ਕਿ ਜਨ ਗਣਨਾ ਤਹਿਤ ਟੋਲ ਫਰੀ ਨੰਬਰ 1855 ਜਾਰੀ ਕੀਤਾ ਗਿਆ ਹੈ। ਓਹਨਾਂ ਕਿਹਾ ਕਿ ਜ਼ਿਲਾ ਪ੍ਰਬੰਧਕੀ ਕੰਪਲੈਕਸ ਵਿੱਚ ਸੈਂਸਜ਼ ਸੈੱਲ ਵੀ ਬਣਾਇਆ ਗਿਆ ਹੈ। ਓਹਨਾਂ ਦਸਿਆ ਕਿ 15 ਮਈ ਤੋਂ 13 ਜੂਨ 2026 ਤੱਕ ਘਰਾਂ ਦੀ ਸੂਚੀਕਰਨ (8*®) ਦਾ ਪਹਿਲਾ ਪੜਾਅ ਸ਼ੁਰੂ ਹੋਵੇਗਾ ਜਿਸ ਵਿਚ ਗਿਣਤੀਕਾਰ ਘਰ ਘਰ ਜਾ ਕੇ ਗਿਣਤੀ ਕਰਨਗੇ ਤੇ 33 ਸਵਾਲ ਪੁੱਛਣਗੇ। ਓਹਨਾਂ ਸਾਰਿਆਂ ਨੂੰ ਆਪਣੀ ਸਹੀ ਜਾਣਕਾਰੀ ਦਰਜ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸੈਂਸਜ਼ ਸੈੱਲ ਇੰਚਾਰਜ ਹਰਜੀਤ ਸਿੰਘ, ਡਾਇਰੈਕਟੋਰੇਟ ਆਫ ਸੈਂਸਜ਼ ਤੋਂ ਲਵਦੀਪ ਸਿੰਘ ਤੇ ਸੁਨੀਲ ਕੁਮਾਰ, ਨਗਰ ਨਿਗਮ ਤੋਂ ਗੋਬਿੰਦ ਬਾਂਸਲ ਅਤੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਸਾਦਿਕ ਵਿਖੇ ਐਚ.ਪੀ.ਵੀ ਵੈਕਸੀਨ ਬਾਰੇ ਕੀਤਾ ਜਾਗਰੂਕ

**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 30 ਅਪ੍ਰੈਲ:**

============

ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਸਿਵਲ ਸਰਜਨ, ਫ਼ਰੀਦਕੋਟ ਡਾ. ਪਰਵਜੀਤ ਸਿੰਘ ਗੁਲਾਟੀ ਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ, ਫ਼ਰੀਦਕੋਟ ਡਾ. ਹੁਸਨ ਪਾਲ ਅਤੇ ਡਾ. ਅਰਸ਼ਦੀਪ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਪੀ.ਐਚ.ਸੀ. ਜੰਡ ਸਾਹਿਬ ਦੀ ਯੋਗ ਅਗਵਾਈ ਵਿੱਚ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ, ਸਾਦਿਕ ਵਿਖੇ ਸਕੂਲ ਦੀਆਂ ਬੱਚੀਆਂ ਨੂੰ ਐਚ.ਪੀ.ਵੀ ਵੈਕਸੀਨ ਸਬੰਧੀ ਜਾਗਰੂਕਤਾ ਕੀਤਾ ਗਿਆ। ਇਸ ਮੌਕੇ ਡਾ. ਹੁਸਨ ਪਾਲ ਨੇ ਦੱਸਿਆ ਕਿ ਇਹ ਨਵੀਂ ਐਚ.ਪੀ.ਵੀ (ਹਿਊਮਨ ਪੈਪੀਲੋਮਾ ਵੈਕਸੀਨ) 14 ਸਾਲ ਦੀ ਲੜਕੀ ਨੂੰ ਇਹ ਵੈਕਸੀਨ ਲੱਗਣੀ ਹੈ, ਭਾਵ ਜਿਸ ਲੜਕੀ ਨੇ ਆਪਣਾ 14ਵਾਂ ਜਨਮਦਿਨ ਮਨਾ ਲਿਆ ਹੋਵੇ ਅਤੇ 15ਵਾਂ ਜਨਮਦਿਨ ਨਹੀਂ ਮਨਾਇਆ। ਇਹ ਵੈਕਸੀਨ ਲੜਕੀ ਦੇ ਖੱਬੇ ਮੋਢੇ ਤੇ ਲਗਾਈ ਜਾਵੇਗੀ। ਇਹ ਵੈਕਸੀਨ ਆਉਣ ਵਾਲੇ ਸਮੇਂ ਵਿੱਚ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਨੂੰ ਰੋਕਣ ਵਿੱਚ ਬਹੁਤ ਸਹਾਈ ਹੋਵੇਗੀ। ਕਿਉਂਕਿ ਇਹ ਕੈਂਸਰ ਔਰਤਾਂ ਵਿੱਚ ਜ਼ਿਆਦਾ ਹੁੰਦਾ ਹੈ। ਇਹ ਵੈਕਸੀਨ ਸਰਕਾਰੀ ਹਸਪਤਾਲਾਂ ਵਿੱਚ ਸਰਕਾਰ ਵੱਲੋ ਬਿਲਕੁੱਲ ਮੁਫ਼ਤ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਵੈਕਸੀਨ ਮਾਪਿਆਂ ਦੀ ਸਹਿਮਤੀ ਨਾਲ ਲਗਾਈ ਜਾਵੇਗੀ। ਇਸ ਮੌਕੇ ਡਾ. ਅਰਸ਼ਦੀਪ ਸਿੰਘ ਬਰਾੜ ਨੇ ਦੱਸਿਆ ਕਿ ਇਹ ਐਚ.ਪੀ.ਵੀ ਵੈਕਸੀਨ ਮਾਰਕੀਟ ਵਿੱਚ ਪ੍ਰਾਇਵੇਟ ਤੌਰ ਤੇ ਵੀ ਲਗਾਈ ਜਾ ਰਹੀ ਹੈ ਜਿਸਦੀ ਕੀਮਤ ਹਜਾਰਾਂ ਰੁਪਏ ਵਿੱਚ ਹੈ, ਪਰ ਇਸਦੇ ਉਲਟ ਸਰਕਾਰ ਵੱਲੋ ਇਹ ਵੈਕਸੀਨ ਸਰਕਾਰੀ ਹਸਪਤਾਲ ਵਿੱਚ ਬਿਲਕੁੱਲ ਮੁਫ਼ਤ ਲਗਾਈ ਜਾ ਰਹੀ ਹੈ।



ਇਸ ਮੌਕੇ ਇਕਬਾਲ ਸਿੰਘ ਬਲਾਕ ਅਕਾਊਂਟੈਂਟ, ਸੁਰਜੀਤ ਸਿੰਘ ਸਿਹਤ ਵਰਕਰ, ਕਮਲਜੀਤ ਕੌਰ ਐਲ.ਐਚ.ਵੀ., ਅਨੁਰਾਧਾ ਰਾਣੀ ਤੇ ਵੀਰਪਾਲ ਕੌਰ ਏ.ਐਨ.ਐਮ, ਰਮਨਦੀਪ ਕੌਰ ਸੀ.ਐਚ.ਓ. ਤੋਂ ਇਲਾਵਾ ਸਮੂਹ ਆਸ਼ਾ ਵਰਕਰ ਅਤੇ ਸਕੂਲ ਦੇ ਮੁੱਖੀ ਸਮੇਤ ਸਮੂਹ ਸਕੂਲ ਸਟਾਫ਼ ਹਾਜ਼ਰ ਸੀ।

# ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਜਾਗਰੂਕਤਾ ਕੈਂਪ ਆਯੋਜਿਤ

**ਆਜ਼ਾਦ ਸੋਚ, ਮੀਨਾਕਸ਼ੀ, ਬਠਿੰਡਾ, 30 ਅਪ੍ਰੈਲ :**

============

ਪੀ.ਏ.ਯੂ. ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਅਤੇ ਖੇਤਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੁਆਰਾ ਪਿੰਡ ਸੇਖਪੁਰਾ ਬਲਾਕ ਤਲਵੰਡੀ ਸਾਬੋ ਵਿਖੇ ਸੰਤੁਲਿਤ ਖਾਦ ਪ੍ਰਬੰਧਨ



ਮੁਹਿੰਮ ਤਹਿਤ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਡਾ. ਗੁਰਮੀਤ ਸਿੰਘ ਢਿੱਲੋਂ, ਪ੍ਰੋਫੈਸਰ (ਪਸਾਰ ਸਿੱਖਿਆ) ਨੇ ਕਿਸਾਨਾਂ ਨੂੰ ਫਸਲਾਂ ਵਿੱਚ ਸੰਤੁਲਿਤ ਖਾਦ ਪ੍ਰਬੰਧ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਮੁਹੱਈਆ ਕਰਵਾਈ। ਇਸ ਦੌਰਾਨ ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮਿੱਟੀ ਦੀ ਪਰਖ ਕਰਵਾਉਣ ਅਤੇ ਸਾਉਣੀ ਦੀਆਂ ਫ਼ਸਲਾਂ ਵਿੱਚ ਪਰਖ ਦੇ ਅਧਾਰਿਤ ਹੀ ਖਾਦਾਂ ਦੀ ਵਰਤੋਂ ਕਰਨ। ਅਜਿਹਾ ਕਰਨ ਨਾਲ ਜ਼ਮੀਨ ਦੀ ਸਿਹਤ ਵੀ ਬਰਕਰਾਰ ਰਹਿੰਦੀ ਹੈ ਅਤੇ ਕਿਸਾਨ ਦਾ ਖਰਚਾ ਵੀ ਘਟਦਾ ਹੈ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਹਾੜ੍ਹੀ ਦੀਆਂ ਫ਼ਸਲਾਂ ਵਿੱਚ ਫਾਸਫੋਰਸ ਤੱਤ ਨੂੰ ਪਾਇਆ ਜਾਵੇ ਅਤੇ ਸਾਉਣੀ ਦੀਆਂ ਫ਼ਸਲਾਂ ਵਿੱਚ ਫਾਸਫੋਰਸ ਤੱਤ ਨਾ ਪਾਇਆ ਜਾਵੇ। ਉਹਨਾਂ ਕਿਹਾ ਕਿ ਖਾਦਾਂ ਦੀ ਬੇਲੋੜੀ ਵਰਤੋਂ ਨਾਲ ਫ਼ਸਲਾਂ ਦਾ ਝਾੜ ਵੀ ਘਟਦਾ ਹੈ ਅਤੇ ਵਾਤਾਵਰਣ ਵੀ ਪ੍ਰਦੂਸ਼ਿਤ ਹੁੰਦਾ ਹੈ। ਉਹਨਾਂ ਕਿਸਾਨਾਂ ਨੂੰ ਸਿਹਤਮੰਦ ਜੀਵਨ ਜਿਉਣ ਲਈ ਆਪਣੀ ਜੀਵਨ ਸ਼ੈਲੀ ਨੂੰ ਤਨਾਅ ਮੁਕਤ ਰੱਖਣ ਦੀ ਅਪੀਲ ਕੀਤੀ ਅਤੇ ਕਿਸਾਨਾਂ ਨੂੰ ਬੇਨਤੀ ਕੀਤੀ ਕਿ ਕਈ ਵਾਰ ਫ਼ਸਲਾਂ ਦਾ ਝਾੜ ਘਟਣ ਨਾਲ ਕਿਸਾਨ ਵੀਰ ਤਨਾਅ ਗ੍ਰਸਤ ਹੋ ਜਾਂਦੇ ਹਨ। ਇਸ ਤੋਂ ਬਚਣ ਲਈ ਹਰ ਰੋਜ ਪੌਸ਼ਟਿਕ ਆਹਾਰ ਅਤੇ ਸਰੀਰਕ ਗਤੀਵਿਧੀ ਕਰਦੇ ਰਹਿਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਅਤੇ ਇੰਜਨੀਅਰਿੰਗ) ਨੇ ਕਿਸਾਨ ਵੀਰਾਂ ਨੂੰ ਘਰੇਲੂ ਅਨਾਜ ਅਤੇ ਬੀਜਾਂ ਦੀ ਸਹੀ ਸੰਭਾਲ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਅਤੇ ਅਪੀਲ ਕੀਤੀ ਕਿ ਕਿਸਾਨ ਵੀਰ ਜਿੱਥੋਂ ਤੱਕ ਹੋ ਸਕੇ ਬੀਜ ਆਪ ਹੀ ਸੰਭਾਲ ਕੇ ਰੱਖਣ ਅਤੇ ਅਜਿਹਾ ਕਰਨ ਨਾਲ ਖੇਤੀ ਖਰਚਾ ਵੀ ਘਟਦਾ ਹੈ। ਇਸ ਦੌਰਾਨ ਖੇਤੀਬਾੜੀ ਵਿਕਾਸ ਅਫ਼ਸਰ ਸ਼੍ਰੀ ਗੌਰਵ ਜੈਨ ਨੇ ਵੀ ਆਪਣੇ ਵਿਭਾਗ ਦੁਆਰਾ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸ਼੍ਰੀਮਤੀ ਪ੍ਰਭਜੋਤ ਕੌਰ ਬਾਗਬਾਨੀ ਵਿਕਾਸ ਅਫ਼ਸਰ, ਤਲਵੰਡੀ ਸਾਬੋ ਨੇ ਬਾਗਬਾਨੀ ਵਿਭਾਗ ਦੁਆਰਾ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਦੱਸਿਆ ਅਤੇ ਕਿਸਾਨਾਂ ਨੂੰ ਬਾਗਬਾਨੀ ਅਤੇ ਸ਼ਬਜੀਆਂ ਦੀ ਕਾਸ਼ਤ ਸਬੰਧੀ ਪ੍ਰੇਰਿਤ ਕੀਤਾ।


**ਪਬਲਿਕ ਨੋਟਿਸ**

ICICI Bank

ਰਜਿ.ਆਫਿਸ : ਆਈਸੀਆਈਸੀਆਈ ਬੈਂਕ ਲਿਮ. ਪਲਾਟ ਨੰ.23, ਸ਼ਾਲ ਟਾਵਰ, ਤੀਜੀ ਮੰਜਿਲ, ਨਿਊ ਰੋਹਤਕ ਰੋਡ, ਕਰੋਲ ਬਾਗ, ਨਵੀਂ ਦਿੱਲੀ-110005

ਇਸ ਨੋਟਿਸ ਰਾਹੀਂ ਹੇਠ ਲਿਖੇ ਕਰਜ਼ਦਾਰਾਂ ਦੁਆਰਾ ਉਨ੍ਹਾਂ ਵੱਲੋਂ ਬੈਂਕ ਦੁਆਰਾ ਦਿੱਤੀ ਗਈ ਲੋਨ ਸਹੂਲਤ ਦੀ ਰੀਪੇਮੈਂਟ ਦੀ ਪ੍ਰਿੰਸੀਪਲ ਅਤੇ ਵਿਆਜ਼ ਰਕਮ ਨਾ ਮੋੜਨ 'ਤੇ ਡਿਫਾਲਟਰ ਐਲਾਨਿਆ ਜਾਂਦਾ ਹੈ ਅਤੇ ਲੋਨ ਨੂੰ ਨਾਨ ਪ੍ਰਫਾਰਮਿੰਗ ਐਸੇਟ (ਐਨਪੀਏ) ਐਲਾਨਿਆ ਜਾਂਦਾ ਹੈ। ਸਕਿਓਰਾਈਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨਾਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰਸਟ ਐਕਟ, 2002 ਦੀ ਧਾਰਾ 13 (2) (ਸਰਫੇਸੀ ਐਕਟ) ਤਹਿਤ ਉਨ੍ਹਾਂ ਨੂੰ ਇਹ ਨੋਟਿਸ ਉਨ੍ਹਾਂ ਦੇ ਆਖਰੀ ਪਤਿਆਂ 'ਤੇ ਭੇਜਿਆ ਗਿਆ ਪਰ ਉਹ ਵਾਪਸ ਆ ਗਿਆ ਸੀ, ਇਸ ਲਈ ਇਸ ਨੋਟਿਸ ਰਾਹੀਂ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਜਾਂਦੀ ਹੈ।

| ਲੜੀ ਨੰ. | ਕਰਜ਼ਦਾਰ/ਸਹਿ ਕਰਜ਼ਦਾਰ/ਗਰੰਟਰ ਦਾ ਨਾਮ /(ਲੋਨ ਖ਼ਾਤਾ ਨੰਬਰ) ਤੇ ਪਤਾ | ਅਚੱਲ ਜਾਇਦਾਦ (†)/ਸਕਿਓਰਡ ਐਸੇਟਸ ਦਾ ਪਤਾ | ਵਸੂਲੀਯੋਗ ਰਕਮ ਤੇ ਨੋਟਿਸ ਭੇਜਣ ਦੀ ਮਿਤੀ | ਐਨਪੀਏ ਮਿਤੀ |
|---|---|---|---|---|
| 1 | ਸੁਨੀਤਾ ਸੁਖੀਜਾ/ ਰਾਮ ਪ੍ਰਸ਼ਾਦ/ਮ. ਨੰ.277, ਸੈਕਟਰ 14, ਅਰਬਨ ਅਸਟੇਟ, ਕਰਨਾਲ ਹਰਿਆਣਾ ਕਰਨਾਲ 132001/ LBKNL00002381384 | ਫਲੈਟ ਨੰ. 601, ਛੇਵੀਂ ਮੰਜਿਲ ਟਾਵਰ ਨੰ.6, ਬਲਾਕ ਡੀ 02 ਸਵਿੱਤਰੀ ਗ੍ਰੀਨਜ਼ 2, ਗਾਜ਼ੀਪੁਰ, ਚੰਡੀਗੜ੍ਹ-ਅੰਬਾਲਾ ਹਾਈਵੇਅ ਜੀਰਕਪੁਰ, ਜੀਰਕਪੁਰ, ਮੋਹਾਲੀ ਪੰਜਾਬ-140603 | 10/04/2026 ਰੁ. 6,29,912 | 03/ ਫਰਵਰੀ/ 2026 |

ਇਹ ਕਦਮ ਨੋਟਿਸ ਪਹੁੰਚਾਉਣ ਦੇ ਬਦਲ ਦੇ ਤੌਰ 'ਤੇ ਚੁੱਕਿਆ ਗਿਆ ਹੈ। ਉਪਰੋਕਤ ਕਰਜ਼ਦਾਰ ਅਤੇ ਉਨ੍ਹਾਂ ਦੇ ਗਰੰਟਰਾਂ (ਜਿਥੇ ਕਿਤੇ ਅਪਲਾਈ ਹੋਵੇ) ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਨੋਟਿਸ ਦੇ ਛਪਣ ਦੇ 60 ਦਿਨਾਂ ਦੇ ਅੰਦਰ ਅੰਦਰ ਨੋਟਿਸ ਜਾਰੀ ਹੋਣ ਦੀ ਮਿਤੀ ਤਕ ਵਸੂਲਣਯੋਗ ਰਕਮ ਜਮ੍ਹਾਂ ਕਰਵਾ ਦੇਣ, ਨਹੀਂ ਤਾਂ ਸਕਿਓਰਾਈਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨਾਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰਸਟ ਐਕਟ, 2002 ਤਹਿਤ ਅਗਲੇਰੇ ਕਦਮ ਚੁੱਕੇ ਜਾਣਗੇ।

ਮਿਤੀ : ਮਈ 01, 2026
ਸਥਾਨ : ਜੀਰਕਪੁਰ

ਸੰਸੀਅਰਲੀ, ਅਧਿਕਾਰਤ ਅਫਸਰ,
ਵਾਸਤੇ ਆਈਸੀਆਈਸੀਆਈ ਬੈਂਕ ਲਿਮ.

# ਵਿਧਾਇਕ ਗੁਰਲਾਲ ਘਨੌਰ ਦੇ ਸਪੁੱਤਰ ਗੁਰਏਕਮਨ ਸਿੰਘ ਢਿੱਲੋਂ ਨੇ ਫਿਰ ਘਨੌਰ ਦਾ ਚਮਕਾਇਆ ਨਾਮ




**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ ਅੱਟਾਲ, ਘਨੌਰ, 30 ਅਪ੍ਰੈਲ :**

ਘਨੌਰ ਦੇ ਨੌਜਵਾਨ ਪਹਿਲਵਾਨ ਗੁਰਏਕਮਨ ਸਿੰਘ ਢਿੱਲੋਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਮਿਹਨਤ, ਅਨੁਸ਼ਾਸਨ ਅਤੇ ਹੌਸਲੇ ਨਾਲ ਕਿਸੇ ਵੀ ਮੰਜ਼ਿਲ ਨੂੰ ਹਾਸਲ ਕੀਤਾ ਜਾ ਸਕਦਾ ਹੈ। 'ਨੈਸ਼ਨਲ ਰੈਸਲਿੰਗ ਚੈਂਪੀਅਨਸ਼ਿਪ 2026' (ਅੰਡਰ-17) ਵਿੱਚ ਕਾਂਸੀ ਦਾ ਤਗਮਾ ਜਿੱਤ ਕੇ ਉਸਨੇ ਨਾ ਸਿਰਫ ਆਪਣੇ ਪਰਿਵਾਰ, ਸਗੋਂ ਪੂਰੇ ਘਨੌਰ ਖੇਤਰ ਦਾ ਨਾਮ ਰੌਸ਼ਨ ਕੀਤਾ ਹੈ। ਮਹਾਰਾਸ਼ਟਰ ਦੇ ਛਤਰਪਤੀ ਸੰਭਾਜੀ ਨਗਰ ਵਿੱਚ ਆਯੋਜਿਤ ਇਸ ਕੌਮੀ ਪੱਧਰ ਦੇ ਮੁਕਾਬਲੇ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਆਏ ਪ੍ਰਤਿਭਾਸ਼ਾਲੀ ਖਿਡਾਰੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਗੁਰਏਕਮਨ ਸਿੰਘ ਢਿੱਲੋਂ ਨੇ ਕਠਿਨ ਮੁਕਾਬਲਿਆਂ ਦਾ ਸਾਹਮਣਾ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਸਨੇ ਆਪਣੇ ਹਰ ਮੁਕਾਬਲੇ ਵਿੱਚ ਧੀਰਜ, ਤਕਨੀਕ ਅਤੇ ਜਜ਼ਬੇ ਦਾ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ ਆਪਣੇ ਨਾਮ ਕੀਤਾ।ਗੁਰਏਕਮਨ ਸਿੰਘ ਦੀ ਇਹ ਜਿੱਤ ਸਿਰਫ ਇੱਕ ਮੈਡਲ ਨਹੀਂ, ਸਗੋਂ ਉਸਦੀ ਲੰਮੀ ਮਿਹਨਤ ਅਤੇ ਲਗਾਤਾਰ ਅਭਿਆਸ ਦਾ ਨਤੀਜਾ ਹੈ। ਛੋਟੀ ਉਮਰ ਤੋਂ ਹੀ ਉਸਨੇ ਕੁਸ਼ਤੀ ਨੂੰ ਆਪਣਾ ਜਜ਼ਬਾ ਬਣਾਇਆ ਅਤੇ ਹਰ ਰੋਜ਼ ਘੰਟਿਆਂ ਦੀ ਕੜੀ ਮਿਹਨਤ ਨਾਲ ਆਪਣੇ ਆਪ ਨੂੰ ਮਜ਼ਬੂਤ ਕੀਤਾ। ਕੋਚਾਂ ਦੀ ਰਹਿਨੁਮਾਈ ਅਤੇ ਪਰਿਵਾਰ ਦੀ ਹੌਸਲਾ ਅਫ਼ਜ਼ਾਈ ਨੇ ਉਸਦੇ ਜਜ਼ਬੇ ਨੂੰ ਹੋਰ ਮਜ਼ਬੂਤੀ ਦਿੱਤੀ। ਖਾਸ ਗੱਲ ਇਹ ਹੈ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਗੁਰਏਕਮਨ ਸਿੰਘ ਨੇ ਕੌਮੀ ਪੱਧਰ 'ਤੇ ਆਪਣਾ ਲੋਹਾ ਮਨਵਾਇਆ ਹੋਵੇ। ਇਸ ਤੋਂ ਪਹਿਲਾਂ ਵੀ ਉਹ ਕਈ ਨੈਸ਼ਨਲ ਰੈਸਲਿੰਗ ਚੈਂਪੀਅਨਸ਼ਿਪਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਚੁੱਕਾ ਹੈ। ਉਸਦੀ ਲਗਨ ਅਤੇ ਖੇਡ ਪ੍ਰਤੀ ਸਮਰਪਣ ਉਸਨੂੰ ਹੋਰ ਖਿਡਾਰੀਆਂ ਤੋਂ ਵੱਖਰਾ ਬਣਾਉਂਦੇ ਹਨ। ਇਸ ਮੌਕੇ ਪੰਜਾਬ ਕਬੱਡੀ ਐਸੋਸੀਏਸ਼ਨ ਦੇ ਪ੍ਰਧਾਨ ਵਿਧਾਇਕ ਗੁਰਲਾਲ ਘਨੌਰ ਨੇ ਖਾਸ ਤੌਰ 'ਤੇ ਜੇਤੂ ਖਿਡਾਰੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਗੁਰਏਕਮਨ ਸਿੰਘ ਸਮੇਤ ਹੋਰ ਨੌਜਵਾਨ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਨੌਜਵਾਨ ਹੀ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਨੇ ਕਿਹਾ ਕਿ ਖੇਡਾਂ ਨਾਲ ਜੁੜ ਕੇ ਨੌਜਵਾਨ ਆਪਣੀ ਜ਼ਿੰਦਗੀ ਨੂੰ ਸਹੀ ਦਿਸ਼ਾ ਦੇ ਸਕਦੇ ਹਨ ਅਤੇ ਦੇਸ਼ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕਰ ਸਕਦੇ ਹਨ। ਗੁਰਲਾਲ ਘਨੌਰ ਨੇ ਜੇਤੂ ਖਿਡਾਰੀਆਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਰਕਾਰ ਅਤੇ ਸਮਾਜ ਦਾ ਫਰਜ਼ ਹੈ ਕਿ ਅਜਿਹੀਆਂ ਪ੍ਰਤਿਭਾਵਾਂ ਨੂੰ ਹੋਰ ਮੌਕੇ ਦਿੱਤੇ ਜਾਣ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਖਿਡਾਰੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਗੁਰਏਕਮਨ ਸਿੰਘ ਦੀ ਇਸ ਕਾਮਯਾਬੀ ਨਾਲ ਘਨੌਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਖੁਸ਼ੀ ਦੀ ਲਹਿਰ ਹੈ। ਸਥਾਨਕ ਲੋਕਾਂ ਅਤੇ ਖੇਡ ਪ੍ਰੇਮੀਆਂ ਵੱਲੋਂ ਉਸਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਇਹ ਜਿੱਤ ਹੋਰ ਨੌਜਵਾਨਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣ ਰਹੀ ਹੈ ਕਿ ਜੇ ਮਨ ਵਿੱਚ ਦ੍ਰਿੜ ਨਿਸ਼ਚੇ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਰਹਿੰਦੀ।ਆਖਿਰ ਵਿੱਚ, ਗੁਰਏਕਮਨ ਸਿੰਘ ਢਿੱਲੋਂ ਦੀ ਇਹ ਉਪਲਬਧੀ ਸਿਰਫ ਇੱਕ ਵਿਅਕਤੀਗਤ ਜਿੱਤ ਨਹੀਂ, ਸਗੋਂ ਪੂਰੇ ਖੇਤਰ ਲਈ ਮਾਣ ਦੀ ਗੱਲ ਹੈ। ਉਸਦੇ ਬੁਲੰਦ ਹੌਸਲੇ ਅਤੇ ਅਟੱਲ ਮਿਹਨਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੀ ਧਰਤੀ 'ਤੇ ਟੈਲੈਂਟ ਦੀ ਕੋਈ ਘਾਟ ਨਹੀਂ। ਭਵਿੱਖ ਵਿੱਚ ਉਸ ਤੋਂ ਹੋਰ ਵੱਡੀਆਂ ਉਪਲਬਧੀਆਂ ਦੀ ਉਮੀਦ ਕੀਤੀ ਜਾ ਰਹੀ ਹੈ, ਜੋ ਦੇਸ਼ ਦਾ ਨਾਮ ਦੁਨੀਆ ਭਰ ਵਿੱਚ ਚਮਕਾਉਣਗੀਆਂ।

# ਕੋਲਡ ਸਟੋਰ ਡਿੱਗਣ ਨਾਲ ਕਰੋੜਾਂ ਦਾ ਨੁਕਸਾਨ, ਇਕ ਵਿਅਕਤੀ ਮਲਬੇ ਹੇਠ ਫਸਿਆ



**ਆਜ਼ਾਦ ਸੋਚ, ਰਜਨੀਸ਼ ਕਰਕਰਾ ਰਾਮਪੁਰਾ ਫੂਲ, 30 ਅਪ੍ਰੈਲ:**

ਨੇੜਲੇ ਕਸਬਾ ਭਗਤਾ ਭਾਈਕਾ ਵਿਖੇ ਉਸ ਵੇਲੇ ਹਫੜਾ-ਦਫੜੀ ਮਚ ਗਈ ਜਦੋਂ ਸਿੰਗਲਾ ਕੋਲਡ ਸਟੋਰ ਅਚਾਨਕ ਕਿਸੇ ਕਾਰਨ ਕਰਕੇ ਢਹਿ ਗਿਆ। ਇਸ ਭਿਆਨਕ ਹਾਦਸੇ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ।

ਕੋਲਡ ਸਟੋਰ ਡਿੱਗਣ ਤੋਂ ਬਾਅਦ ਉਸ ਵਿੱਚੋਂ ਨਿਕਲਣ ਵਾਲੀ ਗੈਸ ਨੇ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਫੈਲ ਕੇ ਲੋਕਾਂ ਲਈ ਸਾਹ ਲੈਣਾ ਮੁਸ਼ਕਲ ਕਰ ਦਿੱਤਾ। ਕਈ ਲੋਕਾਂ ਨੇ ਅੱਖਾਂ ਵਿੱਚ ਜਲਨ ਅਤੇ ਘੁੱਟਣ ਦੀ ਸ਼ਿਕਾਇਤ ਵੀ ਕੀਤੀ।

ਜਾਣਕਾਰੀ ਅਨੁਸਾਰ ਹਾਦਸੇ ਦੇ ਸਮੇਂ ਕੋਲਡ ਸਟੋਰ ਦੇ ਅੰਦਰ ਤਿੰਨ ਵਿਅਕਤੀ ਮੌਜੂਦ ਸਨ। ਇਨ੍ਹਾਂ ਵਿੱਚੋਂ ਪਿਰਤਪਾਲ ਸਿੰਘ ਅਤੇ ਚਮਕੌਰ ਸਿੰਘ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ ਅਤੇ ਉਨ੍ਹਾਂ ਦੀ ਹਾਲਤ ਠੀਕ ਦੱਸੀ ਜਾ ਰਹੀ ਹੈ, ਜਦਕਿ ਤੀਸਰਾ ਵਿਅਕਤੀ ਸੋਹਣ ਸਿੰਘ ਦੇ ਮਲਬੇ ਹੇਠ ਫਸੇ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਲੋਕਾਂ ਦੇ ਨਾਲ-ਨਾਲ ਖੂਹ ਕਮੇਟੀ ਭਗਤਾ ਭਾਈ, ਸਤਿਕਾਰ ਕਮੇਟੀ ਕੋਠਾ ਗੁਰੂ, ਐਨ.ਡੀ.ਆਰ.ਐੱਫ., ਸੀ.ਆਈ.ਐਸ.ਐੱਫ. ਅਤੇ ਐਨ.ਐੱਫ.ਐਲ. ਬਠਿੰਡਾ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ। ਫਾਇਰ ਬ੍ਰਿਗੇਡ ਅਤੇ ਐਂਬੂਲੈਂਸਾਂ ਨੇ ਤੁਰੰਤ ਰਾਹਤ ਤੇ ਬਚਾਵ ਕਾਰਜ ਸ਼ੁਰੂ ਕਰ ਦਿੱਤੇ।ਮੌਕੇ 'ਤੇ ਐਸ.ਡੀ.ਐਮ. ਵੀਰਪਾਲ ਕੌਰ, ਡੀ.ਐਸ.ਪੀ. ਮਨੋਜ ਕੁਮਾਰ ਸ਼ਰਮਾ, ਐਸ.ਐਚ.ਓ. ਪਰਬਤ ਸਿੰਘ ਅਤੇ ਨਾਇਬ ਤਹਿਸੀਲਦਾਰ ਜਸਪ੍ਰੀਤ ਸਿੰਘ ਨੇ ਆਪਣੀਆਂ ਟੀਮਾਂ ਸਮੇਤ ਪਹੁੰਚ ਕੇ ਹਾਲਾਤ ਦਾ ਜਾਇਜ਼ਾ ਲਿਆ ਅਤੇ ਬਚਾਵ ਕਾਰਜਾਂ ਨੂੰ ਤੇਜ਼ ਕਰਨ ਦੇ ਹੁਕਮ ਦਿੱਤੇ। ਖ਼ਬਰ ਲਿਖੇ ਜਾਣ ਤੱਕ ਬਚਾਵ ਕਾਰਜ ਜਾਰੀ ਸਨ ਅਤੇ ਮਲਬੇ ਵਿੱਚ ਫਸੇ ਸੋਹਣ ਸਿੰਘ ਨੂੰ ਬਾਹਰ ਕੱਢਣ ਲਈ ਯਤਨ ਜਾਰੀ ਸਨ। ਕਰੀਬ 50 ਹਜ਼ਾਰ ਗੱਟਿਆਂ ਦਾ ਨੁਕਸਾਨ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ, ਜਿਸ ਨਾਲ ਕਰੋੜਾਂ ਰੁਪਏ ਦਾ ਆਰਥਿਕ ਨੁਕਸਾਨ ਹੋਇਆ ਹੈ।

# ਟੰਡਨ ਸਕੂਲ ਇੰਟਰਨੈਸ਼ਨਲ ਵਿਖੇ ਕਰਵਾਈ ਗਈ ਅਨਬੌਕਸ ਯੂ ਵਰਕਸ਼ਾਪ

## ਹਰ ਬੱਚੇ ਵਿੱਚ ਲੁਕਿਆ ਹੁਨਰ ਖੋਜਣਾ ਹੀ ਅਸਲ ਸਿੱਖਿਆ ਹੈ : ਸ਼ਿਵ ਸਿੰਗਲਾ




**ਆਜ਼ਾਦ ਸੋਚ, ਜਗਸੀਰ ਸਿੰਘ ਸੰਧੂ, ਬਰਨਾਲਾ, 30 ਅਪ੍ਰੈਲ:**

ਇਲਾਕੇ ਦੀ ਪ੍ਰਸਿੱਧ ਸੰਸਥਾ ਟੰਡਨ ਇੰਟਰਨੈਸ਼ਨਲ ਸਕੂਲ ਵਿੱਚ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਅਨਬੌਕਸ ਯੂ ਨਾਮਕ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਦਾ ਮਕਸਦ ਬੱਚਿਆਂ ਦੇ ਅੰਦਰ ਲੁਕੇ ਹੋਏ ਹੁਨਰ ਨੂੰ ਬਾਹਰ ਲਿਆਉਣਾ ਅਤੇ ਉਨਾਂ ਵਿੱਚ ਆਤਮ ਵਿਸ਼ਵਾਸ ਪੈਦਾ ਕਰਨਾ ਸੀ। ਇਹ ਵਰਕਸ਼ਾਪ ਮੈਡਮ ਪ੍ਰਭਦੀਪ ਕੌਰ ਦੀ ਅਗਵਾਈ ਹੇਠ ਕਰਵਾਈ। ਇਸ ਵਰਕਸ਼ਾਪ ਵਿਚ ਸਕੂਲ ਦੇ ਅੱਠਵੀਂ ਕਲਾਸ ਦੇ 100 ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਆਰਟਿਸਟ ਸਟੂਡੀਓ, ਓਰਾਟੋਰੀ ਸਟੂਡੀਓ, ਟਰੇਲਬਲਜ਼ਿੰਗ ਸਟੂਡੀਓ ਆਦਿ ਤਿੰਨ ਗਰੁੱਪ ਵਿਚ ਵੰਡੀਆਂ ਗਿਆ। ਆਰਟਿਸਟ ਸਟੂਡੀਓ ਵਿੱਚ ਬੱਚਿਆਂ ਨੇ ਆਪਣੀ ਕਲਾ ਦੇ ਰੰਗ ਬਿਖੇਰੇ ਜਿਸ ਵਿਚ ਉਹਨਾਂ ਨੇ ਆਪਣੇ ਉਦੇਸ਼ ਅਤੇ ਆਪਣੇ ਸੁਪਨਿਆਂ ਨੂੰ ਆਪਣੀ ਕਲਾ ਰਾਹੀਂ ਪ੍ਰਗਟ ਕੀਤਾ । ਓਰੇਟਰੀ ਸਟੂਡੀਓ ਵਿੱਚ ਵਿਦਿਆਰਥੀਆਂ ਨੇ ਬੋਲਣ ਦੀ ਕਲਾ ਰਾਹੀਂ ਆਪਣੇ ਸੁਪਨਿਆਂ ਨੂੰ ਬਿਆਨ ਕੀਤਾ ਅਤੇ ਆਪਣੇ ਵਿਚਾਰ ਨਿਰਭੀਕ ਤੌਰ 'ਤੇ ਰੱਖੇ। ਟਰਾਇਲਬਲੇਜ਼ਿੰਗ ਸਟੂਡੀਓ ਵਿੱਚ ਬੱਚਿਆਂ ਨੇ ਆਪਣੀ ਸਭ ਤੋਂ ਹਟ ਕੇ ਸੋਚ ਨੂੰ ਹੱਥੀ ਬਣਾਏ ਉਪਕਰਣ ਰਾਹੀਂ ਆਪਣੀ ਰੁਚੀ ਪੇਸ਼ ਕੀਤੀ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼ਾਲਿਨੀ ਕੌਂਸਲ ਨੇ ਕਿਹਾ ਕਿ ਇਸ ਤਰਾਂ ਦੀ ਵਰਕਸ਼ਾਪ ਵਿਦਿਆਰਥੀਆਂ ਦੀਆਂ ਲੁਕੀਆਂ ਸਮਰੱਥਾਵਾਂ ਨੂੰ ਉਜਾਗਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਅਤੇ ਬੱਚਿਆਂ ਵਿੱਚ ਆਤਮ ਵਿਸ਼ਵਾਸ ਵਧਾਉਂਦੀਆਂ ਹਨ।ਇਸ ਪ੍ਰਕਾਰ ਦੀਆਂ ਵਰਕਸ਼ਾਪ ਭਵਿੱਖ ਵਿਚ ਹੁੰਦੀਆਂ ਰਹਿਣਗੀਆਂ। ਜਿਸ ਨਾਲ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਪ੍ਰੈਕਟੀਕਲ ਅਤੇ ਸੌਖੇ ਤਰੀਕੇ ਨਾਲ ਆਪਣੇ ਗਿਆਨ ਵਿਚ ਵਾਧਾ ਕਰ ਸਕਣ। ਸਕੂਲ ਦੇ ਐਮ.ਡੀ. ਸ਼ਿਵ ਸਿੰਗਲਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਨੂੰ ਰਚਨਾਤਮਕ ਸੋਚ ਅਤੇ ਨਵੇਂ ਵਿਚਾਰ ਵੱਲ ਪ੍ਰੇਰਿਤ ਕਰਦੀਆਂ ਹਨ। ਉਨਾਂ ਨੇ ਕਿਹਾ ਕਿ ਸਿੱਖਿਆ ਸਿਰਫ ਕਿਤਾਬਾਂ ਤੱਕ ਸੀਮਿਤ ਨਹੀਂ, ਸਗੋਂ ਜੀਵਨ ਦੇ ਹਰ ਪੱਖ ਵਿੱਚ ਸਿੱਖਣ ਦੀ ਲੋੜ ਹੁੰਦੀ ਹੈ। ਵਿਦਿਆਰਥੀਆਂ ਨੇ ਵਰਕਸ਼ਾਪ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਨਵੀਆਂ ਚੀਜ਼ਾਂ ਸਿੱਖਣ ਦਾ ਅਨੁਭਵ ਪ੍ਰਾਪਤ ਕੀਤਾ।ਉਹਨਾਂ ਕਿਹਾ ਕਿ ਅਜਿਹੀਆਂ ਵਰਕਸ਼ਾਪ ਬੱਚਿਆਂ ਨੂੰ ਆਪਣੇ ਅੰਦਰ ਦੀਆਂ ਖੂਬੀਆਂ ਨੂੰ ਪਹਿਚਾਨਣ ਦਾ ਮੌਕਾ ਦਿੰਦੀਆਂ ਹਨ। ਉਨਾਂ ਨੇ ਜ਼ੋਰ ਦੇ ਕੇ ਕਿਹਾ ਕਿ ਹਰ ਬੱਚਾ ਵਿਲੱਖਣ ਹੁੰਦਾ ਹੈ ਅਤੇ ਉਸਦੀ ਯੋਗਤਾ ਨੂੰ ਸਹੀ ਦਿਸ਼ਾ ਦੇਣਾ ਸਾਡੀ ਜ਼ਿੰਮੇਵਾਰੀ ਹੈ। ਉਨਾਂ ਨੇ ਇਹ ਵੀ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦੇ ਹਨ ਅਤੇ ਉਨਾਂ ਵਿੱਚ ਲੀਡਰਸ਼ਿਪ ਗੁਣ ਵਿਕਸਿਤ ਕਰਦੇ ਹਨ।ਐਮ.ਡੀ. ਸ਼ਿਵ ਸਿੰਗਲਾ ਨੇ ਅਧਿਆਪਕਾਂ ਦੀ ਭੂਮਿਕਾ ਦੀ ਵੀ ਸਰਾਹਨਾ ਕਰਦਿਆਂ ਕਿਹਾ ਕਿ ਅਧਿਆਪਕ ਹੀ ਬੱਚਿਆਂ ਨੂੰ ਸਹੀ ਮਾਰਗਦਰਸ਼ਨ ਦੇ ਕੇ ਉਨਾਂ ਨੂੰ ਸਫਲਤਾ ਦੀਆਂ ਉੱਚਾਈਆਂ ਤੱਕ ਲੈ ਕੇ ਜਾਂਦੇ ਹਨ।

# ਝੋਨੇ ਦੀ ਬਿਜਾਈ ਲਈ ਪੰਜਾਬ ਸਰਕਾਰ ਨੇ ਖਿੱਚੀ ਤਿਆਰੀ

## ਪੰਜਾਬ ਨੂੰ 4 ਜ਼ੋਨਾਂ ਵਿੱਚ ਵੰਡਿਆ; ਸਿੰਚਾਈ ਪ੍ਰਬੰਧਾਂ ਨੂੰ ਦਰੁਸਤ ਕਰਨ ਲਈ ਮਾਨ ਸਰਕਾਰ ਨੇ ਲਿਆ ਅਹਿਮ ਫੈਸਲਾ

**ਆਜ਼ਾਦ ਸੋਚ, ਅਮਨਜੋਤ ਸਿੰਘ, ਸੰਗਰੂਰ, 30 ਅਪ੍ਰੈਲ:**

ਪੰਜਾਬ ਵਿੱਚ ਝੋਨੇ ਦੀ ਆਗਾਮੀ ਬਿਜਾਈ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਸਿੰਚਾਈ ਪ੍ਰਬੰਧਾਂ ਨੂੰ ਲੈ ਕੇ ਅਹਿਮ ਕਦਮ ਚੁੱਕੇ ਜਾ ਰਹੇ ਹਨ। ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸੂਬੇ ਵਿੱਚ ਝੋਨੇ ਦੀ ਬਿਜਾਈ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਨੂੰ 4 ਜ਼ੋਨਾਂ ਵਿੱਚ ਵੰਡਿਆ ਗਿਆ ਹੈ। ਚੇਅਰਮੈਨ ਜਵੰਧਾ ਨੇ ਦੱਸਿਆ ਕਿ ਸੂਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ 15 ਮਈ ਤੋਂ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਕੱਦੂ ਕਰਕੇ ਕੀਤੀ ਜਾਣ ਵਾਲੀ ਰਵਾਇਤੀ ਬਿਜਾਈ ਦਾ ਕੰਮ 1 ਜੂਨ ਤੋਂ ਸ਼ੁਰੂ ਹੋ ਰਿਹਾ ਹੈ। ਕਿਸਾਨਾਂ ਨੂੰ ਬਿਜਾਈ ਦੌਰਾਨ ਪਾਣੀ ਦੀ ਕਿਸੇ ਵੀ ਤਰ੍ਹਾਂ ਦੀ ਕਿੱਲਤ ਨਾ ਆਵੇ, ਇਸ ਲਈ ਮਾਨ ਸਰਕਾਰ ਵੱਲੋਂ ਅਗਾਊਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਬਿਜਾਈ ਸ਼ੁਰੂ ਹੋਣ ਤੋਂ ਪਹਿਲਾਂ ਹੀ ਖਾਲ਼ਿਆਂ ਅਤੇ ਕੱਸੀਆਂ ਦੀ ਸਥਿਤੀ ਦੀ ਜਾਂਚ ਕਰਨ ਲਈ 1 ਮਈ ਤੋਂ ਪਾਣੀ ਛੱਡਣ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਜਾਂਚ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਿੰਚਾਈ ਪ੍ਰਣਾਲੀ ਪੂਰੀ ਤਰ੍ਹਾਂ ਦਰੁਸਤ ਹੋਵੇ ਤਾਂ ਜੋ ਬਿਜਾਈ ਦੇ ਸਮੇਂ ਕਿਸਾਨਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਸਰਕਾਰ ਦੇ ਇਸ ਫੈਸਲੇ ਨਾਲ ਖੇਤਾਂ ਤੱਕ ਪਾਣੀ ਦੀ ਪਹੁੰਚ ਬਿਹਤਰ ਹੋਵੇਗੀ ਅਤੇ ਬਿਜਾਈ ਪ੍ਰਕਿਰਿਆ ਵਿੱਚ ਤੇਜ਼ੀ ਆਵੇਗੀ।

# ਸਾਬਕਾ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਅਪਾਹਜਾਂ ਨੂੰ ਭੇਟ ਕੀਤੇ ਦੋ ਇਲੈਕਟ੍ਰਿਕ ਟ੍ਰਾਈਸਾਈਕਲ



**ਆਜ਼ਾਦ ਸੋਚ, ਗੌਰਵ ਕਾਲੜਾ, ਬਠਿੰਡਾ, 30 ਅਪ੍ਰੈਲ:**

ਸਮਾਜ ਸੇਵਾ ਦੀ ਮਿਸਾਲ ਕਾਇਮ ਕਰਦੇ ਹੋਏ, ਬਠਿੰਡਾ ਨਗਰ ਨਿਗਮ ਦੇ ਸਾਬਕਾ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਇੱਕ ਵਾਰ ਫਿਰ ਲੋੜਵੰਦਾਂ ਦੇ ਚਿਹਰਿਆਂ 'ਤੇ ਮੁਸਕਰਾਹਟ ਲਿਆਉਂਦਿਆਂ ਆਪਣੇ ਪਰਿਵਾਰ ਦੀ ਸੇਵਾ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਰੰਪਰਾ ਨੂੰ ਜਾਰੀ ਰੱਖਦੇ ਹੋਏ ਦੋ ਅਪਾਹਜ ਵਿਅਕਤੀਆਂ ਨੂੰ ਇਲੈਕਟ੍ਰਿਕ ਟ੍ਰਾਈਸਾਈਕਲ ਭੇਟ ਕੀਤੇ, ਜਿਸ ਨਾਲ ਉਹ ਸਵੈ-ਨਿਰਭਰ ਬਣ ਸਕੇ ਅਤੇ ਆਪਣੇ ਰੋਜ਼ਾਨਾ ਦੇ ਕੰਮ ਸੁਤੰਤਰ ਰੂਪ ਵਿੱਚ ਕਰ ਸਕਣ। ਇਸ ਮੌਕੇ ਉਨ੍ਹਾਂ ਦੇ ਨਾਲ ਸ੍ਰੀ ਬੇਅੰਤ ਸਿੰਘ ਰੰਧਾਵਾ, ਸ੍ਰੀ ਰਾਣਾ ਰਣਦੀਪ ਸਿੰਘ, ਸ੍ਰੀ ਯਾਦਵਿੰਦਰ ਸਿੰਘ ਮਾਨ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ। ਲਾਭਪਾਤਰੀਆਂ ਦੇ ਚਿਹਰਿਆਂ 'ਤੇ ਖੁਸ਼ੀ ਸਾਫ਼ ਦਿਖਾਈ ਦੇ ਰਹੀ ਸੀ। ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਬਕਾ ਮੇਅਰ ਸ੍ਰੀ ਮਹਿਤਾ ਨੇ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਹਮੇਸ਼ਾ ਸਮਾਜ ਦੇ ਲੋੜਵੰਦ ਵਰਗਾਂ ਦੀ ਸੇਵਾ ਲਈ ਸਮਰਪਿਤ ਰਿਹਾ ਹੈ ਅਤੇ ਇਹ ਸੇਵਾ ਜਾਰੀ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਛੋਟੇ-ਛੋਟੇ ਯਤਨ ਪੰਜਾਬ ਸਰਕਾਰ ਦੇ ਹਰ ਪੰਜਾਬੀ ਨੂੰ ਆਤਮ ਨਿਰਭਰ ਬਣਾਉਣ ਦੇ ਸੰਕਲਪ ਨੂੰ ਸਾਕਾਰ ਕਰਨ ਲਈ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਸੂਬਾ ਸਰਕਾਰ ਹਰ ਵਿਅਕਤੀ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਸ਼ਸ਼ਕਤ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਇਸ ਦ੍ਰਿਸ਼ਟੀਕੋਣ ਦੇ ਅਨੁਸਾਰ, ਅਪਾਹਜ ਵਿਅਕਤੀਆਂ ਨੂੰ ਸਵੈ-ਨਿਰਭਰ ਬਣਾਉਣ ਲਈ ਇਲੈਕਟ੍ਰਿਕ ਟ੍ਰਾਈਸਾਈਕਲਾਂ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਸ਼ਕਤ ਬਣਾਉਣ ਦੇ ਯਤਨ ਕੀਤੇ ਗਏ ਹਨ। ਸ੍ਰੀ ਮਹਿਤਾ ਨੇ ਮਾਨ ਸਰਕਾਰ ਦੇ ਇਸ ਜਨਤਕ-ਭਾਵਨਾ ਵਾਲੇ ਉਪਰਾਲੇ ਦਾ ਹਿੱਸਾ ਹੋਣ 'ਤੇ ਮਾਣ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਕੇ ਉਨ੍ਹਾਂ ਦੇ ਜੀਵਨ ਵਿੱਚ ਖੁਸ਼ਹਾਲੀ ਲਿਆਉਣ ਲਈ ਯਤਨਸ਼ੀਲ ਰਹਿਣਗੇ।

# ਅਣਐਲਾਨੇ ਬਿਜਲੀ ਕੱਟਾਂ ਦੇ ਵਿਰੋਧ 'ਚ ਅਕਾਲੀ ਦਲ ਵੱਲੋਂ ਐਸਡੀਐਮ ਦਫ਼ਤਰ ਅੱਗੇ ਪ੍ਰਦਰਸ਼ਨ

## ਬਿਜਲੀ ਕੱਟ ਤੁਰੰਤ ਬੰਦ ਨਾ ਹੋਏ ਤਾਂ ਤਿੱਖਾ ਸੰਘਰਸ਼ ਕਰਾਂਗੇ: ਬਬਲੀ ਢਿੱਲੋਂ

**ਆਜ਼ਾਦ ਸੋਚ, ਗੌਰਵ ਕਾਲੜਾ, ਬਠਿੰਡਾ, 30 ਅਪ੍ਰੈਲ:**

ਪੰਜਾਬ ਵਿੱਚ ਪਿਛਲੇ ਕਈ ਦਿਨਾਂ ਤੋਂ ਲੱਗ ਰਹੇ ਅਣਐਲਾਨੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਵੀਰਵਾਰ ਨੂੰ ਸ਼ਿਰੋਮਣੀ ਅਕਾਲੀ ਦਲ ਵੱਲੋਂ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਹਲਕਾ ਇੰਚਾਰਜ ਇਕਬਾਲ ਸਿੰਘ ਬਬਲੀ ਢਿੱਲੋਂ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਐਸਡੀਐਮ ਦਫ਼ਤਰ ਅੱਗੇ ਧਰਨਾ ਦਿੱਤਾ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਰੇਬਾਜ਼ੀ ਕੀਤੀ।ਧਰਨੇ ਨੂੰ ਸੰਬੋਧਨ ਕਰਦੇ ਹੋਏ ਇਕਬਾਲ ਸਿੰਘ ਬਬਲੀ ਢਿੱਲੋਂ ਨੇ ਕਿਹਾ ਕਿ ਅਕਾਲੀ ਸਰਕਾਰ ਦੇ ਸਮੇਂ ਦੌਰਾਨ ਪੰਜਾਬ ਨੂੰ ਬਿਜਲੀ ਸਰਪਲਸ ਸੂਬਾ ਬਣਾਇਆ ਗਿਆ ਸੀ। ਉਨ੍ਹਾਂ ਦਾਅਵਾ ਕੀਤਾ ਕਿ ਉਸ ਵੇਲੇ ਸੂਬੇ ਵਿੱਚ ਕਈ ਨਵੇਂ ਬਿਜਲੀ ਪ੍ਰੋਜੈਕਟ ਲਗਾਏ ਗਏ ਸਨ, ਜਿਸ ਕਾਰਨ ਬਿਜਲੀ ਦੀ ਕੋਈ ਘਾਟ ਨਹੀਂ ਸੀ। ਪਰ ਬਾਅਦ ਦੀਆਂ ਸਰਕਾਰਾਂ ਨੇ ਬਿਜਲੀ ਢਾਂਚੇ (ਇੰਫਰਾਸਟਰਕਚਰ) ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਾਰਨ ਅੱਜ ਹਾਲਾਤ ਵਿਗੜ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਵੇਲੇ ਬਠਿੰਡਾ ਜ਼ਿਲ੍ਹੇ ਵਿੱਚ ਹੀ 12-12 ਘੰਟਿਆਂ ਦੇ ਬਿਜਲੀ ਕੱਟ ਲੱਗ ਰਹੇ ਹਨ, ਜਿਸ ਨਾਲ ਆਮ ਲੋਕਾਂ ਦੀ ਜ਼ਿੰਦਗੀ ਬਹੁਤ ਪ੍ਰਭਾਵਿਤ ਹੋ ਰਹੀ ਹੈ। ਤਿੱਖੀ ਗਰਮੀ ਵਿੱਚ ਲੋਕਾਂ ਦਾ ਜੀਣਾ ਦੁਸ਼ਵਾਰ ਹੋ ਗਿਆ ਹੈ। ਖ਼ਾਸ ਕਰਕੇ ਪਿੰਡਾਂ ਵਿੱਚ ਹਾਲਾਤ ਹੋਰ ਵੀ ਮਾੜੇ ਹਨ, ਜਿੱਥੇ ਬਿਜਲੀ ਸਪਲਾਈ ਪੂਰੀ ਤਰ੍ਹਾਂ ਠੱਪ ਹੋ ਚੁੱਕੀ ਹੈ। ਹਾਲਾਤ ਇਹ ਹਨ ਕਿ ਪਿੰਡਾਂ ਦੇ ਲੋਕ ਬਿਜਲੀ ਗ੍ਰਿਡਾਂ ਅਤੇ ਸੜਕਾਂ ਨੂੰ ਜਾਮ ਕਰਨ ਲਈ ਮਜਬੂਰ ਹੋ ਰਹੇ ਹਨ।ਢਿੱਲੋਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਬਦਇੰਤਜ਼ਾਮੀ ਅਤੇ ਲਾਪਰਵਾਹੀ ਕਾਰਨ ਹੀ ਇਹ ਸੰਕਟ ਪੈਦਾ ਹੋਇਆ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਤੁਰੰਤ ਢੁੱਕਵੇਂ ਕਦਮ ਚੁੱਕ ਕੇ ਬਿਜਲੀ ਸਪਲਾਈ ਸੁਚਾਰੂ ਨਾ ਕੀਤੀ ਤਾਂ ਸ਼ਿਅਦ ਵੱਲੋਂ ਇਸ ਤੋਂ ਵੀ ਵੱਡਾ ਅਤੇ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ ?ਾ ਪ੍ਰੈਸ ਸਕੱਤਰ ਓਮ ਪ੍ਰਕਾਸ਼ ਸ਼ਰਮਾ ਨੇ ਦੱਸਿਆ ਕਿ ਇਸ ਮੌਕੇ ਬਲਜੀਤ ਸਿੰਘ ਬੀੜ ਬਹਿਮਨ, ਦਲਜੀਤ ਸਿੰਘ ਬਰਾੜ, ਗੁਰਸੇਵਕ ਸਿੰਘ ਮਾਨ, ਰਾਜਬਿੰਦਰ ਸਿੰਘ ਸਿੱਧੂ, ਯਾਦਵਿੰਦਰ ਸਿੰਘ ਯਾਦੀ, ਕੁਲਦੀਪ ਨੰਬਰਦਾਰ, ਮੋਹਨਜੀਤ ਸਿੰਘ ਪੁਰੀ, ਸੁਖਦੇਵ ਸਿੰਘ ਬਰੜ, ਬਲਵਿੰਦਰ ਕੌਰ, ਜੋਗਿੰਦਰ ਕੌਰ, ਜਗਦੀਪ ਸਿੰਘ ਗਹਿਰੀ, ਰੋਸ਼ਨ ਗਿਆਨਾ, ਐਮਸੀ ਮੱਖਣ ਸਿੰਘ, ਜੰਗੀਰ ਸਿੰਘ, ਨਛੱਤਰ ਸਿੰਘ, ਰਾਜਦੀਪ ਸਿੰਘ ਸੋਈ, ਮਨਿੰਦਰ ਸਿੰਘ ਸੋਢੀ, ਹਸਰਤ ਮਿੱਡੂ ਖੇੜਾ, ਭੁਪਿੰਦਰ ਭੂਪਾ, ਹਰਪ੍ਰੀਤ ਰਾਜੂ ਤੱਗੜ, ਦਰਸ਼ਨ ਰੋਮਾਣਾ, ਭੁਪਿੰਦਰ ਸਿੰਘ ਚਾਹਲ, ਐਡਵੋਕੇਟ ਵਿਕਰਮ ਸਿੰਘ ਵਾਲੀਆ, ਗੁਰਪ੍ਰੀਤ ਸਿੰਘ ਸੰਧੂ, ਸੁਮਿਤ ਕੁਮਾਰ ਬਿੱਟਾ, ਜਗਜੀਤ ਸਿੰਘ ਭੁੱਲਰ, ਰਾਜਿੰਦਰ ਸਿੰਘ ਰਾਜੂ ਮਾਨ, ਨੈਬ ਸਿੰਘ ਬਰਾੜ, ਇਕਬਾਲ ਸਿੰਘ ਮਿਠੜੀ, ਬਲਵਿੰਦਰ ਸਿੰਘ ਬੱਲੀ, ਪਰਮਪਾਲ ਸਿੰਘ ਸਿੱਧੂ, ਕਰਮਜੋਗ ਸਿੰਘ ਮਾਨ, ਹਰਤਾਰ ਸਿੰਘ, ਪ੍ਰਿਤਪਾਲ ਸਿੰਘ, ਰਵਿੰਦਰ ਸਿੰਘ ਚੀਮਾ, ਸੁਨੀਲ ਫੌਜੀ, ਨਰਿੰਦਰ ਪਾਲ ਸਿੰਘ ਲਾਡੀ, ਹਰਮਨ ਪਾਲ ਸਿੰਘ ਰਿੰਕਾ, ਹਰਵਿੰਦਰ ਗੰਜੂ, ਭੋਲਾ ਸਿੰਘ ਸਮੇਤ ਹੋਰ ਵਰਕਰ ਵੀ ਮੌਜੂਦ ਸਨ।




# ਸੰਸਕਾਰ ਵੈਲੀ ਸਮਾਰਟ ਸਕੂਲ ਦੇ ਵਿਦਿਆਰਥੀਆਂ ਨੇ ਰਚਿਆ ਇਤਿਹਾਸ: ਪਹਿਲੇ ਹੀ ਆਈ.ਸੀ.ਐਸ.ਈ. ਨਤੀਜੇ ਵਿੱਚ ਰਿਹਾ ਸੌ-ਫ਼ੀਸਦੀ ਰਿਜ਼ਲਟ

**ਆਜ਼ਾਦ ਸੋਚ, ਸੋਹਨ ਸਿੰਘ ਸੋਢੀ, ਭਵਾਨੀਗੜ੍ਹ, 30 ਅਪ੍ਰੈਲ:**



ਸਥਾਨਕ ਸੰਸਕਾਰ ਵੈਲੀ ਸਮਾਰਟ ਸਕੂਲ ਨੇ 10ਵੀਂ ਜਮਾਤ ਦੇ ਆਪਣੇ ਪਹਿਲੇ ਆਈ.ਸੀ.ਐਸ.ਈ. ਬੋਰਡ ਨਤੀਜੇ ਵਿੱਚ ਸ਼ਾਨਦਾਰ ਸਫ਼ਲਤਾ ਦਰਜ ਕਰਕੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਦਾ ਪਹਿਲਾ ਬੈਚ ਹੋਣ ਦੇ ਬਾਵਜੂਦ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦੇ ਹੋਏ ਨਾ ਸਿਰਫ਼ 100% ਨਤੀਜਾ ਦਿੱਤਾ, ਸਗੋਂ ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਅੰਕ ਹਾਸਲ ਕਰਕੇ ਇੱਕ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ।

ਪ੍ਰੀਖਿਆ ਨਤੀਜਿਆਂ ਵਿੱਚ ਕੈਵਨਪ੍ਰੀਤ ਕੌਰ ਨੇ 97% ਅੰਕਾਂ ਨਾਲ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਉੱਥੇ ਹੀ, ਨੈਤਿਕ ਗਰਗ ਨੇ 96% ਅੰਕਾਂ ਨਾਲ ਦੂਜਾ ਅਤੇ ਅਵੀਰੀਤ ਕੌਰ ਨੇ 94% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕਰਦਿਆਂ ਆਪਣੀ ਵਿਦਿਅਕ ਯੋਗਤਾ ਦਾ ਪ੍ਰਦਰਸ਼ਨ ਕੀਤਾ। ਵਿਸ਼ੇਸ਼ ਗੱਲ ਇਹ ਰਹੀ ਕਿ ਸਕੂਲ ਦੇ ਸੱਤ ਵਿਦਿਆਰਥੀਆਂ ਨੇ ਪੰਜਾਬੀ, ਇਕਨਾਮਿਕਸ ਅਤੇ ਫਿਜ਼ੀਕਲ ਐਜੂਕੇਸ਼ਨ ਵਿਸ਼ਿਆਂ ਵਿੱਚੋਂ 100 ਵਿੱਚੋਂ 100 ਪੂਰੇ ਅੰਕ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਹੈ।

ਨਤੀਜੇ ਐਲਾਨੇ ਜਾਣ ਤੋਂ ਬਾਅਦ ਸਕੂਲ ਕੈਂਪਸ ਵਿੱਚ ਖੁਸ਼ੀ ਦਾ ਮਾਹੌਲ ਦੇਖਿਆ ਗਿਆ। 10ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਨਾਲ ਸਕੂਲ ਪਹੁੰਚ ਕੇ ਪ੍ਰਿੰਸੀਪਲ ਅਮਨ ਨਿੱਝਰ ਅਤੇ ਸਮੂਹ ਅਧਿਆਪਕ ਵਰਗ ਨੂੰ ਫੁੱਲ ਭੇਟ ਕਰਕੇ ਆਪਣਾ ਧੰਨਵਾਦ ਪ੍ਰਗਟਾਇਆ। ਵਿਦਿਆਰਥੀਆਂ ਨੇ ਆਪਣੀ ਇਸ ਸਫ਼ਲਤਾ ਦਾ ਸਿਹਰਾ ਅਧਿਆਪਕਾਂ ਦੇ ਸਹੀ ਮਾਰਗਦਰਸ਼ਨ ਅਤੇ ਸਕੂਲ ਦੇ ਅਨੁਸ਼ਾਸਿਤ ਵਾਤਾਵਰਣ ਨੂੰ ਦਿੱਤਾ। ਸਕੂਲ ਦੇ ਚੇਅਰਮੈਨ ਅਤੇ ਪ੍ਰੈਜ਼ੀਡੈਂਟ ਨੇ ਇਸ ਖੁਸ਼ੀ ਦੇ ਮੌਕੇ 'ਤੇ ਸਕੂਲ ਪਹੁੰਚ ਕੇ ਮਾਪਿਆਂ ਨਾਲ ਖੁਸ਼ੀ ਸਾਂਝੀ ਕੀਤੀ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਚੇਅਰਮੈਨ ਧਰਮਵੀਰ ਗਰਗ ਨੇ ਇਸ ਉਪਲਬਧੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ, "ਇਹ ਸਾਡੇ ਸਕੂਲ ਦਾ ਪਹਿਲਾ ਬੋਰਡ ਰਿਜ਼ਲਟ ਸੀ ਅਤੇ ਬੱਚਿਆਂ ਨੇ ਜੋ ਵੱਡੀ ਸਫ਼ਲਤਾ ਹਾਸਲ ਕੀਤੀ ਹੈ, ਉਸ ਦਾ ਸਿਹਰਾ ਉਨ੍ਹਾਂ ਦੀ ਸਖ਼ਤ ਮਿਹਨਤ ਦੇ ਨਾਲ-ਨਾਲ ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਅਟੁੱਟ ਲਗਨ ਨੂੰ ਜਾਂਦਾ ਹੈ।"

ਪ੍ਰਿੰਸੀਪਲ ਅਮਨ ਨਿੱਝਰ ਨੇ ਕਿਹਾ ਕਿ ਪਹਿਲੇ ਹੀ ਬੈਚ ਦਾ ਇਹਨਾ ਸ਼ਾਨਦਾਰ ਪ੍ਰਦਰਸ਼ਨ ਇਹ ਦਰਸਾਉਂਦਾ ਹੈ ਕਿ ਬੱਚਿਆਂ ਨੇ ਸਾਲ ਭਰ ਜੀ-ਤੋੜ ਮਿਹਨਤ ਕੀਤੀ ਹੈ ਅਤੇ ਸਕੂਲ ਦੀ ਆਧੁਨਿਕ ਸਿੱਖਿਆ ਪ੍ਰਣਾਲੀ ਰੰਗ ਲਿਆਈ ਹੈ। ਸਕੂਲ ਦੇ ਪ੍ਰੈਜ਼ੀਡੈਂਟ ਈਸ਼ਵਰ ਬੰਸਲ ਨੇ ਸਕੂਲ ਪਹੁੰਚਣ ਵਾਲੇ ਸਾਰੇ ਮਾਪਿਆਂ ਅਤੇ ਹੋਣਹਾਰ ਵਿਦਿਆਰਥੀਆਂ ਦਾ ਸਵਾਗਤ ਕੀਤਾ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਲੱਗ ਰਹੇ ਬਿਜਲੀ ਦੇ ਕੱਟਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਸ਼ਾਲ ਧਰਨਾ



**ਆਜ਼ਾਦ ਸੋਚ, ਬੂਟਾ ਸਿੰਘ ਭੁਟਾਲ, ਮੂਨਕ, 30 ਅਪ੍ਰੈਲ:**

ਬਿਜਲੀ ਦਫਤਰ ਮੂਨਕ ਵਿਖੇ ਸਰਦਾਰ ਗਗਨਦੀਪ ਸਿੰਘ ਖੰਡੇਬਾਦ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਵਿੱਚ ਕੀਤਾ ਗਿਆ,ਸ ਗਗਨਦੀਪ ਸਿੰਘ ਖੰਡੇਬਾਦ ਨੇ ਇਸ ਸਮੇਂ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨਿਰਵਿਘਨ ਬਿਜਲੀ ਸਪਲਾਈ ਦੇਣ ਵਿੱਚ ਅਸਮਰੱਥ ਰਹੀ ਹੈ ?ਉਹਨਾਂ ਕਿਹਾ ਕਿ ਪਿਛਲੇ ਦਿਨਾਂ ਵਿੱਚ ਬਹੁਤ ਲੰਬੇ ਬਿਜਲੀ ਦੇ ਕੱਟਾਂ ਨੇ ਲੋਕਾਂ ਦੇ ਜਨ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਉਹਨਾਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਨਹੀਂ ਦਿੰਦੇ ਕਿਹਾ ਕਿ ਆਉਣ ਵਾਲੇ ਝੋਨੇ ਦੇ ਸੀਜ਼ਨ ਵਿੱਚ ਪੰਜਾਬ ਸਰਕਾਰ ਲੋਕਾਂ ਨੂੰ ਨਿਰਵਿਘਨ ਸਪਲਾਈ ਦੇਣਾ ਯਕੀਨੀ ਬਣਾਵੇ ? ਇਸ ਮੌਕੇ ਉਹਨਾਂ ਬੋਲਦੇ ਇਹ ਵੀ ਕਿਹਾ ਕਿ ਪਿਛਲੇ 10 ਸਾਲ ਜਦੋਂ ਅਕਾਲੀ ਦਲ ਦੀ ਸਰਕਾਰ ਰਹੀ ਉਸ ਸਮੇਂ ਹੀ ਸਾਰੀ ਬਿਜਲੀ ਦੀ ਜਿਹੜੀ ਪੈਦਾਵਾਰ ਹੈ ਕੀਤੀ ਗਈ ਸੀ ਉਸ ਤੋਂ ਬਾਅਦ ਨਾ ਹੀ ਕਾਂਗਰਸ ਸਰਕਾਰ ਸਮੇਂ ਅਤੇ ਨਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇੱਕ ਯੂਨਿਟ ਬਿਜਲੀ ਵੀ ਪੈਦਾ ਨਹੀਂ ਕੀਤੀ,ਜਿਸ ਕਰਕੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਡੂੰਘੇ ਬਿਜਲੀ ਸੰਕਟ ਦਾ ਸਾਹਮਣਾ ਵੀ ਕਰਨਾ ਪੈ ਸਕਦਾ ਹੈ ?ਉਹਨਾਂ ਸਰਕਾਰ ਦੀਆਂ ਕਾਮੀਆਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਅਵਸਥਾ ਦੀ ਹਾਲਤ ਬੁਰੀ ਹੈ,ਬੇਰੁਜ਼ਗਾਰੀ ਮਹਿਗਾਈ ਤੇ ਦਿਨ ਦਿਹਾੜੇ ਲੁੱਟਮਾਰ ਦੀਆਂ ਵਾਰਦਾਤਾਂ ਲਗਾਤਾਰ ਵਾਧਾ ਹੋ ਰਿਹਾ ਹੈ, ਕਿਸਾਨ ਮਜ਼ਦੂਰ ਵਪਾਰੀ ਸਾਰੇ ਹੀ ਇਹ ਸਰਕਾਰ ਤੋਂ ਤੰਗ ਹਨ ਇਸ ਮੌਕੇ ਧਰਨੇ ਨੂੰ ਸਾਬਕਾ ਚੇਅਰਮੈਨ ਨਿਰਮਲ ਸਿੰਘ ਕੜੈਲ,ਗੁਰਦੀਪ ਸਿੰਘ ਮਕੋਰੜ ਸਾਹਿਬ, ਸੇਵਾ ਸਿੰਘ ਬੱਲਰਾਂ,ਗੁਰਵਿੰਦਰ ਸਿੰਘ ਸ਼ੇਰਗੜ੍ਹ, ਜਗਰਾਜ ਸਿੰਘ ਬਾਗੜੀ ਕੇਵਲ ਸਿੰਘ ਰਾਏਧਰਾਣਾ ਟਹਿਲ ਸਿੰਘ ਮੰਡਵੀ ਰਾਜੇਸ਼ ਬੰਗਾ ਕਾਲਾ ਰਾਮਗੜ੍ਹ ਸੰਦੂਆ ਤੇ ਹੋਰ ਬਹੁਤ ਸਾਰੇ ਇਲਾਕੇ ਦੇ ਲੀਡਰਾਂ ਨੇ ਇਸ ਧਰਨੇ ਨੂੰ ਸੰਬੋਧਨ ਕੀਤਾ।

# ਸਰਕਾਰ ਵੱਲੋਂ ਬੇਅਦਬੀ ਰੋਕਣ ਲਈ ਲਿਆਂਦਾ ਬਿੱਲ ਸ਼ਲਾਘਾਯੋਗ : ਮੈਡਮ ਗੋਇਲ

**ਅਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 30 ਅਪ੍ਰੈਲ:**



ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੀ ਧਰਮ ਪਤਨੀ ਸੀਮਾ ਗੋਇਲ ਨੇ ਅੱਜ ਆਪਣੀ ਰਿਹਾਇਸ਼ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ, ਕਿ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ ਮਾਨ ਸਰਕਾਰ ਵੱਲੋਂ ਪਾਸ ਕਰਨ ਉਪਰੰਤ ਪੰਜਾਬ ਦੇ ਗਵਰਨਰ ਵੱਲੋਂ ਮੋਹਰ ਲਗਾ ਕੇ ਇਸ ਕਾਨੂੰਨ ਨੂੰ ਲਾਗੂ ਕਰਕੇ ਸ਼ਲਾਘਾਯੋਗ ਕੰਮ ਗਿਆ ਹੈ। ਮੈਡਮ ਗੋਇਲ ਨੇ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਂਝੀਵਾਲਤਾ ਦੇ ਪ੍ਰਤੀਕ ਹਨ ਜਦੋਂ ਵੀ ਕੋਈ ਸ਼ਰਾਰਤੀ ਅਨਸਰ ਬੇਅਦਬੀ ਕਰਕੇ ਅਸ਼ਾਂਤੀ ਫੈਲਾਉਣ ਦੀ ਕੋਸ਼ਿਸ਼ ਕਰਦਾ ਸੀ, ਉਦੋਂ ਹਰੇਕ ਸਿੱਖ ਅਤੇ ਗੈਰ ਸਿੱਖ ਦਾ ਹਿਰਦਾ ਵਲੂੰਧਰਿਆ ਜਾਂਦਾ ਸੀ ਪਰ ਹੁਣ ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਨੂੰ ਰੋਕਣ ਲਈ ਪੰਜਾਬ ਵਿਧਾਨ ਸਭਾ ਵਿੱਚ ਮਤਾ ਪਾਸ ਕੀਤਾ ਗਿਆ ਹੈ। ਸ੍ਰੀਮਤੀ ਸੀਮਾ ਗੋਇਲ ਨੇ ਦੱਸਿਆ ਇਹ ਬਿੱਲ ਹੁਣ ਕਾਨੂੰਨ ਦੇ ਰੂਪ ਵਿੱਚ ਲਾਗੂ ਹੋ ਗਿਆ ਹੈ ਬੇਅਦਬੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਹ ਕਾਨੂੰਨ ਬੇਅਦਬੀ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਨੱਥ ਪਾਉਣ ਲਈ ਜ਼ਰੂਰੀ ਸੀ ਹੁਣ ਕੋਈ ਵੀ ਵਿਅਕਤੀ ਬੇਅਦਬੀ ਕਰਨ ਬਾਰੇ ਸੋਚ ਵੀ ਨਹੀਂ ਸਕਦਾ।

# ਸੂਬੇ ਵਿੱਚ ਲੱਗ ਰਹੇ ਬਿਜਲੀ ਦੇ ਕੱਟਾਂ ਖਿਲਾਫ ਅਕਾਲੀ ਦਲ ਬਾਦਲ ਵੱਲੋਂ ਲਾਇਆ ਗਿਆ ਰੋਸ਼ ਧਰਨਾ

## ਬਿਜਲੀ ਸੰਕਟ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕਰਾਂਗੇ : ਅਰਵਿੰਦ ਖੰਨਾ



**ਆਜ਼ਾਦ ਸੋਚ, ਅਮਨਜੋਤ ਸਿੰਘ, ਸੰਗਰੂਰ, 30 ਅਪ੍ਰੈਲ:**

ਪੰਜਾਬ ਵਿੱਚ ਲਗਾਤਾਰ ਲੱਗ ਰਹੇ ਬਿਜਲੀ ਦੇ ਕੱਟਾਂ ਅਤੇ ਸੂਬੇ ਦੇ ਖਰਾਬ ਹੁੰਦੇ ਹਾਲਾਤਾਂ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਰੋਸ਼ ਧਰਨੇ ਦੇਣ ਦੇ ਸੱਦੇ ਤਹਿਤ ਵਿਧਾਨ ਸਭਾ ਹਲਕਾ ਸੰਗਰੂਰ ਵੱਲੋਂ ਹਲਕਾ ਇੰਚਾਰਜ ਅਰਵਿੰਦ ਖੰਨਾ ਦੀ ਅਗਵਾਈ ਵਿੱਚ ਸਥਾਨਕ ਡੀ ਸੀ ਕੰਪਲੈਕਸ ਦੇ ਬਾਹਰ ਜਬਰਦਸਤ ਰੋਸ਼ ਧਰਨਾ ਦਿੱਤਾ ਗਿਆ ਜਿਸ ਵਿੱਚ ਵਿਧਾਨ ਸਭਾ ਹਲਕਾ ਸੰਗਰੂਰ ਚੋਂ ਵੱਡੀ ਗਿਣਤੀ ਪਾਰਟੀ ਆਗੂਆਂ,ਵਰਕਰਾਂ ਅਤੇ ਸਥਾਨਕ ਲੋਕਾਂ ਨੇ ਹਿੱਸਾ ਲਿਆ।ਇਸ ਧਰਨੇ ਦੌਰਾਨ ਸੰਬੋਧਨ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਬਿਜਲੀ ਦੇ ਕੱਟਾਂ ਕਾਰਨ ਆਮ ਲੋਕਾਂ ਦੀ ਜ਼ਿੰਦਗੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ, ਵਪਾਰੀਆਂ ਅਤੇ ਘਰੇਲੂ ਖਪਤਕਾਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਸਰਕਾਰ ਇਸ ਮਾਮਲੇ 'ਤੇ ਚੁੱਪ ਧਾਰ ਕੇ ਬੈਠੀ ਹੈ।

ਅਰਵਿੰਦ ਖੰਨਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਹੀ ਬਿਜਲੀ ਸੰਕਟ ਦਾ ਹੱਲ ਨਾ ਕੀਤਾ ਤਾਂ ਅਕਾਲੀ ਦਲ ਵੱਲੋਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਸਰਕਾਰ ਦੀ ਨਾਕਾਮ ਨੀਤੀਆਂ ਕਾਰਨ ਸੂਬੇ ਦੇ ਹਾਲਾਤ ਦਿਨੋਂ-ਦਿਨ ਖਰਾਬ ਹੋ ਰਹੇ ਹਨ।ਧਰਨੇ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ ਅਤੇ ਤੁਰੰਤ ਬਿਜਲੀ ਸਮੱਸਿਆ ਦਾ ਹੱਲ ਕਰਨ ਦੀ ਮੰਗ ਕੀਤੀ ਗਈ। ਅੰਤ ਵਿੱਚ ਪਾਰਟੀ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਮੰਗਾਂ ਨਾ ਮਨੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡੇ ਪੱਧਰ 'ਤੇ ਅੰਦੋਲਨ ਕੀਤਾ ਜਾਵੇਗਾ। ਇਸ ਧਰਨੇ ਵਿੱਚ ਹਲਕਾ ਸੰਗਰੂਰ ਦੇ ਵੱਡੀ ਗਿਣਤੀ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਤਜਿੰਦਰ ਪਾਲ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ, ਇਕਬਾਲ ਸਿੰਘ ਪੂਨੀਆ ਮੀਤ ਪ੍ਰਧਾਨ, ਰੁਪਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ, ਹਰਵਿੰਦਰ ਸਿੰਘ ਕਾਕੜਾ, ਧਰਮਿੰਦਰ ਸਿੰਘ ਦੁਲੱਟ, ਪਰਮਜੀਤ ਕੌਰ ਵਿਰਕ, ਪ੍ਰਿੰਸੀਪਲ ਨਰੇਸ਼ ਕੁਮਾਰ, ਅਮਰਜੀਤ ਸਿੰਘ ਜੀਤ ਪ੍ਰਧਾਨ, ਜਸਵੀਰ ਸਿੰਘ ਬਾਲਦ, ਬਿੰਦਰ ਸਿੰਘ ਬੱਟੜਿਆਣਾ, ਪਰਮਜੀਤ ਸਿੰਘ ਸੰਗਤਪੁਰਾ ,ਹਰਵਿੰਦਰ ਸਿੰਘ ਗੋਲਡੀ ਤੂਰ ,ਬਿਕਰਮਜੀਤ ਸਿੰਘ ਵਿੱਕੀ ਕੋਚ ,ਜਥੇਦਾਰ ਜੋਗਾ ਸਿੰਘ ਫਗੂਵਾਲਾ, ਗੁਰਮੀਤ ਸਿੰਘ ਕਾਕਾ ਪ੍ਰਧਾਨ, ਅਮਰਜੀਤ ਸਿੰਘ ਸੁੰਦਰ ਬਸਤੀ, ਚਿਤਵੰਤ ਸਿੰਘ ਹਨੀ ਮਾਨ, ਇੰਦਰਪਾਲ ਸਿੰਘ ਸਿਵੀਆ ਸਾਬਕਾ ਕੌਂਸਲਰ, ਸੱਜਣ ਸਿੰਘ ਸਾਬਕਾ ਕੌਂਸਲਰ, ਜੋਗੀ ਰਾਮ ਸਾਬਕਾ ਕੌਂਸਲਰ, ਦਵਿੰਦਰ ਕਨਗੋ, ਰਿਸ਼ੂ ਬਾਗੜੀ, ਜਗਜੀਤ ਸਿੰਘ ਜੱਗੀ ਮੈਨੇਜਰ, ਗੁਰਵਿੰਦਰ ਸਿੰਘ ਬਿੰਦੂ ਭੜੋ, ਜਗਦੇਵ ਸਿੰਘ ਖੰਡੇਬਾਦ, ਜਗਤਾਰ ਸਿੰਘ ਸੋਮਾ ਫਗੂਵਾਲਾ, ਭਰਪੂਰ ਸਿੰਘ ਫੱਗੂਵਾਲਾ ,ਹਰਬੰਸ ਗਰਚਾ ਸਾਬਕਾ ਪ੍ਰਧਾਨ ਨਗਰ ਕੌਂਸਲ, ਗੁਰਮੀਤ ਸਿੰਘ ਰਾਜਾ, ਨਰਿੰਦਰ ਸ਼ੈਲੀ, ਸੁਖਜਿੰਦਰ ਸਿੰਘ ਰੀਟੂ ਚਹਿਲ ਸਾਬਕਾ ਕੌਂਸਲਰ, ਪਰਮਜੀਤ ਮੰਗਲ ਸ਼ਰਮਾ ਸਾਬਕਾ ਕੌਂਸਲਰ,ਸੁਖਦਰਸ਼ਨ ਸਾਲਦੀ ਕੌਂਸਲਰ, ਸੁੰਦਰ ਕ੍ਰਿਸ਼ਨ ਬਿੱਲੂ, ਜਸਵਿੰਦਰ ਕੌਰ ਨਕਟੇ, ਬੂਟਾ ਸਿੰਘ ਬਾਲਦ ਕਲਾ, ਬੂਟਾ ਸਿੰਘ ਸਰਪੰਚ ਥਲੇਸਾਂ, ਹਮੀਰ ਸਿੰਘ ਸਰਪੰਚ ਨਰਾਇਣਗੜ੍ਹ, ਦਵਿੰਦਰ ਸਿੰਘ ਆਲੋਅਰਖ, ਨਰੇਸ਼ ਪਵਰੇਜਾ, ਅਤੁਲ ਸਾਹਨੀ, ਸੋਨੂ ਪ੍ਰਭਾਕਰ, ਡਾਕਟਰ ਕੌਰ ਸਿੰਘ, ਜਰਨੈਲ ਸਿੰਘ ਕਰਤਾਰਪੁਰ, ਵਿੱਕੀ ਲਾਲਕਾ, ਗੁਰਨੈਬ ਸਿੰਘ ਰੋਹੀ ਅਤੇ ਹਰਜਿੰਦਰ ਪ੍ਰਕਾਸ਼ ਸੂਬਾ ਬਾਬਾ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਮੌਜੂਦ ਸਨ।

# ਬਾਬੂ ਪ੍ਰਸ਼ੋਤਮ ਦਾਸ ਦੀ ਅੰਤਿਮ ਅਰਦਾਸ ਮੌਕੇ ਉਮੜਿਆ ਜਨ - ਸੈਲਾਬ, ਧਨੌਲਾ ਦੇ ਇਤਿਹਾਸ ਵਿੱਚ ਯਾਦਗਾਰੀ ਹੋ ਨਿਬੜਿਆ ਸ਼ਰਧਾਂਜਲੀ ਸਮਾਗਮ

**ਅਜ਼ਾਦ ਸੋਚ, ਸ਼ੇਖਰ ਗਰਗ, ਧਨੌਲਾ, 30 ਅਪ੍ਰੈਲ**

ਕੁਝ ਸ਼ਖ਼ਸੀਅਤਾਂ ਅਜਿਹੀਆਂ ਹੁੰਦੀਆਂ ਹਨ ਜੋ ਦੁਨੀਆ ਤੋਂ ਜਾਣ ਬਾਅਦ ਵੀ ਆਪਣੇ ਚੰਗੇ ਕਰਮਾਂ ਸਦਕਾ ਲੋਕਾਂ ਦੇ ਦਿਲਾਂ ਵਿੱਚ ਹਮੇਸ਼ਾ ਜਿਉਂਦੀਆਂ ਰਹਿੰਦੀਆਂ ਹਨ , ਅਜਿਹਾ ਹੀ ਨਜ਼ਾਰਾ ਕਸਬਾ ਧਨੌਲਾ ਵਿਖੇ ਦੇਖਣ ਨੂੰ ਮਿਲਿਆ, ਜਿੱਥੇ ਬਾਬੂ ਪ੍ਰਸ਼ੋਤਮ ਦਾਸ ਜੀ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਮੌਕੇ ਇਲਾਕੇ ਦੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਦਾ ਅਥਾਹ ਇਕੱਠ ਦੇਖਣ ਨੂੰ ਮਿਲਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਚੰਡੀਗੜ੍ਹ ਤੋਂ ਆਏ ਰਿਟਾਇਰਡ ਸੈਸ਼ਨ ਜੱਜ ਐਸ.ਕੇ ਅਗਰਵਾਲ ਨੇ ਬਹੁਤ ਹੀ ਭਾਵੁਕ ਸ਼ਬਦਾਂ ਵਿੱਚ ਕਿਹਾ ਕਿ ਬਾਬੂ ਪ੍ਰਸ਼ੋਤਮ ਦਾਸ ਜੀ ਦੀ ਸਭ ਤੋਂ ਵੱਡੀ ਖੂਬੀ ਇਹ ਸੀ ਕਿ ਉਹ ਰਿਸ਼ਤੇ ਬਣਾਉਣ ਵਿੱਚ ਨਹੀਂ, ਸਗੋਂ ਰਿਸ਼ਤੇ ਨਿਭਾਉਣ ਵਿੱਚ ਵਿਸ਼ਵਾਸ ਰੱਖਦੇ ਸਨ। ਉਨ੍ਹਾਂ ਨੇ ਸਮਾਜ ਦੇ ਹਰ ਵਰਗ ਨਾਲ ਅਜਿਹੀ ਸਾਂਝ ਪਾਈ ਜੋ ਸਮੇਂ ਦੇ ਨਾਲ ਹੋਰ ਵੀ ਗੂੜ੍ਹੀ ਹੁੰਦੀ ਗਈ।

ਜੱਜ ਅਗਰਵਾਲ ਨੇ ਦੱਸਿਆ ਕਿ ਬਾਬੂ ਜੀ ਨੇ ਆਪਣੇ ਬੱਚਿਆਂ ਡਾ ਸ਼ੰਕਰ ਬਾਂਸਲ, ਗੋਪਾਲ ਕ੍ਰਿਸ਼ਨ ਅਤੇ ਸੁਰੇਸ਼ ਕੁਮਾਰ ਸਸ਼ੀ ਨੂੰ ਅਜਿਹੇ ਉੱਚੇ-ਸੁੱਚੇ ਸਮਾਜਿਕ ਸੰਸਕਾਰ ਦਿੱਤੇ ਹਨ ਕਿ ਅੱਜ ਸੈਂਕੜੇ ਸੰਸਥਾਵਾਂ ਦੇ ਨੁਮਾਇੰਦੇ ਖੁਦ ਅੱਗੇ ਹੋ ਕੇ ਪ੍ਰਬੰਧਾਂ ਦੀ ਦੇਖਭਾਲ ਕਰ ਰਹੇ ਸਨ।ਓਹਨਾ ਕਿਹਾ ਕਿ ਬਾਬੂ ਪ੍ਰਸ਼ੋਤਮ ਜੀ ਦਾ ਨਾਮ ਧਨੌਲਾ ਅਤੇ ਆਲੇ-ਦੁਆਲੇ ਦੀਆਂ ਅਨੇਕਾਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਲਈ ਇੱਕ ਮਾਰਗਦਰਸ਼ਕ ਵਜੋਂ ਜਾਣਿਆ ਜਾਂਦਾ ਸੀ।

ਵੱਖ ਵੱਖ ਬੁਲਾਰਿਆਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਧਨੌਲਾ ਦੇ ਇਤਿਹਾਸ ਵਿੱਚ ਰਿਸ਼ਤੇਦਾਰਾਂ, ਸਮਾਜ ਸੇਵੀਆਂ, ਧਾਰਮਿਕ ਸ਼ਖ਼ਸੀਅਤਾਂ ਅਤੇ ਰਾਜਨੀਤਕਾਂ ਦਾ ਇਹ ਪਹਿਲਾ ਅਜਿਹਾ ਵਿਸ਼ਾਲ ਇਕੱਠ ਦੇਖਣ ਨੂੰ ਮਿਲਿਆ ਹੈ। ਉਨ੍ਹਾਂ ਦੀ ਨਿਰਪੱਖ ਅਤੇ ਮਿਲਣਸਾਰ ਸ਼ਖ਼ਸੀਅਤ ਕਾਰਨ ਹੀ ਅੱਜ ਹਰ ਪਾਰਟੀ ਅਤੇ ਹਰ ਵਰਗ ਦੇ ਲੋਕ ਨਮ ਅੱਖਾਂ ਨਾਲ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਪਹੁੰਚੇ ਹਨ। ਐਸ ਪੀ ਬਠਿੰਡਾ ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਬਾਬੂ ਜੀ ਨੂੰ ਦੇਖ ਕੇ ਇਹ ਫ਼ਖ਼ਰ ਮਹਿਸੂਸ ਹੁੰਦਾ ਹੈ ਕਿ ਜੇ ਇਨਸਾਨ ਇਮਾਨਦਾਰੀ ਨਾਲ ਸਮਾਜਿਕ ਸਰੋਕਾਰਾਂ ਨੂੰ ਬੁਲੰਦੀਆਂ ਵੱਲ ਲੈ ਕੇ ਜਾਵੇ, ਤਾਂ ਸਾਰਾ ਇਲਾਕਾ ਉਸ ਦਾ ਆਪਣਾ ਬਣ ਜਾਂਦਾ ਹੈ। ਬਾਬੂ ਜੀ ਨੇ ਸਾਰੀ ਉਮਰ ਨਿਰਸੁਆਰਥ ਰਿਸ਼ਤੇ ਪਾਲੇ ਅਤੇ ਨਿਭਾਏ।



ਉਨ੍ਹਾਂ ਦੀ ਜ਼ਿੰਦਗੀ ਨਵੀਂ ਪੀੜ੍ਹੀ ਲਈ ਪ੍ਰੇਰਨਾ ਸਰੋਤ ਹੈ ,ਕਿ ਇੱਜ਼ਤ ਪੈਸੇ ਨਾਲ ਨਹੀਂ, ਸਗੋਂ ਚੰਗੇ ਇਖ਼ਲਾਕ ਨਾਲ ਕਮਾਈ ਜਾਂਦੀ ਹੈ। ਇਸ ਮੌਕੇ ਧਨੌਲਾ ਦੇ ਸਮਾਜਸੇਵੀ ਬਾਬੂ ਰਮੇਸ਼ਰ ਦਾਸ,ਡਾ: ਦਿਲਸ਼ਾਦ ਮੁਹੰਮਦ, ਡਾ: ਦਿਨੇਸ਼ ਗਰਗ ਗੋਪਾਲ ਫਾਰਮਾ, ਲਬੋਰੇਟਰੀ ਐਸੋਸੀਏਸ਼ਨ ਧਨੌਲਾ ਦੇ ਪ੍ਰਧਾਨ ਡਾ: ਵਿਜੇ ਕੁਮਾਰ, ਬਰਨਾਲਾ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਅਤੇ ਓਹਨਾ ਦੇ ਸਪੁੱਤਰ ਏ ਪੀ ਢਿੱਲੋਂ, ਐਮ ਪੀ ਸੰਗਰੂਰ ਗੁਰਮੀਤ ਸਿੰਘ ਮੀਤ ਹੇਅਰ, ਸੀਨੀਅਰ ਆਗੂ ਗੁਰਦੀਪ ਸਿੰਘ ਬਾਠ , ਬੀਜੇਪੀ ਆਗੂ ਕੇਵਲ ਸਿੰਘ ਢਿੱਲੋਂ , ਅਕਾਲੀ ਦਲ ਆਗੂ ਕੁਲਵੰਤ ਸਿੰਘ ਕੀਤੂ ,ਲਕਸ਼ਮੀ ਟ੍ਰੇਡਰਜ ਤੋ ਡਾਕਟਰ ਮਿਠੁਨ ਗਰਗ, ਰਕੇਸ਼ ਕੁਮਾਰ ਨੇਸ਼ੀ, ਸੀਨੀਅਰ ਕਾਂਗਰਸੀ ਆਗੂ ਅਤੇ ਕੌਂਸਲਰ ਰਜਨੀਸ਼ ਬਾਂਸਲ , ਕਾਂਗਰਸ ਦੇ ਸੀਨੀਅਰ ਆਗੂ ਸ਼ੀਨਾ ਖਾਨ ਹੰਡਾਆਇਆ ,ਦੀਪਕ ਢਾਬਾ ਦੇ ਮੈਨੇਜਿੰਗ ਡਾਇਰੈਕਟਰ ਮਨਦੀਪ ਦੁੱਗਲ, ਸੰਦੀਪ ਦੁੱਗਲ, ਸੇਵਾ ਸਦਨ ??ਦੇ ਚੇਅਰਮੈਨ ਜੈਪਾਲ ਗਰਗ, ਵਪਾਰ ਮੰਡਲ ਧਨੌਲਾ ਦੇ ਪ੍ਰਧਾਨ ਰਮਨ ਵਰਮਾ, ਸਮਾਜਸੇਵੀ ਨਰਿੰਦਰ ਮੋਹਨ ਕਾਲਾ, ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਜੀਵਨ ਬਾਂਸਲ, ਸੈਲਰ ਐਸੋਸੀਏਸ਼ਨ ਧਨੌਲਾ ਦੇ ਪ੍ਰਧਾਨ ਮੋਹਿਤ ਸਿੰਗਲਾ ਕਾਲਾ, ਬੋਨੀ ਬਾਂਸਲ , ਧਨੌਲਾ ਬੀ.ਕੇ.ਓ ਭੱਠਾ ਦੇ ਡਾਇਰੈਕਟਰ ਵਿੱਕੀ ਦਾਨਗੜੀਆ, ਸੇਠ ਅਸ਼ੋਕ ਕੁਮਾਰ ਕਾਲੇਕੇ ਵਾਲੇ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੁਰਜੀਤ ਸਿੰਘ ਸੀਤਾ, ਸਮਾਜਸੇਵੀ ਵਿੱਕੀ ਚੌਧਰੀ ( ਫਰਨੀਚਰ ਵਾਲੇ ) , ਮਿੱਠਾਸ ਹਵੇਲੀ ਦੇ ਐਮ ਡੀ ਰਮਨ ਕੁਮਾਰ ਰੋਮੀ , ਪੰਜਾਬ ਭਾਜਪਾ ਦੇ ਕਿਸਾਨ ਮੋਰਚਾ ਦੇ ਸਕੱਤਰ ਮੰਗਲ ਦੇਵ ਸ਼ਰਮਾ , ਜਿਲਾ ਯੂਥ ਅਕਾਲੀ ਦਲ ਦੇ ਪ੍ਰਧਾਨ ਸੰਦੀਪ ਸੀਪਾ ਅਸਪਾਲ ਕਲਾਂ , ਰਾਮ ਲੀਲਾ ਕਲੱਬ ਦੇ ਸਰਪ੍ਰਸਤ ਬਾਬਾ ਪੰਕਜ ਗੌਤਮ , ਜਿਲਾ ਸੇਵਾ ਪ੍ਰਮੁੱਖ ਰਕੇਸ਼ ਮਿੱਤਲ, ਆਮ ਆਦਮੀ ਪਾਰਟੀ ਦੇ ਘੱਟ ਗਿਣਤੀ ਸੈੱਲ ਵਿੰਗ ਦੇ ਜਿਲਾ ਸਕੱਤਰ ਡਾ ਸਰਾਜ ਘਣੌਰ,ਐਮ ਸੀ ਅਜੇ ਕੁਮਾਰ , ਸ਼੍ਰੀ ਸ਼ਕਤੀ ਗਾਰਮੇਂਟਸ ਤੋ ਵਿਜੈ ਕੁਮਾਰ ( ਢੱਡਰੀਆਂ ਵਾਲੇ ) ਅਤੇ ਹਰ ਸ਼ਖ਼ਸ ਦਾ ਮਨ ਇਸ ਗੱਲੋਂ ਗੌਰਵਮਈ ਸੀ ਕਿ ਉਨ੍ਹਾਂ ਨੂੰ ਅਜਿਹੀ ਨੇਕ ਰੂਹ ਦੇ ਸੰਪਰਕ ਵਿੱਚ ਆਉਣ ਦਾ ਮੌਕਾ ਮਿਲਿਆ। ਬਾਬੂ ਪ੍ਰਸ਼ੋਤਮ ਦਾਸ ਜੀ ਭਾਵੇਂ ਸਰੀਰਕ ਤੌਰ 'ਤੇ ਵਿਛੜ ਗਏ ਹਨ, ਪਰ ਉਨ੍ਹਾਂ ਦੀ ਸ਼ਖ਼ਸੀਅਤ ਦੀ ਖੁਸ਼ਬੂ ਧਨੌਲਾ ਦੀ ਫ਼ਿਜ਼ਾ ਵਿੱਚ ਹਮੇਸ਼ਾ ਮਹਿਕਦੀ ਰਹੇਗੀ।

# ਡਿਪਟੀ ਕਮਿਸ਼ਨਰ ਵਲੋਂ ਜਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਆਯੋਜਿਤ



**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ/ਮਾਲੇਰਕੋਟਲਾ, 30 ਅਪ੍ਰੈਲ**

ਪ੍ਰਧਾਨ ਜਿਲ੍ਹਾ ਸੈਨਿਕ ਬੋਰਡ-ਕਮ-ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵਲੋਂ ਜਿਲ੍ਹਾ ਸੈਨਿਕ ਬੋਰਡ, ਮਾਲੇਰਕੋਟਲਾ ਦੀ ਤਿਮਾਹੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਜਿਲ੍ਹੇ ਦੇ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ, ਸਾਬਕਾ ਸੈਨਿਕਾਂ ਦੀਆਂ ਵਿਧਵਾਵਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਦਰਪੇਸ਼ ਸਮਸਿਆਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹੀਦ ਪਰਿਵਾਰਾਂ ਅਤੇ ਸਾਬਕਾ ਸੈਨਿਕਾਂ ਨਾਲ ਸੰਬੰਧਿਤ ਪੈਂਡਿੰਗ ਮਾਮਲਿਆਂ ਦਾ ਤੁਰੰਤ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਹੋਰ ਕਿਹਾ ਕਿ ਸ਼ਹੀਦ ਪਰਿਵਾਰਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹਲ ਕੀਤਾ ਜਾਵੇਗਾ ਤਾਂ ਜੋ ਪ੍ਰਭਾਵਿਤ ਪਰਿਵਾਰਾਂ ਨੂੰ ਕਿਸੇ ਕਿਸਮ ਦੀ ਦਿਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਇਹ ਵੀ ਦਸਿਆ ਕਿ ਜਿਲ੍ਹਾ ਮਾਲੇਰਕੋਟਲਾ ਵਿਚ ਜਿਲ੍ਹਾ ਸੈਨਿਕ ਬੋਰਡ ਦੇ ਦਫਤਰ ਲਈ ਢੁਕਵੀਂ ਅਤੇ ਸੁਵਿਧਾਜਨਕ ਜਗ੍ਹਾ ਮੁਹਈਆ ਕਰਵਾਉਣ ਲਈ ਜਲਦੀ ਹੀ ਯਤਨ ਕੀਤੇ ਜਾਣਗੇ, ਤਾਂ ਜੋ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਨ। ਇਸ ਮੌਕੇ ਸਕਤਰ ਜਿਲ੍ਹਾ ਸੈਨਿਕ ਬੋਰਡ-ਕਮ-ਜਿਲ੍ਹਾ ਰਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ ਦਿਲਪ੍ਰੀਤ ਸਿੰਘ ਕੰਗ (ਰਿਟਾ.) ਵਲੋਂ ਸਾਰੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਜਿਲ੍ਹਾ ਰਖਿਆ ਸੇਵਾਵਾਂ ਭਲਾਈ ਦਫਤਰ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ। ਉਨ੍ਹਾਂ ਝੰਡਾ ਦਿਵਸ ਫੰਡ ਦੀ ਮਹਤਤਾ ਬਾਰੇ ਦਸਦੇ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਸ਼ਹੀਦਾਂ, ਨਕਾਰਾ ਹੋਏ ਸੈਨਿਕਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਦੀ ਭਲਾਈ ਲਈ ਖੁਲ੍ਹ ਕੇ ਯੋਗਦਾਨ ਪਾਇਆ ਜਾਵੇ।

# ਬੀਬੀ ਖੰਗੂੜਾ ਨੇ ਭੁਪਿੰਦਰ ਸਿੰਘ ਲਾਂਗੜੀਆਂ ਨੂੰ ਦਾ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਕੀਤਾ ਸਨਮਾਨਿਤ



**ਆਜ਼ਾਦ ਸੋਚ**
**ਕੁਲਵੰਤ ਸਿੰਘ ਮੁਹਾਲੀ/ਮਾਲੇਰਕੋਟਲਾ, 30 ਅਪ੍ਰੈਲ**

ਕਾਂਗਰਸ ਹਾਈ ਕਮਾਂਡ ਵੱਲੋਂ ਹਲਕਾ ਅਮਰਗੜ੍ਹ ਦੇ ਸੀਨੀਅਰ ਕਾਂਗਰਸ ਆਗੂ ਅਤੇ ਸਾਬਕਾ ਬਲਾਕ ਪ੍ਰਧਾਨ ਸ ਭੁਪਿੰਦਰ ਸਿੰਘ ਲਾਂਗੜੀਆਂ ਨੂੰ (ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ) ਦੇ ਮਲੇਰਕੋਟਲਾ ਦਾ ਨਵਾਂ ਜਾਂ ?ਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਮੌਕੇ ਹਲਕਾ ਅਮਰਗੜ੍ਹ ਦੇ ਸੀਨੀਅਰ ਕਾਂਗਰਸ ਆਗੂ ਬੀਬੀ ਅਮਨਦੀਪ ਕੌਰ ਖੰਗੂੜਾ ਵੱਲੋਂ ਸ ਭੁਪਿੰਦਰ ਸਿੰਘ ਲਾਂਗੜੀਆਂ ਦੇ ਘਰ ਪਹੁੰਚ ਕੇ ਉਨ੍ਹਾਂ ਨੂੰ ਇਸ ਨਿਯੁਕਤੀ ਲਈ ਵਧਾਈਆਂ ਦਿੰਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ ।ਇਸ ਮੌਕੇ ਬੀਬੀ ਖੰਗੂੜਾ ਨੇ ਕਿਹਾ ਕੀ ਸ ਭੁਪਿੰਦਰ ਸਿੰਘ ਲਾਂਗੜੀਆਂ ਦੇ ਰਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਜ਼ਿਲ੍ਹਾ ਮਾਲੇਰਕੋਟਲਾ ਦੇ ਪ੍ਰਧਾਨ ਲੱਗਣ ਤੋਂ ਜ਼ਿਲ੍ਹੇ ਅੰਦਰ ਕਾਂਗਰਸ ਪਾਰਟੀ ਦਾ ਪਬਲਿਕ ਅਧਾਰ ਹੋਰ ਵੀ ਮਜਬੂਤ ਹੋਵੇਗਾ ਕਿਉਂਕ ਸ ਭੁਪਿੰਦਰ ਸਿੰਘ ਲਾਂਗੜੀਆਂ ਇੱਕ ਮਿਹਨਤੀ ਇਨਸਾਨ ਹਨ ਜਿਨ੍ਹਾਂ ਦੀ ਅਗਵਾਈ ਵਿੱਚ ਇਸ ਸੰਗਠਨ ਨਾਲ ਵੱਡੀ ਗਿਣਤੀ ਲੋਕ ਜੁੜਨਗੇ। ਇਸ ਮੌਕੇ ਉਨ੍ਹਾਂ ਦੇ ਨਾਲ ਸ੍ਰੀ ਬਿੱਟੂ ਖੰਗੂੜਾ, ਕਾਂਗਰਸ ਆਗੂ ਰਜਿੰਦਰ ਸਿੰਘ ਰਾਜੀ, ਚੇਅਰਮੈਨ ਰੂਪ ਸਿੰਘ ਅਮਰਗੜ੍ਹ, ਬੀਬੀ ਖੰਗੂੜਾ ਦੇ ਪੀ ਏ ਸ੍ਰੀ ਧੀਰਜ ਕੁਮਾਰ ਅਤੇ ਹੋਰ ਪਾਰਟੀ ਵਰਕਰ ਵੀ ਹਾਜ਼ਰ ਸਨ।

# ਹਜ ਦੀ ਪਵਿਤਰ ਯਾਤਰਾ ਲਈ ਮਾਲੇਰਕੋਟਲਾ ਤੋਂ ਹਜ ਯਾਤਰੀਆਂ ਦਾ ਜਥਾ ਦਿਲੀ ਲਈ ਰਵਾਨਾ, ਅੱਜ ਦਿਲੀ ਏਅਰਪੋਰਟ ਤੋਂ ਮਕਾ ਮਦੀਨਾ ਲਈ ਹੋਣਗੇ ਰਵਾਨਾ



**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ/ਮਾਲੇਰਕੋਟਲਾ , 30 ਅਪ੍ਰੈਲ**

ਮੁਸਲਿਮ ਧਰਮ ਦੀ ਸਭ ਤੋਂ ਅਹਿਮ ਤੇ ਪਵਿਤਰ ਮੰਨੀ ਜਾਂਦੀ ਹਜ ਯਾਤਰਾ ਤੇ ਜਾਣ ਵਾਲੇ ਹਾਜੀਆਂ ਦਾ ਜਥਾ ਅਜ ਮਾਲੇਰਕੋਟਲਾ ਤੋਂ ਦਿਲੀ ਏਅਰਪੋਰਟ ਲਈ ਰਵਾਨਾ ਹੋਇਆ। ਹਜ ਯਾਤਰੀਆਂ ਨੂੰ ਦਿਲੀ ਲਈ ਰਵਾਨਾ ਕਰਨ ਲਈ ਸੈਂਕੜਿਆਂ ਦੀ ਗਿਣਤੀ 'ਚ ਉਨ੍ਹਾਂ ਦੇ ਰਿਸ਼ਤੇਦਾਰ ਤੇ ਹੋਰ ਸਕੇ ਸੰਬੰਧੀ ਗਲੇ ਮਿਲ ਕੇ ਉਨ੍ਹਾਂ ਦੀ ਯਾਤਰਾ ਸਫਲ ਹੋਣ ਦੀਆਂ ਦੁਆਵਾਂ ਦੇ ਰਹੇ ਸਨ। ਹਜ ਕਮੇਟੀ ਆਫ ਇੰਡੀਆ ਦੀ ਸਰਪ੍ਰਸਤੀ ਅਤੇ ਪੰਜਾਬ ਸਟੇਟ ਹਜ ਕਮੇਟੀ ਦੀ ਅਗਵਾਈ 'ਚ ਹਜ ਯਾਤਰਾ 2026 ਲਈ ਪੰਜਾਬ ਭਰ ਤੋਂ ਜਾਣ ਵਾਲੇ ਕੁਲ 310 ਹਜ ਯਾਤਰੀਆਂ 'ਚੋਂ 115 ਹਜ ਯਾਤਰੀ ਦਿਲੀ ਏਅਰਪੋਰਟ ਦੇ ਹਜ ਟਰਮੀਨਲ ਤੋਂ 01 ਮਈ 2026 ਨੂੰ ਦੁਪਹਿਰ 12:20 ਵਜੇ ਤੇ 02 ਹਾਜੀ ਰਾਤ 7 ਵਜੇ ਦੀ ਫਲਾਈਟ ਰਾਹੀਂ ਸਾਊਦੀ ਅਰਬ ਮਕਾ ਮਦੀਨਾ ਲਈ ਰਵਾਨਾ ਹੋਣਗੇ ।ਮਾਸਟਰ ਅਬਦੁਲ ਅਜ਼ੀਜ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਇਸ ਤੋਂ ਪਹਿਲਾਂ 22 ਅਪ੍ਰੈਲ 2026 ਨੂੰ 09 ਹਾਜੀ ਤੇ 26 ਅਪ੍ਰੈਲ 2026 ਨੂੰ 02 ਹਾਜੀ ਮਕਾ ਮਦੀਨਾ ਲਈ ਰਵਾਨਾ ਹੋਏ ਸਨ। ਉਨ੍ਹਾਂ ਦਸਿਆ ਕਿ ਇਸ ਤੋਂ ਇਲਾਵਾ 02 ਮਈ ਨੂੰ 125 ਹਾਜੀ ਸ਼ਾਮ 6:40 ਵਜੇ, 04 ਮਈ ਨੂੰ 06 ਹਾਜੀ ਸਵੇਰੇ 10:25 ਵਜੇ, 08 ਮਈ ਨੂੰ 27 ਹਾਜੀ ਮੁਹਾਲੀ ਇਲਾਕੇ ਦੇ ਦੁਪਹਿਰ 1:25 ਵਜੇ, 14 ਮਈ ਨੂੰ 09 ਹਾਜੀ ਸਵੇਰੇ 6:15 ਵਜੇ, 19 ਮਈ ਨੂੰ 09 ਹਾਜੀ ਸਵੇਰੇ 8:05 ਵਜੇ ਤੇ 20 ਮਈ ਨੂੰ 04 ਹਾਜੀ ਸਵੇਰੇ 8:35 ਵਜੇ ਆਖਰੀ ਫਲਾਈਟ ਰਾਹੀਂ ਦਿਲੀ ਏਅਰਪੋਰਟ ਦੇ ਹਜ ਟਰਮੀਨਲ ਤੋਂ ਸਾਊਦੀ ਅਰਬ ਮਕਾ ਮਦੀਨਾ ਲਈ ਰਵਾਨਾ ਹੋਣਗੇ। ਉਨ੍ਹਾਂ ਦਸਿਆ ਕਿ ਪੰਜਾਬ ਭਰ ਤੋਂ ਇਸ ਵਾਰ ਜਾ ਰਹੇ ਕੁਲ 310 ਹਜ ਯਾਤਰੀਆਂ 'ਚ 167 ਮਰਦ ਅਤੇ 143 ਔਰਤਾਂ ਸ਼ਾਮਲ ਹਨ। ਹਾਜੀਆਂ ਦੀ ਸਿਹਤ ਸਹੂਲਤ ਲਈ ਡਾ.ਮੁਹੰਮਦ ਬਿਲਾਲ, ਡਾ.ਮੁਹੰਮਦ ਸਾਜਿਦ ਤੇ ਡਾ.ਮੁਹੰਮਦ ਫਾਰੂਕ ਵਿਸ਼ੇਸ਼ ਤੌਰ 'ਤੇ ਹਾਜੀ ਸਾਹਿਬਾਨਾਂ ਦੀ ਸਹਾਇਤਾ ਲਈ ਸਾਊਦੀ ਅਰਬ ਮਕਾ ਮਦੀਨਾ ਵਿਖੇ ਪਹੁੰਚ ਚੁਕੇ ਹਨ।

# ਗਰੀਬ ਅਤੇ ਜ਼ਰੂਰਤਮੰਦ ਪਰਿਵਾਰ ਦੀਆਂ ਧੀਆਂ ਦੇ ਵਿਆਹ ਕਰਵਾਏ

**ਆਜ਼ਾਦ ਸੋਚ**
**ਰੂਪ ਚੰਦ ਲਵਲੀ**
**ਪਾਤੜਾਂ , 30 ਅਪ੍ਰੈਲ**

ਨੇੜਲੇ ਪਿੰਡ ਬ੍ਰਾਹਮਨਮਾਜਰਾ ਵਿਖੇ ਪਹਿਲੀ ਵਾਰ ਗਰੀਬ ਜਰੂਰਤਮੰਦ ਧੀਆ ਦੇ ਵਿਆਹ ਪਰਸ਼ੂ ਰਾਮ ਯੂਥ ਸਭਾ ਦੇ ਪ੍ਰਧਾਨ ਪਰਮਿੰਦਰ ਸ਼ਰਮਾ ਭਿੰਦਰ ਵਲੋਂ ਕਰਵਾਏ ਗਏ । ਸਮਾਜਿਕ ਭਲਾਈ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਪਹਿਲ ਕਰਦਿਆਂ ਪਰਸੂ ਰਾਮ ਯੂਥ ਸਭਾ ਵੱਲੋਂ ਪਹਿਲੀ ਵਾਰ ਗਰੀਬ ਅਤੇ ਜਰੂਰਤਮੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਵਿਆਹ ਕਰਵਾਏ ਗਏ। ਜਿਸ ਨਾਲ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ।



ਇਸ ਸਮਾਗਮ ਦੌਰਾਨ ਕਈ ਜੋੜਿਆਂ ਨੂੰ ਵਿਆਹ ਦੇ ਪਵਿੱਤਰ ਬੰਧਨ ਵਿੱਚ ਬੱਧਿਆ ਗਿਆ। ਵਿਆਹ ਸਾਦਗੀ ਢੰਗ ਨਾਲ ਅਤੇ ਰਵਾਇਤੀ ਧਾਰਮਿਕ ਰਸਮਾਂ ਅਨੁਸਾਰ ਕਰਵਾਏ ਗਏ, ਜਿਸ ਵਿੱਚ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਇਲਾਕੇ ਦੇ ਮਾਣਯੋਗ ਵਿਅਕਤੀ, ਸਮਾਜ ਸੇਵਕ ਅਤੇ ਵੱਡੀ ਗਿਣਤੀ ਵਿੱਚ ਲੋਕ ਸਾਮਿਲ ਹੋਏ।

ਪਰਮਿੰਦਰ ਸ਼ਰਮਾ ਭਿੰਦਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਮਾਜ ਵਿੱਚ ਅਜੇ ਵੀ ਕਈ ਗਰੀਬ ਪਰਿਵਾਰ ਧੀਆਂ ਦੇ ਵਿਆਹ ਨੂੰ ਆਰਥਿਕ ਬੋਝ ਸਮਝਦੇ ਹਨ। ਇਸ ਸੋਚ ਨੂੰ ਬਦਲਣ ਅਤੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਕਰਨ ਲਈ ਇਹ ਉਪਰਾਲਾ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਧੀਆਂ ਸਮਾਜ ਦਾ ਮਾਣ ਹਨ ਅਤੇ ਉਨ੍ਹਾਂ ਦੇ ਵਿਆਹ ਨੂੰ ਸਨਮਾਨ ਨਾਲ ਕਰਵਾਉਣਾ ਸਾਡੀ ਸਾਂਝੀ ਜਿੰਮੇਵਾਰੀ ਹੈ।

ਉਨ੍ਹਾਂ ਹੋਰ ਦੱਸਿਆ ਕਿ ਸਭਾ ਵੱਲੋਂ ਵਿਆਹੇ ਗਏ ਜੋੜਿਆਂ ਨੂੰ ਘਰੇਲੂ ਵਰਤੋਂ ਦਾ ਸਾਮਾਨ, ਕੱਪੜੇ ਅਤੇ ਹੋਰ ਜਰੂਰੀ ਚੀਜਾਂ ਵੀ ਦਿੱਤੀਆਂ ਗਈਆਂ, ਤਾਂ ਜੋ ਉਹ ਆਪਣੀ ਨਵੀਂ ਜਾਂ ?ਦਗੀ ਦੀ ਸ਼ੁਰੂਆਤ ਆਤਮ-ਵਿਸ਼ਵਾਸ ਅਤੇ ਖੁਸ਼ਹਾਲੀ ਨਾਲ ਕਰ ਸਕਣ।

ਇਸ ਮੌਕੇ ਮੌਜੂਦ ਮਹਿਮਾਨਾਂ ਨੇ ਪਰਸੂ ਰਾਮ ਯੂਥ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸਮੂਹਿਕ ਵਿਆਹ ਨਾ ਸਿਰਫ ਗਰੀਬ ਪਰਿਵਾਰਾਂ ਲਈ ਸਹਾਇਕ ਸਾਬਤ ਹੁੰਦੇ ਹਨ, ਸਗੋਂ ਸਮਾਜ ਵਿੱਚ ਭਾਈਚਾਰੇ, ਸਹਿਯੋਗ ਅਤੇ ਸੇਵਾ ਭਾਵਨਾ ਨੂੰ ਵੀ ਮਜਬੂਤ ਕਰਦੇ ਹਨ।

ਸਮਾਗਮ ਦੇ ਅੰਤ ਵਿੱਚ ਸਭਾ ਦੇ ਮੈਂਬਰਾਂ ਨੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਸਮਾਜਿਕ ਅਤੇ ਲੋਕ ਭਲਾਈ ਦੇ ਪ੍ਰੋਗਰਾਮ ਜਾਰੀ ਰੱਖਣ ਦਾ ਸੰਕਲਪ ਲਿਆ।

# ਧਾਰਮਿਕ ਤਸਵੀਰਾਂ ਦੀ ਬੇਅਦਬੀ ਵਿਰੁੱਧ ਰੋਸ ਪ੍ਰਗਟ



**ਆਜ਼ਾਦ ਸੋਚ**
**ਰਿਸ਼ੀਪਾਲ ਗੁਪਤਾ**
**ਬਾਦਸ਼ਾਹਪੁਰ , 30 ਅਪ੍ਰੈਲ**

ਪਟਿਆਲਾ ਜਿਲ੍ਹੇ ਦੀ ਸਬਡਵੀਜਨ ਪਾਤੜਾਂ ਦੇ ਥਾਣਾਂ ਘੱਗਾ ਦੇ ਅਧੀਨ ਪਿੰਡ ਖੇੜੀ ਨਿਗਾਹੀਆਂ ਵਿਖੇ ਇੱਕ ਵਿਅਕਤੀ ਵੱਲੋਂ ਧਾਰਮਿਕ ਤਸਵੀਰਾਂ ਦੇ ਕੀਤੀ ਗਈ ਬੇਅਦਬੀ ਨੂੰ ਲੈ ਕੇ ਧਾਰਮਿਕ ਆਗੂ ਤਰਸੇਮ ਸ਼ਰਮਾਂ ਪ੍ਰਧਾਨ ਇਲਾਹੀ ਦਰਬਾਰ ਦੀ ਅਗਵਾਈ 'ਚ ਲੋਕਾਂ ਵੱਲੋਂ ਭਾਰੀ ਰੋਸ ਜਾਹਰ ਕੀਤਾ ਗਿਆ ।ਇਸ ਮਾਮਲੇ 'ਚ ਪੁਲਿਸ ਨੇ ਦੋਸ਼ੀ ਵਿਅਕਤੀ ਦੇ ਖਿਲਾਫ ਕੇਸ ਦਰਜ ਕਰਕੇ ਇਸ ਨੂੰ ਗ੍ਰਿਫਤਾਰ ਕਰ ਲਿਆ ਹੈ ਦੋਸ਼ੀ ਵਿਅਕਤੀ ਸ਼ਰਾਬ ਦਾ ਆਦੀ ਦੱਸਿਆ ਜਾ ਰਿਹਾ ਹੈ ਅਤੇ ਇਸ ਦੀ ਪਤਨੀ ਦੀ ਸ਼ਕਾਇਤ ਤੇ ਹੀ ਇਸ ਵਿਅਕਤੀ ਦੇ ਖਿਲਾਫ ਕੇਸ ਦਰਜ ਕੀਤਾ ਗਿਆ ਹੈ।

ਇਸ ਮਾਮਲੇ ਨੂੰ ਲੈ ਕੇ ਤਰਸੇਮ ਸ਼ਰਮਾਂ ਪ੍ਰਧਾਨ ਇਲਾਹੀ ਦਰਬਾਰ ਦੀ ਅਗਵਾਈ 'ਚ ਰੋਸ ਮੁਜਾਹਰਾ ਕਰ ਰਹੇ ਲੋਕਾਂ ਨੇ ਦੱਸਿਆ ਕਿ ਪਿੰਡ ਖੇੜੀ ਨਿਗਾਈਆਂ ਵਿਖੇ ਇਕ ਵਿਅਕਤੀ ਨੇ ਇੱਕ ਸ਼ਰਮਨਾਕ ਢੰਗ ਨਾਲ ਪੀਰਾਂ ਦੀਆਂ ਤਸਵੀਰਾਂ ਦੀ ਬੇਅਦਬੀ ਕੀਤੀ ਗਈ ਹੈ ਅਤੇ ਇਸ ਤੋਂ ਵੀ ਵੱਧ ਰੋਸ ਵਾਲੀ ਗੱਲ ਇਹ ਹੈ ਕਿ ਇਸ ਵਿਅਕਤੀ ਨੇ ਇਹ ਸ਼ਰਮਨਾਕ ਕਾਰਾ ਕਰਦੇ ਸਮੇਂ ਆਪਣੇ ਹੀ ਮੋਬਾਇਲ ਨਾਲ ਇਸ ਵਿਅਕਤੀ ਨੇ ਵੀਡੀਓ ਬਣਾ ਕੇ ਸ਼ੋਸਲ ਮੀਡਿਆ ਤੇ ਵਾਇਰਲ ਕਰ ਦਿੱਤੀ ਜਿਸ ਨੂੰ ਦੇਖ ਕੇ ਪੀਰਾਂ ਨੂੰ ਮੰਨਣ ਵਾਲੀ ਲੋਕਾਂ ਦੇ ਮਨਾਂ ਨੂੰ ਭਾਰੀ ਠੇਸ ਪੁੱਜੀ ਹੈ। ਸ਼ਰਮਾਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਮੰਗ ਕੀਤੀ ਹੈ ਕਿ ਇਸ ਵਿਅਕਤੀ ਨੂੰ ਸਖਤ ਸਜਾ ਦਿੱਤੀ ਜਾਵੇ ਤਾਂ ਜੋ ਅੱਗੇ ਤੋਂ ਕੋਈ ਅਜਿਹੀ ਹਰਕਤ ਨਾਂ ਕਰ ਸਕੇ।ਇਸ ਬਾਰੇ ਥਾਣਾਂ ਘੱਗਾ ਦੇ ਮੁਖੀ ਜੈਦੀਪ ਸ਼ਰਮਾਂ ਨੇ ਦੱਸਿਆ ਕਿ ਖੇੜੀ ਨਿਗਾਹੀਆਂ ਦੀ ਰਹਿਣ ਵਾਲੀ ਜਸ਼ਨ ਕੌਰ ਨੇ ਸ਼ਕਾਇਤ ਦਰਜ਼ ਕਰਵਾਈ ਸੀ ਕਿ ਉਸ ਦਾ ਆਪਣੇ ਪਤੀ ਨਾਲ ਝਗੜਾ ਹੋ ਗਿਆ ਸੀ ਅਤੇ ਜਿਸ ਤੋਂ ਦੁਖੀ ਹੋ ਕੇ ਮੈਂ ਆਪਣੇ ਪੇਕੇ ਚਲੀ ਗਈ ਸੀ ਇਸ ਮਗਰੋਂ ਸ਼ਾਮ ਨੂੰ ਮੇਰੇ ਪਤੀ ਨੇ ਧਾਰਮਿਕ ਤਸਵੀਰਾਂ ਤੇ ਪੇਸ਼ਾਬ ਕਰਦਿਆਂ ਦੀ ਬਣਾਈ ਹੋਈ ਵੀਡੀਓ ਭੇਜ ਦਿੱਤੀ ਅਤੇ ਘਰ ਦੇ ਕੁੱਝ ਸਮਾਨ ਅੱਗ ਲਾ ਕੇ ਸਾੜ ਦਿੱਤਾ ਹੈ ਅਤੇ ਕੁੱਝ ਦੀ ਭੰਨ ਤੋੜ ਕੀਤੀ ਹੈ।ਇਸ ਸਬੰਧੀ ਲੱਕੀ ਨਾਮ ਦੇ ਇਸ ਵਿਅਕਤੀ ਦੇ ਖਿਲਾਫ ਕੇਸ ਦਰਜ ਕਰਕੇ ਇਸ ਨੂੰ ਗ੍ਰਿਫਤਾਰ ਕਰ ਲਿਆ ਹੈ।

# ਪਿੰਡ ਕੁਠਾਲਾ ਵਿਖੇ ਸ਼ੁਕਰਾਨਾ ਸਮਾਗਮ ਅਜ ਸ਼ਾਮ ਨੂੰ

**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ**
**ਮਾਲੇਰਕੋਟਲਾ, 30 ਅਪ੍ਰੈਲ**

ਨਵਾਬ ਸ਼ਾਹੀ ਰਿਆਸਤ ਮਾਲੇਰਕੋਟਲਾ ਦੇ ਇਤਿਹਾਸਿਕ ਪਿੰਡ ਕੁਠਾਲਾ ਵਿਖੇ ਦੋ ਸਾਲ ਤੋਂ ਮਾਨਵਤਾ ਦੀ ਭਲਾਈ ਕਾਰਜ ਕਰਨ ਵਾਲੀ ਸੰਸਥਾ ਸਰਬਤ ਦਾ ਭਲਾ ਸੇਵਾ ਸੋਸਾਇਟੀ ਕੁਠਾਲਾ ਦੇ ਪ੍ਰਧਾਨ ਮਾਸਟਰ ਬਲਜੀਤ ਇੰਦਰ ਸਿੰਘ ਤੇ ਗੁਰਦੁਆਰਾ ਸਾਹਿਬ ਬਾਬਾ ਤਾਰਾ ਸਿੰਘ ਦੇ ਖਜ਼ਾਨਚੀ ਰਾਮਿੰਦਰ ਸਿੰਘ ਮਾਨ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸੁਸਾਇਟੀ ਵਲੋਂ ਨਿਰਵਿਘਨ ਬੇਸਹਾਰਾ ਨਿਆਂਸਰਿਆਂ ਤੇ ਜਿੰਨਾ ਘਰਾਂ ਵਿਚ ਕੋਈ ਕਮਾਈ ਦਾ ਸਾਧਨ ਨਹੀਂ ਹੈ ਉਹਨਾਂ ਲੋਕਾਂ ਲਈ ਸੋਸਾਇਟੀ ਵਲੋਂ ਹਰ ਮਹੀਨੇ ਰਾਸ਼ਨ ਵੰਡ ਕੇ, ਦਵਾਈ ਬੂਟੀ ਦੀ ਮਦਦ ਕਰਕੇ, ਜਿਹੜੇ ਬਚੇ ਪੜ੍ਹਨਾ ਚਾਹੁੰਦੇ ਹਨ ਉਹਨਾਂ ਦੀ ਫ਼ੀਸ ਤੇ ਕਿਤਾਬਾਂ ਕਾਪੀਆਂ ਦੁਆਰਾ ਤੇ ਵਿਤੀ ਮਦਦ ਕਰਕੇ ਰਾਹਤ ਪਹੁੰਚਾਉਣ ਦਾ ਕੰਮ ਕੀਤਾ ਜਾ ਰਿਹਾ ਹੈ ਦੇ ਦੋ ਸਾਲ ਪੂਰੇ ਹੋਣ ਤੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਨ ਲਈ ਅਜ ਮਿਤੀ 1 ਮਈ 2026 ਦਿਨ ਸ਼ੁਕਰਵਾਰ ਨੂੰ ਸ਼ਾਮ 7 ਵਜੇ ਤੋਂ 10 ਵਜੇ ਤਕ ਸਿਖ ਧਰਮ ਦੇ ਪ੍ਰਸਿਧ ਪ੍ਰਚਾਰਕ ਭਾਈ ਸਾਹਿਬ ਰਣਜੀਤ ਸਿੰਘ ਢਡਰੀਆਂ ਵਾਲੇ ਦੇ ਜਥੇ ਵਲੋਂ ਗੁਰਦੁਆਰਾ ਸਾਹਿਬ ਬਾਬਾ ਤਾਰਾ ਸਿੰਘ ਵਾਲਾ ਪਿੰਡ ਕੁਠਾਲਾ ਦੇ ਅਸਥਾਨ ਤੇ ਸ਼ੁਕਰਾਨਾ ਸਮਾਗਮ ਨੂੰ ਸਮਰਪਿਤ ਧਾਰਮਿਕ ਦੀਵਾਨ ਸਜਾਏ ਜਾ ਰਹੇ ਹਨ। ਗੁਰੂ ਕੇ ਲੰਗਰ ਅਤੁਟ ਵਰਤਾਏ ਜਾਣਗੇ। ਸੋਸਾਇਟੀ ਦੇ ਮੋਹਤਵਾਰਾਂ ਵਲੋਂ ਗੁਰੂ ਪਿਆਰੀ ਸੰਗਤ ਨੂੰ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਕੇ ਸ਼ੁਕਰਾਨਾ ਸਮਾਗਮ 'ਚ ਸ਼ਿਰਕਤ ਕਰਨ ਤੇ ਗੁਰਬਾਣੀ ਦੀ ਵਿਚਾਰਧਾਰਾ ਨਾਲ ਜੁੜਕੇ ਆਪਣਾ ਜੀਵਨ ਸਫ਼ਲਾ ਕਰਨ। ਵਧੇਰੇ ਜਾਣਕਾਰੀ ਲਈ: 98550-93196, 94175-21648, 94633-30721 ਨੰਬਰਾਂ ਤੇ ਸੰਪਰਕ ਕਰ ਸਕਦੇ ਹਨ।

# ਸਹਿਕਾਰੀ ਸਭਾਵਾਂ ਦੀ ਲਿਮਿਟ ਦੇ ਪੈਸੇ ਵਾਪਿਸ ਕਰਨ ਮਗਰੋਂ ਦੁਬਾਰਾ ਪੈਸੇ ਨਾ ਮਿਲਣ ਕਾਰਨ ਕਿਸਾਨ ਪ੍ਰੇਸ਼ਾਨ : ਬੀਕੇਯੂ ਏਕਤਾ (ਸਿੱਧੂਪੁਰ)

**ਆਜ਼ਾਦ ਸੋਚ**
**ਜਗਵਿੰਦਰ ਸਿੰਘ**
**ਖਰੜ , 30 ਅਪ੍ਰੈਲ**

ਭਾਰਤੀ ਕਿਸਾਨ ਯੂਨੀਅਨ ਏਕਤਾ ( ਸਿੱਧੂਪੁਰ ) ਮਿਹਰ ਸਿੰਘ ਥੇੜੀ ਅਤੇ ਹਕੀਕਤ ਸਿੰਘ ਘੜੂੰਆਂ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਝੋਨੇ ਅਤੇ ਆਲੂਆਂ ਦੀ ਫਸਲ ਕਾਰਨ ਨੁਕਸਾਨ ਹੋਣ ਤੋਂ ਬਾਅਦ ਹੁਣ ਕਣਕ ਦੀ ਫਸਲ ਦਾ ਝਾੜ ਵੀ ਘੱਟ ਨਿਕਲਿਆ ਹੈ । ਜਿਸ ਕਾਰਨ ਕਿਸਾਨ ਨਿਰਾਸ ਹਨ । ਇਸ ਦੇ ਬਾਵਜੂਦ ਸਹਿਕਾਰੀ ਸਭਾਵਾਂ ਦੀ ਲਿਮਿਟ ਦੇ ਪੈਸੇ ਵਾਪਸ ਕਰਨ ਵਾਲੇ ਕਿਸਾਨਾਂ ਨੂੰ ਸਹਿਕਾਰੀ ਬੈਂਕ ਦੁਬਾਰਾ ਪੈਸੇ ਨਹੀਂ ਦੇ ਰਹੇ ਹਨ । ਬੈਂਕ ਅਧਿਕਾਰੀਆਂ ਅਨੁਸਾਰ ਸਰਕਾਰ ਤੋਂ ਕਿਸਾਨਾਂ ਨੂੰ ਦੁਬਾਰਾ ਲਿਮਿਟ ਦੇਣ ਦੀ ਮੰਨਜੂਰੀ ਹਾਲੇ ਨਹੀਂ ਮਿਲੀ ਹੈ ।



ਜੇਕਰ ਕਿਸਾਨਾਂ ਨੂੰ ਲਿਮਿਟ ਅਨੁਸਾਰ ਪੈਸੇ ਨਹੀਂ ਮਿਲੇ ਤਾਂ ਕਿਸਾਨ ਲਿਮਿਟ ਦੇ ਪੈਸੇ ਸਭਾਵਾਂ ਨੂੰ ਦੇਣ ਤੋਂ ਟਾਲਾ ਵੱਟਣਗੇ, ਅਜਿਹਾ ਹੋਇਆ ਤਾਂ ਕਿਸਾਨ ਅਤੇ ਸਭਾਵਾਂ ਡਿਫਾਲਟਰ ਹੋ ਜਾਣਗੀਆਂ । ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਦੋਂ ਕਿਸਾਨਾਂ ਨੇ ਪੈਸੇ ਭਰ ਦਿੱਤੇ ਹਨ ਤਾਂ ਉਨਾਂ ਨੂੰ ਦੁਬਾਰਾ ਲਿਮਿਟ ਮੁਤਾਬਕ ਪੈਸੇ ਦੇਣ ਦੀ ਹਦਾਇਤ ਕੀਤੀ ਜਾਵੇ । ਇਸ ਮੌਕੇ ਰੁਪਿੰਦਰ ਸਿੰਘ ਤੇ ਇੰਦਰਜੀਤ ਸਿੰਘ ਥੇੜੀ, ਭਗਤ ਸਿੰਘ ਸਕਰੂਲਾਪੁਰ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ, ਹਰਿੰਦਰ ਸਿੰਘ, ਮਨਿੰਦਰ ਸਿੰਘ, ਸੁਖਪ੍ਰੀਤ ਸਿੰਘ , ਗੁਰਿੰਦਰਜੀਤ ਸਿੰਘ ਘੜੂੰਆਂ , ਮੋਹਣ ਸਿੰਘ , ਅਮਰਜੀਤ ਸਿੰਘ ਬਰੌਲੀ, ਸੋਹਣ ਸਿੰਘ ਸੋਤਲ, ਭੂਪਿੰਦਰ ਸਿੰਘ ਸਿੱਲ ਕੱਪੜਾ ਆਦਿ ਮੌਜੂਦ ਸਨ ।

# ਪਿਪਸ ਵਿਖੇ ਵਿਦਿਆਰਥੀ ਕੌਂਸਲ ਦਾ ਸਹੁੰ ਚੁੱਕ ਸਮਾਗਮ

**ਆਜ਼ਾਦ ਸੋਚ**
**ਰਜਿੰਦਰ/ਸ੍ਰੀ ਚਮਕੌਰ ਸਾਹਿਬ , 30 ਅਪ੍ਰੈਲ**

ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਵਿਖੇ ਵਿਦਿਆਰਥੀ ਕੌਂਸਲ ਦੀ ਚੋਣ ਕਰ ਕੇ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਇਸ ਸਹੁੰ ਚੁੱਕ ਸਮਾਗਮ ਵਿੱਚ ਵੰਸਪ੍ਰੀਤ ਸਿੰਘ ਨੂੰ ਸਕੂਲ ਦਾ ਹੈੱਡ ਬੁਆਏ ਅਤੇ ਗੁਰਸਿਮਰਨ ਕੌਰ ਨੂੰ ਹੈੱਡ ਗਰਲ ਚੁਣਿਆ ਗਿਆ, ਇਸੇ ਤਰ੍ਹਾਂ ਮਨਰਾਜ ਸਿੰਘ ਨੂੰ ਡਿਪਟੀ ਹੈੱਡ ਬੁਆਏ ਅਤੇ ਏਕਮਪ੍ਰੀਤ ਕੌਰ ਨੂੰ ਡਿਪਟੀ ਹੈੱਡ ਗਰਲ , ਤਨਵੀਰ ਸਿੰਘ ਅਤੇ ਰਮਨਦੀਪ ਕੌਰ ਨੂੰ ਸਕੂਲ ਪ੍ਰੀਫੈਕਟ ਅਤੇ ਏਕਨੂਰ ਸਿੰਘ ਅਤੇ ਸਹਿਜਦੀਪ ਕੌਰ ਨੂੰ ਸਪੋਰਟਸ ਕੈਪਟਨ ਚੁਣਿਆ ਗਿਆ ।ਇਸੇ ਤਰ੍ਹਾਂ ਸਕੂਲ ਵਿਚ ਸਰਗਰਮ ਚਾਰੇ ਹਾਊਸਾਂ ਦੇ ਹਾਊਸ ਕੈਪਟਨ ਅਤੇ ਹਾਊਸ ਪ੍ਰੀਫੈਕਟ ਦੀ ਚੋਣ ਕਰ ਕੇ ਉਨ੍ਹਾਂ ਦਾ ਵੀ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਸਾਹਿਬਜ਼ਾਦਾ ਅਜੀਤ ਸਿੰਘ ਜੀ ਹਾਊਸ ਵਿੱਚੋਂ ਗੁਰਲੀਨ ਕੌਰ ਅਤੇ ਗੁਰਨਵਪ੍ਰੀਤ ਕੌਰ, ਸਾਹਿਬਜ਼ਾਦਾ ਜੁਝਾਰ ਸਿੰਘ ਜੀ ਹਾਊਸ ਵਿੱਚੋਂ ਪਵਨੀਤ ਕੌਰ ਅਤੇ ਜਸਨੂਰ ਸਿੰਘ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਹਾਊਸ ਵਿੱਚੋਂ ਇਸਮਜੋਤ ਕੌਰ ਅਤੇ ਐਸਮੀਨ ਕੌਰ , ਸਾਹਿਬਜ਼ਾਦਾ ਫਤਿਹ ਸਿੰਘ ਜੀ ਹਾਊਸ ਵਿੱਚੋਂ ਪ੍ਰਭਜੋਤ ਕੌਰ ਅਤੇ ਸਿਮਰਨਜੀਤ ਕੌਰ ਨੂੰ ਕ੍ਰਮਵਾਰ ਹਾਊਸ ਕੈਪਟਨ ਅਤੇ ਹਾਊਸ ਪ੍ਰੀਫੈਕਟ ਲਈ ਚੁਣਿਆ ਗਿਆ। ਚੁਣੇ ਗਏ ਸਾਰੇ ਹੀ ਮੈਂਬਰਾਂ ਨੂੰ ਆਪਣੇ ਫ਼ਰਜ਼ਾਂ ਨੂੰ ਪੂਰੀ ਇਮਾਨਦਾਰੀ ਤੇ ਲਗਨ ਨਾਲ ਨਿਭਾਉਣ ਦੀ ਪ੍ਰਿੰਸੀਪਲ ਸਰਦਾਰ ਸੁਰਜੀਤ ਸਿੰਘ ਵੱਲੋਂ ਸਹੁੰ ਚੁਕਾਈ ਗਈ। ਸਕੂਲ ਦੇ ਮੈਨੇਜਮੈਂਟ ਮੈਂਬਰ ਸਰਦਾਰ ਗੁਰਦੇਵ ਸਿੰਘ ਅਟਵਾਲ , ਮੈਡਮ ਸ਼ਿੰਦਰਪਾਲ ਕੌਰ ਅਟਵਾਲ, ਸਰਦਾਰ ਗੁਰਪਾਲ ਸਿੰਘ ਅਟਵਾਲ, ਮੈਡਮ ਪ੍ਰੀਤਪਾਲ ਕੌਰ ਅਟਵਾਲ ,ਸਰਦਾਰ ਅਰਸਦੀਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਸਰਦਾਰ ਸੁਰਜੀਤ ਸਿੰਘ ਵੱਲੋਂ ਨਵੀਂ ਚੁਣੀ ਸਟੂਡੈਂਟ ਕੌਂਸਲ ਅਤੇ ਚਾਰੇ ਹਾਊਸਾਂ ਦੇ ਹਾਊਸ ਕੈਪਟਨ ਤੇ ਪ੍ਰੀਫੈਕਟ ਨੂੰ ਵਧਾਈ ਦਿੱਤੀ ਗਈ ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ ।



# 66 ਕੇਵੀ ਮੁਬਾਰਕਪੁਰਢਾਕੋਲੀ ਲਾਈਨ ਅੱਪਗ੍ਰੇਡ ਕਾਰਨ ਅੱਜ ਕਈ ਇਲਾਕਿਆਂ ਵਿੱਚ ਬਿਜਲੀ ਬੰਦ ਰਹੇਗੀ

ਜੀਰਕਪੁਰ 30 ਅਪ੍ਰੈਲ,(ਅਵਤਾਰ ਸੈਣੀ):-66 ਕੇਵੀ ਮੁਬਾਰਕਪੁਰਢਾਕੋਲੀ ਲਾਈਨ ਦੀ ਤੁਰੰਤ ਅੱਪਗ੍ਰੇਡੇਸ਼ਨ ਕੰਮ ਦੇ ਚਲਦੇ ਅੱਜ 1 ਮਈ 2026 ਨੂੰ ਸਵੇਰੇ 12 ਵਜੇ ਤੋਂ ਦੁਪਹਿਰ 2 ਵਜੇ ਤੱਕ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ। ਇਹ ਜਾਣਕਾਰੀ ਐਸ.ਡੀ.ਓ ਟੈਕਨੀਕਲ-2 ਢਾਕੋਲੀ ਵੱਲੋਂ ਜਾਰੀ ਕੀਤੀ ਗਈ ਹੈ। ਵਿਭਾਗ ਦੇ ਅਨੁਸਾਰ, ਇਸ ਸਮੇਂ ਦੌਰਾਨ 66 ਕੇਵੀ ਬਲਟਾਣਾ ਗ੍ਰਿਡ ਅਤੇ 66 ਕੇਵੀ ਢਕੋਲੀ ਗ੍ਰਿਡ ਤੋਂ ਨਿਕਲਣ ਵਾਲੇ ਸਾਰੇ ਫੀਡਰ ਬੰਦ ਰਹਿਣਗੇ, ਜਿਸ ਕਾਰਨ ਕਈ ਇਲਾਕਿਆਂ ਵਿੱਚ ਬਿਜਲੀ ਸਪਲਾਈ ਪੂਰੀ ਤਰ੍ਹਾਂ ਪ੍ਰਭਾਵਿਤ ਰਹੇਗੀ। ਬਿਜਲੀ ਕੱਟ ਦਾ ਅਸਰ ਬਲਟਾਣਾ, ਵਧਾਵਾ ਨਗਰ, ਬਿਸ਼ਨਪੁਰਾ, ਸਿੰਘਪੁਰਾ, ਗਾਜੀਪੁਰ, ਨਗਲਾ, ਸਨੋਲੀ, ਢਕੋਲੀ, ਪੀਰ ਮੁੱਛਲਾ, ਕਿਸ਼ਨਪੁਰਾ ਅਤੇ ਇਨ੍ਹਾਂ ਨਾਲ ਜੁੜੀਆਂ ਸਾਰੀਆਂ ਸੋਸਾਇਟੀਆਂ ਅਤੇ ਕਾਲੋਨੀਆਂ ਵਿੱਚ ਪਵੇਗਾ। ਵਿਭਾਗ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਦੌਰਾਨ ਬਿਜਲੀ ਨਾਲ ਜੁੜੇ ਆਪਣੇ ਕੰਮ ਪਹਿਲਾਂ ਹੀ ਨਿਪਟਾ ਲੈਣ ਅਤੇ ਸਹਿਯੋਗ ਕਰਨ, ਤਾਂ ਜੋ ਅੱਪਗ੍ਰੇਡ ਕੰਮ ਸੁਚਾਰੂ ਢੰਗ ਨਾਲ ਪੂਰਾ ਕੀਤਾ ਜਾ ਸਕੇ।

# ਬਿਜਲੀ ਕੱਟਾਂ ਤੇ ਟੁੱਟੀਆਂ ਸੜਕਾਂ ਖਿਲਾਫ ਐਸਡੀਐਮ ਦਫਤਰ ਪਾਤੜਾਂ ਵਿੱਚ ਧਰਨਾ

**ਆਜ਼ਾਦ ਸੋਚ**
**ਰੂਪ ਚੰਦ ਲਵਲੀ**
**ਪਾਤੜਾਂ, 30 ਅਪ੍ਰੈਲ**

ਪੰਜਾਬ ਵਿੱਚ ਲਗਾਤਾਰ ਵੱਧ ਰਹੇ ਬਿਜਲੀ ਕੱਟਾਂ ਅਤੇ ਖਰਾਬ ਹੋ ਰਹਿਆ ਬੁਨਿਆਦੀ ਢਾਂਚਾ ਦੇ ਵਿਰੋਧ ਵਿੱਚ ਸ੍ਰੋਮਣੀ ਅਕਾਲੀ ਦਲ ਵੱਲੋਂ ਅੱਜ ਪਾਤੜਾਂ ਐਸ.ਡੀ.ਐਮ. ਦਫਤਰ ਦੇ ਬਾਹਰ ਵਿਸਾਲ ਰੋਸ ਧਰਨਾ ਦਿੱਤਾ ਗਿਆ। ਇਹ ਧਰਨਾ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਰਦੇਸ਼ਾਂ 'ਤੇ ਸੂਬਾ ਭਰ ਵਿੱਚ ਕੀਤੇ ਜਾ ਰਹੇ ਪ੍ਰਦਰਸਨਾਂ ਦੀ ਕੜੀ ਤਹਿਤ ਆਯੋਜਿਤ ਕੀਤਾ ਗਿਆ।



ਇਹ ਰੋਸ ਧਰਨਾ ਜਾਂ ?ਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਅਤੇ ਹਲਕਾ ਸਤਰਾਣਾ ਇੰਚਾਰਜ ਬਾਬੂ ਕਬੀਰ ਦਾਸ ਦੀ ਅਗਵਾਈ ਹੇਠ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਆਗੂਆਂ ਨੇ ਸਮੂਲੀਅਤ ਕੀਤੀ।

ਧਰਨੇ ਨੂੰ ਸੰਬੋਧਨ ਕਰਦੇ ਹੋਏ ਬਾਬੂ ਕਬੀਰ ਦਾਸ ਅਤੇ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਚੋਣ ਵਾਅਦਿਆਂ 'ਤੇ ਖਰੀ ਉਤਰਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਅਤੇ ਸਹਿਰਾਂ ਵਿੱਚ ਲੰਬੇ ਬਿਜਲੀ ਕੱਟਾਂ ਕਾਰਨ ਲੋਕ ਗੰਭੀਰ ਪਰੇਸਾਨੀ ਦਾ ਸਾਹਮਣਾ ਕਰ ਰਹੇ ਹਨ। ਇਸ ਦੇ ਨਾਲ ਹੀ ਪਿੰਡਾਂ ਨੂੰ ਜਾਂਦੀਆਂ ਸੜਕਾਂ ਦੀ ਖਸਤਾ ਹਾਲਤ, ਜਿੱਥੇ ਵੱਡੇ-ਵੱਡੇ ਖੱਡੇ ਪਏ ਹਨ, ਲੋਕਾਂ ਲਈ ਰੋਜਾਨਾ ਮੁਸਕਲਾਂ ਦਾ ਕਾਰਨ ਬਣ ਰਹੇ ਹਨ ।

ਉਨ੍ਹਾਂ ਦੋਸ ਲਾਇਆ ਕਿ ਪੰਜਾਬ ਸਰਕਾਰ ਸਿਰਫ ਇਸ਼ਤਿਹਾਰਬਾਜੀ ਅਤੇ ਵੱਡੇ-ਵੱਡੇ ਦਾਅਵਿਆਂ ਤੱਕ ਹੀ ਸੀਮਿਤ ਹੈ, ਜਦਕਿ ਜਮੀਨੀ ਹਕੀਕਤ ਬਿਲਕੁਲ ਵੱਖਰੀ ਹੈ। ਲੋਕ ਮੂਲ ਸਹੂਲਤਾਂ ਲਈ ਤਰਸ ਰਹੇ ਹਨ ਅਤੇ ਸਰਕਾਰ ਉਨ੍ਹਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦੇ ਰਹੀ।

ਇਸ ਮੌਕੇ ਗੁਰਬਚਨ ਸਿੰਘ ਮੌਲਵੀਵਾਲਾ, ਜੋਗਿੰਦਰ ਸਿੰਘ ਬਾਵਾ, ਜੋਗਾ ਸਿੰਘ ਸਿੱਧੂ, ਅਜੈਬ ਸਿੰਘ ਮੱਲੀ, ਲਖਵਿੰਦਰ ਸਿੰਘ ਸੰਧੂ, ਲਖਵਿੰਦਰ ਸਿੰਘ ਮੌਲਵੀਵਾਲਾ, ਬਚਿੱਤਰ ਸਿੰਘ ਵੜੈਚ, ਜਸਪਾਲ ਸਿੰਘ, ਹਰਦੀਪ ਸਿੰਘ ਖਾਗ, ਰਸਪਾਲ ਸਿੰਘ ਨਿਆਲ, ਸਿਕੰਦਰ ਸਿੰਘ ਦੁਗਾਲ, ਵਿਨੋਦ ਜਿੰਦਲ, ਅਮਰੀਕ ਸਿੰਘ, ਮਹਿੰਦਰ ਸਿੰਘ ਲਾਲਵਾ, ਸੁਖਜੀਤ ਸਿੰਘ ਬਕਰਾਹਾ, ਭੁਪਿੰਦਰ ਸਿੰਘ ਸੇਲਵਾਲਾ, ਮੰਗਾ ਸਿੰਘ, ਸਤਨਾਮ ਸਿੰਘ, ਤਮਕੌਰ ਸਿੰਘ ਨਿਆਲ, ਗੁਰਜੀਤ ਸਿੰਘ ਉਗੋਕੇ, ਗੁਰਮੇਲ ਸਿੰਘ ਧਨੇਠਾ, ਡਾ. ਬਹਾਦਰ ਸਿੰਘ, ਨਿਧਾਨ ਸਿੰਘ ਜੈਖਰ ਸਮੇਤ ਕਈ ਹੋਰ ਆਗੂ ਅਤੇ ਵਰਕਰ ਮੌਜੂਦ ਸਨ।

# ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਮਿਲਾਵਟ ਨੂੰ ਰੋਕਣ ਲਈ ਮੁਹਿੰਮ



**ਆਜ਼ਾਦ ਸੋਚ**
**ਹਰਵਿੰਦਰ ਲਾਲੀ**
**ਪਟਿਆਲਾ, 30 ਅਪ੍ਰੈਲ**

ਆਮ ਲੋਕਾਂ ਲਈ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਮਿਲਾਵਟ ਨੂੰ ਰੋਕਣ ਲਈ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਪਟਿਆਲਾ ਫੂਡ ਸੇਫਟੀ ਵਿਭਾਗ ਦੀ ਟੀਮ ਨੇ ਦੋ ਦਿਨਾਂ ਵਿੱਚ ਭੋਜਨ ਪਦਾਰਥਾਂ ਦੇ 10 ਸੈਂਪਲ ਭਰੇ ਹਨ।

ਜ਼ਿਲ੍ਹਾ ਫੂਡ ਸੇਫਟੀ ਅਫਸਰ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਐ.ਡੀ.ਏ. ਕਮਿਸਨਰ ਕਵਲਪ੍ਰੀਤ ਬਰਾੜ ਕੌਰ ਦੀ ਅਗਵਾਈ ਹੇਠ ਫੂਡ ਸੇਫਟੀ ਵਿਭਾਗ ਜਾਂ ?ਲ੍ਹਾ ਪਟਿਆਲਾ, ਜਿਸ ਵਿੱਚ ਡੀ.ਐਚ.ਓ. ਡਾ. ਗੁਰਪ੍ਰੀਤ ਕੌਰ ਅਤੇ ਫੂਡ ਸੇਫਟੀ ਅਫਸਰ ਤਰੁਣ ਬਾਂਸਲ, ਗੌਰਵ ਕੁਮਾਰ ਅਤੇ ਲਵਪ੍ਰੀਤ ਸਿੰਘ ਸਾਮਲ ਸਨ, ਨੇ 28 ਅਤੇ 29 ਅਪ੍ਰੈਲ ਨੂੰ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਮਿਲਾਵਟ ਨੂੰ ਰੋਕਣ ਲਈ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ ਇਨਫੋਰਸਮੈਂਟ ਅਤੇ ਨਿਗਰਾਨੀ ਗਤੀਵਿਧੀਆਂ ਕੀਤੀਆਂ।

ਡਾ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਮਿਤੀ 28 ਅਪ੍ਰੈਲ ਨੂੰ ਸਮਾਣਾ ਤੋਂ ਕੁੱਲ ਪੰਜ ਇਨਫੋਰਸਮੈਂਟ ਨਮੂਨੇ ਇਕੱਠੇ ਕੀਤੇ ਗਏ, ਜਿਸ ਵਿੱਚ ਸੌਡਾ 3 ਨਮੂਨੇ, ਵਰਤਿਆ ਹੋਇਆ ਖਾਣਾ ਪਕਾਉਣ ਵਾਲਾ ਤੇਲ 1 ਨਮੂਨਾ ਅਤੇ ਨਮਕੀਨ ਦਾ 1 ਨਮੂਨਾ ਸਾਮਲ ਹੈ। ਉਨ੍ਹਾਂ ਦੱਸਿਆ ਕਿ ਮਿਤੀ 29 ਅਪ੍ਰੈਲ ਨੂੰ ਨਾਭਾ ਅਤੇ ਪਟਿਆਲਾ ਤਹਿਸੀਲ ਤੋਂ ਕੁੱਲ ਪੰਜ ਨਮੂਨੇ ਇਕੱਠੇ ਕੀਤੇ ਗਏ ਜਿਨ੍ਹਾਂ ਵਿੱਚ ਸਾਮਲ ਹਨ ਸਰ੍ਹੋਂ ਦੇ ਤੇਲ ਦੇ 4 ਨਮੂਨੇ, ਮਿਲਾਵਟ ਸਬੰਧੀ 1 ਨਮੂਨੇ ਸਮੇਤ ਨਿਰੀਖਣ ਦੌਰਾਨ, ਮਿਲਾਵਟ ਦੇ ਸੱਕ 'ਤੇ ਲਗਭਗ 1000 ਕਿਲੋਗ੍ਰਾਮ ਸਰ੍ਹੋਂ ਦਾ ਤੇਲ ਵੀ ਜਬਤ ਕੀਤਾ ਗਿਆ ਹੈ।ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਵਿਭਾਗ ਜਨਤਕ ਸਿਹਤ ਦੀ ਰੱਖਿਆ ਅਤੇ ਸੁਰੱਖਿਅਤ ਅਤੇ ਪੌਸਟਿਕ ਭੋਜਨ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

# ਚੋਣਾਂ ਨੇੜੇ ਆਉਂਦਿਆਂ ਹੀ ਜੀਰਕਪੁਰ ਵਾਸੀਆਂ ਦੀਆਂ ਸਮੱਸਿਆਵਾਂ ਕਿਉਂ ਯਾਦ ਆਉਂਦੀਆਂ ?

**ਆਜ਼ਾਦ ਸੋਚ**
**ਅਵਤਾਰ ਸੈਣੀ**
**ਜੀਰਕਪੁਰ , 30 ਅਪ੍ਰੈਲ**



ਜੀਰਕਪੁਰ ਸਹਿਰ ਵਿੱਚ ਨਗਰ ਕੌਂਸਲ ਚੋਣਾਂ ਨੇੜੇ ਆਉਂਦਿਆਂ ਹੀ ਰਾਜਨੀਤਿਕ ਗਤੀਵਿਧੀਆਂ ਤੇਜ ਹੋ ਗਈਆਂ ਹਨ। ਜਿੱਥੇ ਇੱਕ ਪਾਸੇ ਵੱਖ-ਵੱਖ ਪਾਰਟੀਆਂ ਦੇ ਆਗੂ ਲੋਕਾਂ ਨਾਲ ਸੰਪਰਕ ਵਧਾਉਣ ਵਿੱਚ ਲੱਗੇ ਹੋਏ ਹਨ, ਉੱਥੇ ਦੂਜੇ ਪਾਸੇ ਸਹਿਰ ਵਾਸੀਆਂ ਵੱਲੋਂ ਵੀ ਸਖਤ ਸਵਾਲ ਖੜੇ ਕੀਤੇ ਜਾ ਰਹੇ ਹਨ। ਅਜਿਹੇ ਸਵਾਲ ਲੈ ਕੇ ਜੀਰਕਪੁਰ ਦੀ ਸਮਾਜਸੇਵੀ ਸੰਸਥਾ "ਹਿਊਮਨ ਰਾਈਟ ਵੈਲਫੇਅਰ ਐਸੋਸੀਏਸ਼ਨ" ਦੇ ਪ੍ਰਧਾਨ ਜਥੇਦਾਰ ਹਰਬੰਸ ਸਿੰਘ ਦਾ ਕਹਿਣਾ ਹੈ ਕਿ ਪਿਛਲੇ ਚਾਰ ਸਾਲਾਂ ਦੌਰਾਨ ਉਹਨਾਂ ਦੀਆਂ ਬੁਨਿਆਦੀ ਸਮੱਸਿਆਵਾਂ ਵੱਲ ਕਿਸੇ ਨੇ ਧਿਆਨ ਨਹੀਂ ਦਿੱਤਾ, ਪਰ ਹੁਣ ਚੋਣਾਂ ਦੇ ਮੌਕੇ 'ਤੇ ਹਰ ਕੋਈ ਸੇਵਾ ਦਾ ਦਾਅਵਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਰਹਿੰਦੇ ਨਿਵਾਸੀਆਂ ਆਉਂਦੀਆਂ ਸਮੱਸਿਆਵਾਂ ਜਿਵੇਂ ਕਿ ਪੀਣ ਵਾਲੇ ਪਾਣੀ ਦੀ ਕਮੀ, ਖਰਾਬ ਸੜਕਾਂ, ਸਫਾਈ ਦੀ ਮੰਦ ਹਾਲਤ ਅਤੇ ਟ੍ਰੈਫਿਕ ਜਾਮ ਵਰਗੀਆਂ ਸਮੱਸਿਆਵਾਂ ਲੰਬੇ ਸਮੇਂ ਤੋਂ ਜਿਉਂ ਦੀ ਤਿਉਂ ਬਣੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕੀ ਇਸ ਦੇ ਬਾਵਜੂਦ, ਨਾ ਤਾਂ ਕਿਸੇ ਆਗੂ ਨੇ ਮੌਕੇ 'ਤੇ ਆ ਕੇ ਹਾਲਾਤਾਂ ਦਾ ਜਾਇਜਾ ਲਿਆ ਅਤੇ ਨਾ ਹੀ ਕਿਸੇ ਤਰ੍ਹਾਂ ਦਾ ਢੰਗ ਦਾ ਹੱਲ ਕੱਢਿਆ ਗਿਆ। ਉਨ੍ਹਾਂ ਕਿਹਾ ਕਿ ਹੁਣ ਜਦੋਂ ਚੋਣਾਂ ਦਾ ਸਮਾਂ ਨੇੜੇ ਆ ਗਿਆ ਹੈ, ਤਾਂ ਕਈ ਰਾਜਨੀਤਿਕ ਆਗੂ ਲੋਕਾਂ ਨੂੰ ਫੋਨ ਕਰਕੇ ਜਾਂ ਵਟਸਐਪ ਗਰੁੱਪਾਂ ਰਾਹੀਂ ਉਹਨਾਂ ਦੀਆਂ ਸਮੱਸਿਆਵਾਂ ਬਾਰੇ ਪੁੱਛ ਰਹੇ ਹਨ। ਜਥੇਦਾਰ ਹਰਬੰਸ ਸਿੰਘ ਦਾ ਕਹਿਣਾ ਹੈ ਕਿ ਇਹਨਾਂ ਗੱਲਾਂ ਕਰ ਕੇ ਲੋਕਾਂ ਵਿੱਚ ਰਾਜਨੀਤਕ ਆਗੂਆਂ ਲਈ ਗੁੱਸਾ ਅਤੇ ਨਾਰਾਜਗੀ ਪੈਦਾ ਕਰ ਦਿੱਤੀ ਹੈ। ਜਥੇਦਾਰ ਹਰਬੰਸ ਸਿੰਘ ਨੇ ਕਿਹਾ, "ਜੇ ਇਹ ਲੋਕ ਪਹਿਲਾਂ ਹੀ ਸਾਡੀਆਂ ਸਮੱਸਿਆਵਾਂ ਸੁਣ ਲੈਂਦੇ ਤਾਂ ਅੱਜ ਇਹ ਹਾਲਤ ਨਾ ਹੁੰਦੀ। ਹੁਣ ਸਿਰਫ ਵੋਟਾਂ ਲਈ ਸਾਡੇ ਕੋਲ ਆ ਰਹੇ ਹਨ।" ਉਨ੍ਹਾਂ ਨੇ ਇਹ ਵੀ ਦੱਸਿਆ ਕਿ ਚੋਣਾਂ ਦੇ ਦੌਰਾਨ ਵੋਟਾਂ ਲੈਣ ਲਈ ਵੱਡੇ-ਵੱਡੇ ਵਾਅਦੇ ਕੀਤੇ ਜਾਂਦੇ ਹਨ, ਪਰ ਜਿੱਤਣ ਤੋਂ ਬਾਅਦ ਉਹਨਾਂ ਨੂੰ ਪੂਰਾ ਕਰਨ ਦੀ ਕੋਈ ਕੋਸ਼ਾਂ ?ਸ ਨਹੀਂ ਹੁੰਦੀ।

ਉਨ੍ਹਾਂ ਕਿਹਾ ਕਿ ਇਸ ਵਾਰੀ ਲੋਕ ਜਿਆਦਾ ਸਚੇਤ ਹਨ ਅਤੇ ਉਹ ਉਹਨਾਂ ਉਮੀਦਵਾਰਾਂ ਨੂੰ ਹੀ ਤਰਜੀਹ ਦੇਣਗੇ ਜੋ ਪਿਛਲੇ ਸਮੇਂ ਵਿੱਚ ਵੀ ਮੈਦਾਨ 'ਚ ਨਜਰ ਆਏ ਹਨ। ਜਥੇਦਾਰ ਹਰਬੰਸ ਸਿੰਘ ਦਾ ਮੰਨਣਾ ਹੈ ਕਿ ਇਹ ਸਮਾਂ ਸਿਰਫ ਵਾਅਦਿਆਂ ਦਾ ਨਹੀਂ, ਸਗੋਂ ਪਿਛਲੇ ਕੰਮਾਂ ਦਾ ਹਿਸਾਬ ਦੇਣ ਦਾ ਹੈ। ਲੋਕ ਹੁਣ ਸਿਰਫ ਗੱਲਾਂ 'ਤੇ ਨਹੀਂ, ਸਗੋਂ ਅਸਲ ਕਾਰਗੁਜਾਰੀ 'ਤੇ ਭਰੋਸਾ ਕਰ ਰਹੇ ਹਨ। ਅਜਿਹੇ ਹਾਲਾਤਾਂ ਵਿੱਚ ਇਹ ਦੇਖਣਾ ਦਿਲਚਸਪ ਹੋਵੇਗਾ ਕਿ ਕੀ ਰਾਜਨੀਤਿਕ ਆਗੂ ਲੋਕਾਂ ਦੇ ਭਰੋਸੇ 'ਤੇ ਖਰੇ ਉਤਰਦੇ ਹਨ ਜਾਂ ਫਿਰ ਇਹ ਸਭ ਕੁਝ ਚੋਣੀ ਰਣਨੀਤੀ ਦਾ ਹਿੱਸਾ ਹੀ ਸਾਬਤ ਹੁੰਦਾ ਹੈ।

# ਭਾਜਪਾ ਵਿੱਚ ਸਾਮਲ ਹੋਣ ਵਾਲੇ ਪਤਵੰਤਿਆਂ ਦਾ ਸੰਜੀਵ ਖੰਨਾ ਵੱਲੋਂ ਸਵਾਗਤ

**ਆਜ਼ਾਦ ਸੋਚ**
**ਅਵਤਾਰ ਸੈਣੀ/ਜੀਰਕਪੁਰ, 30 ਅਪ੍ਰੈਲ**

ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਤੋਂ ਪਹਿਲਾਂ ਜੀਰਕਪੁਰ ਵਿੱਚ ਭਾਰਤੀਯ ਜਨਤਾ ਪਾਰਟੀ (ਭਾਜਪਾ) ਨੂੰ ਲੋਕ ਸਮਰਥਨ ਲਗਾਤਾਰ ਵੱਧਦਾ ਨਜਰ ਆ ਰਿਹਾ ਹੈ। ਇਸੀ ਕੜੀ ਵਿੱਚ ਕਰਵਾਏ ਗਏ ਇੱਕ ਪ੍ਰੋਗਰਾਮ ਦੌਰਾਨ ਵੱਖ-ਵੱਖ ਸਮਾਜਿਕ ਸੰਸਥਾਵਾਂ ਨਾਲ ਜੁੜੇ ਕਈ ਗਣਮਾਨਿਆ ਵਿਅਕਤੀਆਂ ਨੇ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਦੀ ਮੈਂਬਰਸ਼ਾਂ ?ਪ ਲਈ। ਇਹ ਪ੍ਰੋਗਰਾਮ ਡੇਰਾਬੱਸੀ ਹਲਕਾ ਇੰਚਾਰਜ ਅਤੇ ਪ੍ਰਦੇਸ ਸਕੱਤਰ ਸੰਜੀਵ ਖੰਨਾ ਦੀ ਅਧਿਆਕਸਤਾ ਹੇਠ ਸ੍ਰੀ ਰਾਮ ਸੇਵਾ ਸੰਘ ਦੇ ਪ੍ਰਧਾਨ ਅਤੇ ਭਾਜਪਾ ਜੀਰਕਪੁਰ ਸਰਕਲ-1 ਦੇ ਪ੍ਰਭਾਰੀ ਸੁਧੀਰ ਕਾਂਟੀਵਾਲ ਦੇ ਨਿਵਾਸ ਸਥਾਨ 'ਤੇ ਆਯੋਜਿਤ ਕੀਤਾ ਗਿਆ। ਇਸ ਮੌਕੇ ਸੁਧੀਰ ਕਾਂਟੀਵਾਲ ਨੇ ਦੱਸਿਆ ਕਿ ਢਕੋਲੀ ਵੈਲਫੇਅਰ ਐਸੋਸੀਏਸਨ, ਜੀਰਕਪੁਰ ਵੈਲਫੇਅਰ ਐਸੋਸੀਏਸਨ ਅਤੇ ਸ੍ਰੀ ਰਾਮ ਸੇਵਾ ਸੰਘ ਨਾਲ ਜੁੜੇ ਸਾਥੀਆਂ ਨੇ ਭਾਜਪਾ ਦੀਆਂ ਜਨਕਲਿਆਣਕਾਰੀ ਨੀਤੀਆਂ ਅਤੇ ਨੇਤ੍ਰਿਤਵ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸਾਮਲ ਹੋਣ ਦਾ ਫੈਸਲਾ ਕੀਤਾ ਹੈ। ਇਸ ਦੌਰਾਨ ਭਾਜਪਾ ਵਿੱਚ ਸਾਮਲ ਹੋਣ ਵਾਲਿਆਂ ਵਿੱਚ ਡੇਰਾਬੱਸੀ ਨਗਰ ਕੌਂਸਲ ਦੇ ਪੂਰਵ ਪ੍ਰਧਾਨ ਰਣਜੀਤ ਸਿੰਘ ਰੈਡੀ, ਜੀਰਕਪੁਰ ਦੇ ਵਾਰਡ ਨੰਬਰ 10 ਦੇ ਪੂਰਵ ਪਾਰਸਦ ਜਗਦੇਵ ਸਿੰਘ ਪੂਨੀਆ, ਹਰਦੀਪ ਸਿੰਘ (ਗਾਜੀਪੁਰ), ਯੋਗੇਸ ਅਰੋੜਾ, ਅਮਰਜੀਤ ਸਿੰਘ, ਰੋਹਿਤ ਤਿਆਗੀ, ਯੋਗੇਸ ਸਰਮਾ, ਮੰਜੀਤ ਸਿੰਘ, ਕਲਸ ਬੇਰੀ, ਐਨ. ਪਾਂਡੇ, ਅਨਿਲ ਕੁਮਾਰ, ਸੁਮਿਤ ਅਤੇ ਸੰਤ ਰਾਮ ਸਾਮਲ ਸਨ, ਜਿਨ੍ਹਾਂ ਦਾ ਸੰਜੀਵ ਖੰਨਾ ਵੱਲੋਂ ਆਭਾਰ ਪ੍ਰਗਟ ਕੀਤਾ ਗਿਆ। ਪ੍ਰੋਗਰਾਮ ਵਿੱਚ ਐਸਸੀ ਮੋਰਚਾ ਪ੍ਰਧਾਨ ਰਾਧੇ ਸ਼ਾਂ ?ਆਮ, ਭਾਜਪਾ ਨੇਤਰੀ ਰਾਸੀ, ਪ੍ਰਤਿਭਾ ਸਮੇਤ ਪਾਰਟੀ ਦੇ ਹੋਰ ਪਦਾਧਿਕਾਰੀ ਅਤੇ ਕਾਰਕੁਨ ਵੀ ਮੌਜੂਦ ਰਹੇ। ਨੇਤਾਵਾਂ ਨੇ ਸਾਰੇ ਨਵੇਂ ਮੈਂਬਰਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਜੁੜਾਅ ਨਾਲ ਸੰਗਠਨ ਹੋਰ ਮਜਬੂਤ ਹੋਵੇਗਾ ਅਤੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਪਾਰਟੀ ਨੂੰ ਲਾਭ ਮਿਲੇਗਾ।

